


# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ




PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year 43 Issue 2 | Chief Editor : Chowdhary Prabhjit Singh, | Editor : Chhatarpal Singh 98145-32807 | Wednesday 10 June 2026 | Price : 2 Rs. | Page :6


## ਇੱਕ ਮਹੀਨੇ ’ਚ ਰਿਸ਼ਵਤਖੋਰੀ ਦੇ ਛੇ ਮਾਮਲਿਆਂ ਵਿੱਚ 8 ਸਰਕਾਰੀ ਕਰਮਚਾਰੀ ਕਾਬੂ: ਵਿਜੀਲੈਂਸ ਬਿਊਰੋ

**ਚੰਡੀਗੜ੍ਹ, 9 ਜੂਨ/-ਪੱਤਰ ਪ੍ਰੇਰਕ-** ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਆਪਣੀ ਮੁਹਿੰਮ ਦੌਰਾਨ ਕਾਰਵਾਈ ਕਰਦਿਆਂ ਮਈ ਮਹੀਨੇ ਵਿੱਚ 6 ਵੱਖ-ਵੱਖ ਟਰੈਪ ਰਾਹੀਂ ਰਿਸ਼ਵਤ ਲੈਂਦੇ 8 ਸਰਕਾਰੀ ਕਰਮਚਾਰੀਆ ਨੂੰ ਰੰਗੇ ਹੱਥੀਂ ਕਾਬੂ ਕੀਤਾ ਹੈ। ਪੰਜਾਬ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਬਿਊਰੋ ਨੇ ਇਸ ਸਮੇਂ ਦੌਰਾਨ ਸਰਕਾਰੀ ਕਰਮਚਾਰੀਆਂ ਅਤੇ ਹਰ ਖੇਤਰ ਵਿੱਚ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਲਈ ਪੁਰਜ਼ੋਰ ਕੋਸ਼ਿਸ਼ ਕੀਤੀ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਵਿਜੀਲੈਂਸ ਬਿਊਰੋ ਨੇ ਪਿਛਲੇ ਮਹੀਨੇ ਵੱਖ-ਵੱਖ ਸਮਰੱਥ ਅਦਾਲਤਾਂ ਵਿੱਚ 19 ਵਿਜੀਲੈਂਸ ਮਾਮਲਿਆਂ ਨਾਲ ਸਬੰਧਤ ਚਲਾਨ ਪੇਸ਼ ਕੀਤੇ ਹਨ। ਇਸ ਤੋਂ ਇਲਾਵਾ 8 ਸਰਕਾਰੀ ਕਰਮਚਾਰੀਆਂ ਸਣੇ ਕੁੱਲ 14 ਜਣਿਆਂ ਖ਼ਿਲਾਫ਼ 4 ਅਪਰਾਧਿਕ ਕੇਸ ਦਰਜ ਕੀਤੇ ਹਨ। ਪੰਜਾਬ ਦੀਆਂ ਵੱਖ-ਵੱਖ ਅਦਾਲਤਾਂ ਨੇ ਪਿਛਲੇ ਮਹੀਨੇ ਵਿਜੀਲੈਂਸ ਬਿਊਰੋ ਵੱਲੋਂ ਦਾਇਰ ਕੀਤੇ ਦੋ ਰਿਸ਼ਵਤਖੋਰੀ ਦੇ ਮਾਮਲਿਆਂ ਦਾ ਫੈਸਲਾ ਸੁਣਾਇਆ ਹੈ, ਜਿਸ ਵਿੱਚ ਅੱਠ ਵਿਅਕਤੀਆਂ ਨੂੰ ਦੋਸ਼ੀ ਠਹਿਰਾਇਆ ਗਿਆ ਅਤੇ ਤਿੰਨ ਸਾਲ ਤੋਂ ਪੰਜ ਸਾਲ ਦੀ ਕੈਦ ਸਮੇਤ 10,000 ਰੁਪਏ ਤੋਂ 28,000 ਰੁਪਏ ਤੱਕ ਦੇ ਜੁਰਮਾਨੇ ਦੀ ਸਜ਼ਾ ਸੁਣਾਈ ਗਈ।

ਦੱਸਣਯੋਗ ਹੈ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਦਿਨੀਂ ਵਿਜੀਲੈਂਸ ਬਿਊਰੋਂ ਵੱਲੋਂ ਰਿਸ਼ਵਤਖੋਰਾਂ ਵਿੱਚ ਦਰਜ ਕੀਤੇ ਜਾਣ ਵਾਲੇ ਵੱਡੀ ਗਿਣਤੀ ਕੇਸਾਂ ਦਾ ਜਲਦ ਤੋਂ ਜਲਦ ਨਿਪਟਾਰਾ ਕਰਾਉਣ ਲਈ ਸੂਬੇ ਵਿੱਚ 7 ਨਵੀਂਆਂ ਵਿਸ਼ੇਸ਼ ਅਦਾਲਤਾ ਸਥਾਪਤ ਕਰਨ ਦਾ ਫੈਸਲਾ ਕੀਤਾ ਹੈ, ਜਿਸ ਨੂੰ ਪੰਜਾਬ ਮੰਤਰੀ ਮੰਡਲ ਵੱਲੋਂ ਵੀ ਪ੍ਰਵਾਨਗੀ ਦੇ ਦਿੱਤੀ ਹੈ।

ਇਸ ਵਿਚੋਂ ਮੁਹਾਲੀ ਵਿੱਚ ਤਿੰਨ, ਜਲੰਧਰ, ਲੁਧਿਆਣਾ, ਅੰਮ੍ਰਿਤਸਰ ਤੇ ਪਟਿਆਲਾ ਵਿੱਚ ਇਕ-ਇਕ ਅਦਾਲਤ ਸਥਾਪਤ ਕੀਤੀ ਜਾਵੇਗੀ। ਹਾਲਾਂਕਿ ਪੰਜਾਬ ਮੰਤਰੀ ਮੰਡਲ ਨੇ ਅਦਾਲਤਾਂ ਦੇ ਕੰਮਕਾਜ ਲਈ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜਾਂ ਦੀਆਂ 7 ਅਸਾਮੀਆਂ ਦੇ ਨਾਲ-ਨਾਲ ਸਹਾਇਕ ਸਟਾਫ਼ ਦੀਆਂ 63 ਅਸਾਮੀਆਂ ਸਿਰਜਣ ਦੀ ਪ੍ਰਵਾਨਗੀ ਦੇ ਦਿੱਤੀ ਹੈ।

## ਪੇਪਰ ਲੀਕ ਦੇ ਮੁਲਜ਼ਮ ਨੇ ਨੀਟ ਦੀ ਮੁੜ-ਪ੍ਰੀਖਿਆ ’ਚ ਸ਼ਾਮਲ ਹੋਣ ਲਈ ਅੰਤਰਿਮ ਜ਼ਮਾਨਤ ਮੰਗੀ

**ਨਵੀਂ ਦਿੱਲੀ, 9 ਜੂਨ/-ਪੱਤਰ ਪ੍ਰੇਰਕ-** ਰਾਊਜ਼ ਐਵੇਨਿਊ ਕੋਰਟ ਨੇ ਨੈਸ਼ਨਲ ਐਲੀਜਿਬਿਲਿਟੀ ਕਮ ਐਂਟਰੈਂਸ ਟੈਸਟ (NEET)-UG ਪੇਪਰ ਲੀਕ ਦੇ ਮੁਲਜ਼ਮ ਯਸ਼ ਯਾਦਵ ਵੱਲੋਂ ਦਾਇਰ ਕੀਤੀ ਗਈ ਅੰਤਰਿਮ ਜ਼ਮਾਨਤ ਦੀ ਅਰਜ਼ੀ ’ਤੇ ਕੇਂਦਰੀ ਜਾਂਚ ਬਿਊਰੋ (329) ਤੋਂ ਜਵਾਬ ਮੰਗਿਆ ਹੈ। ਯਸ਼ ਯਾਦਵ ਨੇ 21 ਜੂਨ ਨੂੰ ਹੋਣ ਵਾਲੀ ਨੀਟ (NEET) ਯੂ.ਜੀ. ਦੀ ਮੁੜ-ਪ੍ਰੀਖਿਆ ਵਿੱਚ ਸ਼ਾਮਲ ਹੋਣ ਅਤੇ ਆਪਣੀ ਭੈਣ ਦੇ ਵਿਆਹ ਵਿੱਚ ਸ਼ਾਮਲ ਹੋਣ ਲਈ 15 ਦਿਨਾਂ ਦੀ ਅੰਤਰਿਮ ਜ਼ਮਾਨਤ ਦੀ ਮੰਗ ਕੀਤੀ ਹੈ।

ਸਪੈਸ਼ਲ ਜੱਜ (ਸੀ.ਬੀ.ਆਈ.) ਅਜੈ ਗੁਪਤਾ ਨੇ ਯਸ਼ ਯਾਦਵ ਵੱਲੋਂ ਦਾਇਰ ਅਰਜ਼ੀ ’ਤੇ ਆਪਣਾ ਜਵਾਬ ਦਾਇਰ ਕਰਨ ਲਈ ਸੀ.ਬੀ.ਆਈ. ਨੂੰ ਸਮਾਂ ਦਿੱਤਾ ਹੈ। ਅਦਾਲਤ ਨੇ ਇਸ ਮਾਮਲੇ ਦੀ ਅਗਲੀ ਸੁਣਵਾਈ 12 ਜੂਨ ਲਈ ਨਿਸ਼ਚਿਤ ਕੀਤੀ ਹੈ।

ਕਾਰਵਾਈ ਦੌਰਾਨ ਅਦਾਲਤ ਨੇ ਪਹਿਲਾਂ, 2 ਜੂਨ ਨੂੰ, ਮੁਲਜ਼ਮ ਵੱਲੋਂ ਦਾਇਰ ਕੀਤੀ ਗਈ ਇੱਕ ਅਰਜ਼ੀ ਨੂੰ ਮਨਜ਼ੂਰੀ ਦਿੱਤੀ ਸੀ, ਜਿਸ ਵਿੱਚ ਉਸ ਨੇ ਨੀਟ (NEET) ਯੂ.ਜੀ. ਪ੍ਰੀਖਿਆ ਦੀ ਤਿਆਰੀ ਲਈ ਕਿਤਾਬਾਂ ਰੱਖਣ ਦੀ ਇਜਾਜ਼ਤ ਮੰਗੀ ਸੀ। ਅਦਾਲਤ ਨੇ ਨੋਟ ਕੀਤਾ ਸੀ ਕਿ ਪ੍ਰੀਖਿਆ 21 ਜੂਨ ਨੂੰ ਹੋਣੀ ਹੈ। ਸੁਣਵਾਈ ਦੌਰਾਨ ਵਕੀਲ ਕਪਿਲ ਯਾਦਵ ਅਤੇ ਅੰਬਿਕਾ ਮੁਲਜ਼ਮ ਵੱਲੋਂ ਪੇਸ਼ ਹੋਏ।

ਇਸ ਤੋਂ ਪਹਿਲਾਂ, ਅਦਾਲਤ ਵਿੱਚ ਇਹ ਵੀ ਪੇਸ਼ ਕੀਤਾ ਗਿਆ ਸੀ ਕਿ ਯਸ਼ ਯਾਦਵ 3 ਮਈ ਨੂੰ ਲਈ ਗਈ ਨੀਟ (©55“) ਯੂ.ਜੀ. ਪ੍ਰੀਖਿਆ ਵਿੱਚ ਸ਼ਾਮਲ ਹੋਇਆ ਸੀ। ਉਸਦੇ ਵਕੀਲ ਨੇ ਅਧਿਐਨ ਸਮੱਗਰੀ ਤੱਕ ਪਹੁੰਚ ਦੀ ਇਜਾਜ਼ਤ ਮੰਗੀ ਸੀ, ਇਹ ਦੱਸਦੇ ਹੋਏ ਕਿ ਉਸਨੂੰ ਮੁੜ-ਪ੍ਰੀਖਿਆ ਦੀ ਤਿਆਰੀ ਲਈ ਕਿਤਾਬਾਂ ਦੀ ਲੋੜ ਹੈ। ਸੁਣਵਾਈ ਦੌਰਾਨ ਅਦਾਲਤ ਨੇ ਵਕੀਲ ਨੂੰ ਪੁੱਛਿਆ ਸੀ ਕਿ ਕੀ ਉਸ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਹੈ ਕਿ ਨੈਸ਼ਨਲ ਟੈਸਟਿੰਗ ਏਜੰਸੀ (NTA) ਉਸਨੂੰ ਪ੍ਰੀਖਿਆ ਵਿੱਚ ਸ਼ਾਮਲ ਹੋਣ ਦੇਵੇਗੀ, ਕਿਉਂਕਿ ਉਹ ਇਸ ਕੇਸ ਵਿੱਚ ਇੱਕ ਮੁਲਜ਼ਮ ਹੈ, ਅਤੇ ਪੁੱਛਿਆ ਕਿ ਕੀ ਉਸ ਨੂੰ ਐਡਮਿਟ ਕਾਰਡ ਜਾਰੀ ਕੀਤਾ ਗਿਆ ਹੈ।

ਇਹ ਪੇਸ਼ ਕੀਤਾ ਗਿਆ ਸੀ ਕਿ ਇੱਕ ਸਰਕਾਰੀ ਅਧਿਕਾਰੀ ਵੱਲੋਂ ਦਾਇਰ ਕੀਤੀ ਸ਼ਿਕਾਇਤ ’ਤੇ 12 ਮਈ ਨੂੰ ਬੀ ਐੱਨ ਐੱਸ, ਭ੍ਰਿਸ਼ਟਾਚਾਰ ਰੋਕੂ ਐਕਟ ਦੀਆਂ ਧਾਰਾਵਾਂ ਅਤੇ ਪ੍ਰੀਖਿਆਵਾਂ ਵਿੱਚ ਗਲਤ ਤਰੀਕਿਆਂ ਦੀ ਵਰਤੋਂ ਕਰਨ ਦੇ ਅਪਰਾਧਾਂ ਆਦਿ ਦੇ ਤਹਿਤ ਇੱਕ ਐੱਫ ਆਈ ਆਰ ਦਰਜ ਕੀਤੀ ਗਈ ਹੈ।

ਇਹ ਦੋਸ਼ ਹੈ ਕਿ ਮੰਗੀਲਾਲ ਬੀਵਾਲ ਨੇ ਆਪਣੇ ਬੇਟੇ ਵਿਕਾਸ ਬੀਵਾਲ ਲਈ ਪ੍ਰਸ਼ਨ ਪੱਤਰ ਲੈਣ ਵਾਸਤੇ ਸ਼ੁਭਮ ਖੈਰਨਾਰ ਨਾਲ ਸੰਪਰਕ ਕੀਤਾ। ਉਸ ਤੋਂ ਬਾਅਦ, ਹੋਰ ਮੁਲਜ਼ਮਾਂ ਨਾਲ ਮਿਲ ਕੇ ਇੱਕ ਵੱਡੀ ਚੇਨ ਬਣਾਈ ਗਈ।

ਇਹ ਵੀ ਦੋਸ਼ ਹੈ ਕਿ ਸ਼ੁਭਮ ਨੇ ਪਹਿਲਾਂ ਪੇਪਰ ਯਸ਼ ਨੂੰ ਲੀਕ ਕੀਤਾ, ਫਿਰ ਯਸ਼ ਨੇ ਮੰਗੀਲਾਲ ਨੂੰ, ਜੋ ਬਾਅਦ ਵਿੱਚ ਵਿਕਾਸ ਨੂੰ ਦਿੱਤਾ ਗਿਆ ਅਤੇ ਫਿਰ ਦਿਨੇਸ਼ ਬੀਵਾਲ ਨੂੰ ਦਿੱਤਾ ਗਿਆ।

ਦੋਸ਼ ਹੈ ਕਿ ਮੰਗੀਲਾਲ ਬੀਵਾਲ ਨੇ 10 ਲੱਖ ਰੁਪਏ ਦੇ ਬਦਲੇ ਯਸ਼ ਯਾਦਵ ਤੋਂ ਨੀਟ (NEET) ਯੂ.ਜੀ. ਦਾ ਲੀਕ ਹੋਇਆ ਪੇਪਰ ਪ੍ਰਾਪਤ ਕੀਤਾ ਸੀ। ਪੁੱਛਗਿੱਛ ਦੌਰਾਨ, ਵਿਕਾਸ ਬੀਵਾਲ ਨੇ ਕਥਿਤ ਤੌਰ ’ਤੇ ਦੱਸਿਆ ਕਿ ਉਹ ਸੀਕਰ ਵਿੱਚ ਕੋਚਿੰਗ ਦੌਰਾਨ ਯਸ਼ ਯਾਦਵ ਦੇ ਸੰਪਰਕ ਵਿੱਚ ਆਇਆ ਸੀ। ਇਹ ਵੀ ਦੋਸ਼ ਹੈ ਕਿ ਮੰਗੀਲਾਲ ਬੀਵਾਲ ਨੇ ਲੀਕ ਹੋਏ ਪੇਪਰ ਨੂੰ ਲਗਪਗ 12 ਲੱਖ ਰੁਪਏ ਵਿੱਚ ਵੱਖ-ਵੱਖ ਉਮੀਦਵਾਰਾਂ ਨੂੰ ਅੱਗੇ ਵੰਡਿਆ।

ਇਸ ਕੇਸ ਵਿੱਚ, ਸੀ.ਬੀ.ਆਈ. ਨੇ ਸ਼ੁਭਮ ਖੈਰਨਾਰ, ਮਨੀਸ਼ਾ ਵਾਘਮਾਰੇ, ਪ੍ਰਹਿਲਾਦ ਕੁਲਕਰਨੀ, ਮਨੀਸ਼ਾ ਮੰਧਾਰੇ, ਮਨੀਸ਼ਾ ਸੰਜੇ ਹਵਾਲਦਾਰ, ਸ਼ਿਵਰਾਜ ਰਘੁਨਾਥ ਮੋਟੇਗਾਂਵਕਰ, ਡਾ: ਮਨੋਜ ਸ਼ਿਰੂਰੇ ਅਤੇ ਤੇਜਸ ਹਰਸ਼ਦ ਕੁਮਾਰ ਸ਼ਾਹ ਸਮੇਤ ਕਈ ਮੁਲਜ਼ਮਾਂ ਨੂੰ ਵੀ ਗ੍ਰਿਫ਼ਤਾਰ ਕੀਤਾ ਹੈ। ਸੀ.ਬੀ.ਆਈ. ਦੀ ਪੁੱਛਗਿੱਛ ਤੋਂ ਬਾਅਦ ਸਾਰੇ ਮੁਲਜ਼ਮ ਇਸ ਸਮੇਂ ਨਿਆਇਕ ਹਿਰਾਸਤ ਵਿੱਚ ਹਨ।

## ਹੋਟਲ, ਰੈਸਟੋਰੈਂਟ ਅਤੇ ਰੇਹੜੀ ਮਾਲਕ ਖਾਣਾ ਪਕਾਉਣ ਲਈ ਵਾਰ-ਵਾਰ ਉਹੀ ਤੇਲ ਨਾ ਵਰਤਣ: ਡਾ. ਹਿਮਾਂਸ਼ੂ ਅਗਰਵਾਲ



**ਪਟਿਆਲਾ, 9 ਜੂਨ -ਅਰਸ਼ਦੀਪ ਸਿੰਘ-**

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹੇ ਅੰਦਰਲੇ ਸਮੂਹ ਹੋਟਲਾਂ, ਰੈਸਟੋਰੈਂਟਾਂ ਅਤੇ ਖਾਣ-ਪੀਣ ਵਾਲੀਆਂ ਰੇਹੜੀਆਂ ਦੇ ਮਾਲਕਾਂ ਨੂੰ ਹਦਾਇਤ ਕੀਤੀ ਹੈ ਕਿ ਉਹ ਖਾਣਾ ਪਕਾਉਣ ਲਈ ਵਰਤੇ ਤੇਲ ਨੂੰ ਤਿੰਨ ਵਾਰ ਤੋਂ ਵੱਧ ਗਰਮ ਕਰਨ ਉਪਰੰਤ ਮੁੜ ਵਰਤੋਂ ਵਿੱਚ ਨਾ ਲਿਆਉਣ। ਇਸ ਸਬੰਧੀ ਉਨ੍ਹਾਂ ਨੇ ਸਿਹਤ ਟੀਮਾਂ ਨੂੰ ਚੈਕਿੰਗ ਦੇ ਵੀ ਨਿਰਦੇਸ਼ ਦਿੱਤੇ ਹਨ।

ਡਿਪਟੀ ਕਮਿਸ਼ਨਰ ਨੇ ਫੂਡ ਸੇਫਟੀ ਬਾਰੇ ਜ਼ਿਲ੍ਹਾ ਪੱਧਰੀ ਸਲਾਹਕਾਰ ਕਮੇਟੀ ਦੀ ਜਾਇਜ਼ਾ ਬੈਠਕ ਦੌਰਾਨ ਜ਼ਿਲ੍ਹਾ ਸਿਹਤ ਅਫ਼ਸਰ-ਕਮ-ਫੂਡ ਸੇਫਟੀ ਲਈ ਡੈਜ਼ੀਗਨੇਟਿਡ ਅਫ਼ਸਰ ਡਾ. ਗੁਰਪ੍ਰੀਤ ਕੌਰ ਨੂੰ ਹਦਾਇਤ ਕੀਤੀ ਕਿ ਉਹ ਵਾਰ-ਵਾਰ ਗਰਮ ਕੀਤੇ ਜਾਂਦੇ ਤੇਲ ਤੋਂ ਕੈਂਸਰ ਅਤੇ ਪੇਟ ਦੀਆਂ ਹੋਰ ਗੰਭੀਰ ਬਿਮਾਰੀਆਂ ਦੇ ਖ਼ਤਰੇ ਬਾਰੇ ਖਾਣ-ਪੀਣ ਦਾ ਕਾਰੋਬਾਰ ਕਰਦੇ ਵਪਾਰੀਆਂ ਅਤੇ ਆਮ ਲੋਕਾਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਉਣ।

ਉਨ੍ਹਾਂ ਕਿਹਾ ਕਿ ਵਾਰ-ਵਾਰ ਗਰਮ ਕੀਤੇ ਤੇਲ ਵਿੱਚ ਹਾਨੀਕਾਰਕ ਤੱਤ ਪੈਦਾ ਹੋ ਜਾਂਦੇ ਹਨ, ਜੋ ਕੈਂਸਰ, ਦਿਲ ਦੀਆਂ ਬਿਮਾਰੀਆਂ ਅਤੇ ਹੋਰ ਸਿਹਤ ਸਮੱਸਿਆਵਾਂ ਦਾ ਕਾਰਨ ਬਣ ਸਕਦੇ ਹਨ।

ਕਮੇਟੀ ਦੇ ਗੈਰ-ਸਰਕਾਰੀ ਮੈਂਬਰਾਂ ਵੱਲੋਂ ਇੱਕ ਵਾਰ ਵਰਤੇ ਤੇਲ ਦੀ ਮੁੜ ਵਰਤੋਂ ਰੋਕਣ ਦਾ ਮੁੱਦਾ ਉਠਾਏ ਜਾਣ ’ਤੇ ਡਾ. ਹਿਮਾਂਸ਼ੂ ਅਗਰਵਾਲ ਨੇ ਫੂਡ ਸੇਫਟੀ ਵਿਭਾਗ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚ ਅਜਿਹੀ ਪ੍ਰਣਾਲੀ ਵਿਕਸਤ ਕੀਤੀ ਜਾਵੇ ਜਿਸ ਰਾਹੀਂ ਵਰਤਿਆ ਤੇਲ ਖਾਣ-ਪੀਣ ਦੀ ਬਜਾਏ ਸਾਬਣ ਜਾਂ ਹੋਰ ਉਦਯੋਗਿਕ ਉਦੇਸ਼ਾਂ ਲਈ ਵਰਤਿਆ ਜਾ ਸਕੇ ਅਤੇ ਇਸ ਦਾ ਵਿਗਿਆਨਕ ਢੰਗ ਨਾਲ ਨਿਪਟਾਰਾ ਵੀ ਯਕੀਨੀ ਬਣਾਇਆ ਜਾ ਸਕੇ।

ਡਿਪਟੀ ਕਮਿਸ਼ਨਰ ਨੇ ਇਸ ਦੌਰਾਨ ਸੈਰ ਸਪਾਟੇ ਨੂੰ ਉਤਸ਼ਾਹਿਤ ਕਰਨ ਲਈ ਪਟਿਆਲਾ ਨੂੰ ਵਿਰਾਸਤੀ ਭੋਜਨ ਵਾਲੇ ਫੂਡ ਸਿਟੀ ਵਜੋਂ ਵਿਕਸਤ ਕਰਨ ਲਈ ਇੱਥੇ ਦੇ ਮਸ਼ਹੂਰ ਖਾਣਿਆਂ ਅਤੇ ਖਾਣ-ਪੀਣ ਵਾਲੀਆਂ ਪ੍ਰਸਿੱਧ ਥਾਵਾਂ ਬਾਰੇ ਇੱਕ ਵਿਸ਼ੇਸ਼ ਕੌਫ਼ੀ ਟੇਬਲ ਬੁੱਕ ਛਾਪਣ ਸਬੰਧੀ ਕਾਰਵਾਈ ਵਿੱਚ ਤੇਜ਼ੀ ਲਿਆਉਣ ਦੀ ਵੀ ਹਦਾਇਤ ਕੀਤੀ।

ਡਾ. ਹਿਮਾਂਸ਼ੂ ਅਗਰਵਾਲ ਨੇ ਫੂਡ ਸੇਫਟੀ ਵਿਭਾਗ ਅਤੇ ਨਗਰ ਨਿਗਮ ਦੀ ਟੀਮ ਨੂੰ ਇਹ ਵੀ ਹਦਾਇਤ ਕੀਤੀ ਕਿ ਸ਼ਹਿਰ ਦੀਆਂ ਖਾਣ-ਪੀਣ ਵਾਲੀਆਂ ਰੇਹੜੀਆਂ ਲਈ ਇੱਕ ਫੂਡ ਸਟਰੀਟ ਬਣਾਉਣ ਸਬੰਧੀ ਕਾਰਵਾਈ ਵਿੱਚ ਵੀ ਤੇਜ਼ੀ ਲਿਆਂਦੀ ਜਾਵੇ। ਉਨ੍ਹਾਂ ਨੇ ਅਦਾਲਤੀ ਕੇਸਾਂ ਅਤੇ ਜੁਰਮਾਨਿਆਂ ਸਮੇਤ ਫੂਡ ਸੇਫਟੀ ਆਨ ਵੀਲਜ਼, ਸਕੂਲਾਂ ਵਿੱਚ ਜਾਗਰੂਕਤਾ ਗਤੀਵਿਧੀਆਂ, ਭੋਜਨ ਪਦਾਰਥਾਂ ਦੀ ਸੈਂਪਲਿੰਗ ਅਤੇ ਖਪਤਕਾਰਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਸਬੰਧੀ ਕੀਤੀਆਂ ਜਾ ਰਹੀਆਂ ਕਾਰਵਾਈਆਂ ਦਾ ਵੀ ਜਾਇਜ਼ਾ ਲਿਆ।

ਬੈਠਕ ਦੌਰਾਨ ਜ਼ਿਲ੍ਹਾ ਸਿਹਤ ਅਫ਼ਸਰ ਡਾ. ਗੁਰਪ੍ਰੀਤ ਕੌਰ ਨੇ ਬੀਤੇ ਮਹੀਨੇ ਦੌਰਾਨ ਖਾਧ ਸੁਰੱਖਿਆ ਲਈ ਕੀਤੀਆਂ ਗਈਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ ਅਤੇ ਡਿਪਟੀ ਕਮਿਸ਼ਨਰ ਨੂੰ ਭਰੋਸਾ ਦਿਵਾਇਆ ਕਿ ਜ਼ਿਲ੍ਹੇ ਅੰਦਰ ਲੋਕਾਂ ਨੂੰ ਮਿਆਰੀ ਖਾਣ-ਪੀਣ ਵਾਲੀਆਂ ਵਸਤਾਂ ਮੁਹੱਈਆ ਕਰਵਾਉਣ ਲਈ ਕੋਈ ਢਿੱਲ ਨਹੀਂ ਵਰਤੀ ਜਾਵੇਗੀ।

## ਬਾਰਿਸ਼ ਦਾ ਖ਼ੌਫ਼: ਡੈਮਾਂ ਦਾ ਪਾਣੀ ਲੈਣ ਦੀ ਖੁੱਲ੍ਹੀ ਛੁੱਟੀ; ਪੰਜਾਬ ਵੱਲੋਂ 36 ਹਜ਼ਾਰ ਕਿਊਸਿਕ ਦੀ ਮੰਗ

**ਚੰਡੀਗੜ੍ਹ, 9 ਜੂਨ/-ਪੱਤਰ ਪ੍ਰੇਰਕ-** ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਡੈਮਾਂ ’ਚ ਮੌਨਸੂਨ ਤੋਂ ਪਹਿਲਾਂ ਪਾਣੀ ਦੇ ਵਧੇ ਪੱਧਰ ਨੇ ਫ਼ਿਕਰ ਵਧਾ ਦਿੱਤੇ ਹਨ। ਅੱਜ ਭਾਖੜਾ ਬੋਰਡ ਨੇ ਟੈਕਨੀਕਲ ਕਮੇਟੀ ਦੀ ਮੀਟਿੰਗ ’ਚ ਹਿੱਸੇਦਾਰ ਸੂਬਿਆਂ ਨੂੰ ਵੱਧ ਤੋਂ ਵੱਧ ਪਾਣੀ ਦੀ ਵਰਤੋਂ ਲਈ ਹੱਲਾਸ਼ੇਰੀ ਦਿੱਤੀ ਹੈ। ਹਾਲਾਂਕਿ ਭਾਰਤੀ ਮੌਸਮ ਵਿਭਾਗ ਨੇ ਇਸ ਵਾਰ ਆਮ ਨਾਲੋਂ ਘੱਟ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਹੈ ਪਰ ਭਾਖੜਾ ਬੋਰਡ ਡੈਮਾਂ ਦੇ ਪਾਣੀ ਦੇ ਪੱਧਰ ਨੂੰ ਘੱਟ ਕਰਨ ਦੀ ਕਾਹਲ ’ਚ ਹੈ। ਭਾਖੜਾ ਡੈਮ ਅਤੇ ਪੌਂਗ ਡੈਮ ’ਚ ਇਸ ਵਾਰ ਪਾਣੀ ਦਾ ਪੱਧਰ ਪਿਛਲੇ ਸਾਲਾਂ ਅਤੇ ਔਸਤ ਨਾਲੋਂ ਵੱਧ ਹੈ।

ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਚੇਅਰਮੈਨ ਮਨੋਜ ਤ੍ਰਿਪਾਠੀ ਨੇ ਅੱਜ ਟੈਕਨੀਕਲ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕੀਤੀ। ਮੀਟਿੰਗ ’ਚ ਪੰਜਾਬ ਤਰਫ਼ੋਂ ਮੁੱਖ ਇੰਜਨੀਅਰ ਸ਼ੇਰ ਸਿੰਘ ਅਤੇ ਹਰਦੀਪ ਸਿੰਘ ਮਹਿੰਦੀਰੱਤਾ ਹਾਜ਼ਰ ਸਨ। ਭਾਖੜਾ ਬੋਰਡ ਦੇ ਚੇਅਰਮੈਨ ਨੇ ਭਾਖੜਾ ਡੈਮ ਦੀ ਡਿਫਲੈਕਸ਼ਨ ਦੇ ਹਵਾਲੇ ਨਾਲ ਡੈਮਾਂ ਤੋਂ ਪਾਣੀ ਘਟਾਏ ਜਾਣ ਦਾ ਖ਼ਾਕਾ ਪੇਸ਼ ਕੀਤਾ।

ਉਨ੍ਹਾਂ ਕਿਹਾ ਕਿ ਮੌਨਸੂਨ ਤੋਂ ਪਹਿਲਾਂ-ਪਹਿਲਾਂ ਡੈਮਾਂ ’ਚ ਪਾਣੀ ਦਾ ਪੱਧਰ ਘਟਾ ਲਿਆ ਜਾਵੇ। ਚੇਤੇ ਰਹੇ ਕਿ ਪਿਛਲੇ ਸਾਲ ਹੜ੍ਹਾਂ ਦੀ ਮਾਰ ਪੰਜਾਬ ਨੂੰ ਝੱਲਣੀ ਪਈ ਸੀ।

ਵੇਰਵਿਆਂ ਅਨੁਸਾਰ ਭਾਖੜਾ ਡੈਮ ’ਚ ਇਸ ਵੇਲੇ ਪਾਣੀ ਦਾ ਪੱਧਰ 1578.07 ਫੁੱਟ ਹੈ ਜਦੋਂ ਕਿ ਪਿਛਲੇ ਸਾਲ ਇਹੋ ਪੱਧਰ 1556.60 ਫੁੱਟ ਸੀ। ਐਤਕੀਂ ਪਿਛਲੇ ਸਾਲ ਦੇ ਮੁਕਾਬਲੇ 21.47 ਫੁੱਟ ਪਾਣੀ ਦਾ ਪੱਧਰ ਉੱਚਾ ਹੈ। ਇਸੇ ਤਰ੍ਹਾਂ ਪੌਂਗ ਡੈਮ ’ਚ ਐਤਕੀਂ ਪਾਣੀ ਦਾ ਪੱਧਰ 1328.24 ਫੁੱਟ ਹੈ ਜੋ ਕਿ ਪਿਛਲੇ ਸਾਲ 1292.78 ਫੁੱਟ ਸੀ। ਪਿਛਲੇ ਸਾਲ ਨਾਲੋਂ ਪੌਂਗ ਡੈਮ ’ਚ 35.46 ਫੁੱਟ ਪਾਣੀ ਦਾ ਪੱਧਰ ਉੱਚਾ ਹੈ। ਰਣਜੀਤ ਸਾਗਰ ਡੈਮ ਦੀ ਗੱਲ ਕਰੀਏ ਤਾਂ ਇਸ ਵੇਲੇ ਡੈਮ ਦਾ ਪੱਧਰ 1676.05 ਫੁੱਟ ਹੈ ਜਦੋਂ ਕਿ ਪਿਛਲੇ ਸਾਲ 1663.55 ਫੁੱਟ ਸੀ।

ਮੀਟਿੰਗ ’ਚ ਪੰਜਾਬ ਦੇ ਮੁੱਖ ਇੰਜਨੀਅਰਾਂ ਨੇ ਕਿਹਾ ਕਿ ਉਹ ਝੋਨੇ ਦੇ ਸੀਜ਼ਨ ’ਚ ਨਹਿਰਾਂ ਨੂੰ ਪੂਰੀ ਸਮਰੱਥਾ ’ਤੇ ਚਲਾਉਣਗੇ ਅਤੇ ਵੱਧ ਤੋਂ ਵੱਧ ਪਾਣੀ ਦੀ ਵਰਤੋਂ ਕੀਤੀ ਜਾਵੇਗੀ। ਪੰਜਾਬ ਨੇ 30 ਜੂਨ ਤੱਕ ਦੀ 36 ਹਜ਼ਾਰ ਕਿਊਸਿਕ ਪਾਣੀ ਦੀ ਮੰਗ ਦਿੱਤੀ ਹੈ। ਉੱਥੇ ਹੀ ਹਰਿਆਣਾ ਤੇ ਰਾਜਸਥਾਨ ਨੇ ਵੀ ਭਾਖੜਾ ਬੋਰਡ ਨੂੰ ਆਪਣੀ ਪਾਣੀ ਦੀ ਮੰਗ ਦੇ ਦਿੱਤੀ ਹੈ। ਚੇਤੇ ਰਹੇ ਕਿ ਪਿਛਲੇ ਸਾਲ ਹਰਿਆਣਾ ਨੇ ਪੰਜਾਬ ਤੋਂ 8400 ਕਿਊਸਿਕ ਵਾਧੂ ਪਾਣੀ ਦੀ ਮੰਗ ਕੀਤੀ ਸੀ ਜਿਸ ਤੋਂ ਦੋਵੇਂ ਸੂਬਿਆਂ ’ਚ ਕਾਫ਼ੀ ਰੱਫੜ ਵੀ ਪਿਆ ਰਿਹਾ ਹਾਲਾਂਕਿ ਐਤਕੀਂ ਸਥਿਤੀ ’ਚ ਕਾਫ਼ੀ ਸੁਧਾਰ ਨਜ਼ਰ ਆ ਰਿਹਾ ਹੈ।

## ਮਨਪ੍ਰੀਤ ਸਿੰਘ ਇਯਾਲੀ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਲ



**ਚੰਡੀਗੜ੍ਹ, 9 ਜੂਨ -ਪੱਤਰ ਪ੍ਰੇਰਕ-**

ਪੰਜਾਬ ਦੇ ਵਿਧਾਨ ਸਭਾ ਹਲਕਾ ਦਾਖਾ ਤੋਂ ਵਿਧਾਇਕ ਮਨਪ੍ਰੀਤ ਸਿੰਘ ਇਯਾਲੀ ਨੇ ਅੱਜ ’ਅਕਾਲੀ ਦਲ ਵਾਰਿਸ ਪੰਜਾਬ ਦੇ’ ਜਥੇਬੰਦੀ ਦਾ ਪੱਲਾ ਫੜ ਲਿਆ ਹੈ।

ਮਨਪ੍ਰੀਤ ਸਿੰਘ ਇਯਾਲੀ ਨੂੰ ’ਵਾਰਿਸ ਪੰਜਾਬ ਦੇ’ ਜਥੇਬੰਦੀ ਦੇ ਪ੍ਰਮੁੱਖ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਨੇ ਚੰਡੀਗੜ੍ਹ ਪ੍ਰੈੱਸ ਕਲੱਬ ਵਿਖੇ ਸਿਰੋਪਾਓ ਪਾ ਕੇ ਪਾਰਟੀ ਵਿੱਚ ਸ਼ਾਮਲ ਕਰਵਾਇਆ।

ਇਸ ਮੌਕੇ ਮਨਪ੍ਰੀਤ ਸਿੰਘ ਇਯਾਲੀ ਨੇ ਕਿਹਾ ਕਿ ਪੰਜਾਬ ਦੀ ਖੁਸ਼ਹਾਲੀ ਲਈ ਖੇਤਰੀ ਪਾਰਟੀ ਦਾ ਮਜ਼ਬੂਤ ਹੋਣਾ ਜ਼ਰੂਰੀ ਹੈ, ਇਸ ਲਈ ਉਹ ਲਗਾਤਾਰ ਪੰਥਕ ਏਕੇ ਲਈ ਯਤਨਸ਼ੀਲ ਰਹਿਣਗੇ। ਦੇਸ਼ ਵਿੱਚ ਕੇਂਦਰੀ ਜਾਂਚ ਏਜੰਸੀਆਂ ਦੀ ਵੱਡੇ ਪੱਧਰ ’ਤੇ ਹੋ ਰਹੀ ਵਰਤੋਂ ਬਾਰੇ ਉਨ੍ਹਾਂ ਸਵਾਲ ਚੁੱਕਦਿਆਂ ਕਿਹਾ ਕਿ ਕੇਂਦਰੀ ਏਜੰਸੀਆਂ ਚੋਣਾਂ ਦੌਰਾਨ ਹੀ ਸਰਗਰਮ ਕਿਉਂ ਹੁੰਦੀਆਂ ਹਨ।

ਉਨ੍ਹਾਂ ਕਿਹਾ ਕਿ ਕੇਂਦਰੀ ਜਾਂਚ ਏਜੰਸੀਆਂ ਨੂੰ ਸੁਤੰਤਰ, ਪਾਰਦਰਸ਼ੀ ਅਤੇ ਨਿਰਪੱਖ ਢੰਗ ਨਾਲ ਕੰਮ ਕਰਨ ਦੇਣਾ ਚਾਹੀਦਾ ਹੈ।

## ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ ਸਬ ਡਵੀਜ਼ਨ ਸੰਗਰੂਰ ਵਿਖੇ NDPS Act ਤਹਿਤ 07 ਕੇਸ ਦਰਜ, 10 ਮੁਲਜ਼ਮ ਗ੍ਰਿਫ਼ਤਾਰ

**ਸੰਗਰੂਰ, 9 ਜੂਨ ਜਗਦੇਵ ਰੰਚਨਾਂ**

ਡਾ. ਰਵਜੋਤ ਗਰੇਵਾਲ, ਐਸ.ਐਸ.ਪੀ., ਸੰਗਰੂਰ ਵੱਲੋਂ ਅੱਜ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਰਾਜ ਨੂੰ ਨਸ਼ਾ ਮੁਕਤ ਬਣਾਉਣ ਲਈ ਯੁੱਧ ਨਸ਼ਿਆਂ ਵਿਰੁੱਧ÷ ਅਤੇ ÷ਪਿੰਡਾਂ ਦੇ ਪਹਿਰੇਦਾਰ ਤਹਿਤ ਅਤੇ ਮਾੜੇ ਅਨਸਰਾਂ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਸਬ ਡਵੀਜ਼ਨ ਸੰਗਰੂਰ ਦੀ ਪੁਲਿਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ ਜਦੋਂ ਥਾਣੇ: ਅਵਤਾਰ ਸਿੰਘ ਮੁੱਖ ਅਫਸਰ ਥਾਣਾ ਸਦਰ ਸੰਗਰੂਰ ਨੂੰ ਇਤਲਾਹ ਮਿਲੀ ਕਿ ਕਰਨਵੀਰ ਸਿੰਘ ਉਰਫ ਕਰਨਾ, ਮਨਮੋਹਨ ਸਿੰਘ ਉਰਫ ਗੱਗੂ ਵਾਸੀਆਨ ਪਿੰਡ ਕੁਲਾਰ ਖੁਰਦ ਅਤੇ ਅਮਨਦੀਪ ਸਿੰਘ ਉਰਫ ਮਨੀ ਵਾਸੀ ਤੁੰਗਾ, ਜੋ ਨਸ਼ਾ ਵੇਚਣ ਦੇ ਆਦੀ ਹਨ ਅਤੇ ਇਹ ਅੱਜ ਪਿੰਡ ਕੁਲਾਰ ਖੁਰਦ ਤੋਂ ਖੇੜੀ ਨੂੰ ਆਉਂਦੀ ਸੜਕ ਨੇੜੇ ਸੂਏ ਦੀ ਡਰੇਨ ਪਰ ਬੈਠੇ ਹਨ। ਜਿਨ੍ਹਾਂ ਪਾਸ ਇੱਕ ਨਜਾਇਜ ਪਿਸਤੌਲ ਵੀ ਹੈ।

ਇਸ ਸਬੰਧੀ ਸ਼੍ਰੀ ਦਲਬੀਰ ਸਿੰਘ ਸਿੱਧੂ, ਉਪ ਕਪਤਾਨ ਪੁਲਿਸ, ਸਬ ਡਵੀਜ਼ਨ ਸੰਗਰੂਰ ਦੀ ਨਿਗਰਾਨੀ/ਦਿਸ਼ਾ ਨਿਰਦੇਸ਼ਾ ਹੇਠ ਮੁੱਖ ਅਫਸਰ ਥਾਣਾ ਸਦਰ ਸੰਗਰੂਰ ਵੱਲੋਂ ਮੁਕੰਦਮਾ ਦਰਜ ਕਰ ਕੇ ਰੇਡ ਕਰਕੇ ਮੁਲਜ਼ਮਾਂ ਨੂੰ ਕਾਬੂ ਕੀਤਾ, ਜਿਨ੍ਹਾਂ ਪਾਸੋਂ ਸਰਚ ਦੌਰਾਨ 9.51 ਗ੍ਰਾਮ ਹੈਰੋਇਨ/ਚਿੱਟਾ, 180 ਨਸੀਲੀਆਂ ਗੋਲੀਆਂ ਅਤੇ ਇੱਕ ਨਜਾਇਜ਼ ਪਿਸਟਲ ਸਮੇਤ 06 ਰੌਂਦ ਬਰਾਮਦ ਕੀਤੇ ਗਏ ਹਨ।

ਮੁਲਜ਼ਮ ਮਨਮੋਹਨ ਸਿੰਘ ਉਰਫ ਗੱਗੂ ਖਿਲਾਫ ਹੀਨੀਅਸ ਕਰਾਇਮ ਦੇ 02 ਕੇਸ ਅਤੇ ਕਰਨਵੀਰ ਸਿੰਘ ਉਰਫ ਕਰਨਾ ਖਿਲਾਫ ਹੀਨੀਅਸ ਕ੍ਰਾਈਮ ਦੇ 03 ਕੇਸ ਦਰਜ ਹਨ। ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕਰਕੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ, ਜਿਸ ਦੌਰਾਨ ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

ਉਪਰੋਕਤ ਤੋਂ ਇਲਾਵਾ ਸਬ-ਡਵੀਜ਼ਨ ਸੰਗਰੂਰ ਦੀ ਪੁਲਿਸ ਵੱਲੋਂ ਲੰਘੇ ਹਫਤੇ ਮਿਤੀ 02.06.2026 ਮਿਤੀ 08.06.2026 ਦੌਰਾਨ ਡਰੱਗ ਦੇ 06 ਮੁਕੱਦਮੇਂ ਦਰਜ ਕਰਕੇ 07 ਮੁਲਜ਼ਮਾਂ ਨੂੰ ਗ੍ਰਿਫਤਾਰ ਕਰਨ ਉਪਰੰਤ 6550 ਨਸੀਲੀਆਂ ਗੋਲੀਆਂ ਅਤੇ 28.51 ਗ੍ਰਾਮ ਹੈਰੋਇਨ/ਚਿੱਟਾ ਅਤੇ ਆਬਕਾਰੀ ਤਹਿਤ 02 ਕੇਸ ਦਰਜ ਕਰਕੇ 01 ਮੁਲਾਜ਼ਮ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 144 ਬੋਤਲਾਂ ਸ਼ਰਾਬ ਠੇਕਾ ਦੇਸੀ ਕਲਾਲ ਸੌਂਫੀ ਚੰਡੀਗੜ੍ਹ ਅਤੇ 96 ਬੋਤਲਾਂ ਸ਼ਰਾਬ ਠੇਕਾ ਦੇਸੀ ਜਮੀਲਾ ਸੰਤਰਾ ਚੰਡੀਗੜ੍ਹ ਕੁੱਲ 240 ਬੋਤਲਾਂ ਸ਼ਰਾਬ ਠੇਕਾ ਦੇਸੀ ਬ੍ਰਾਮਦ ਕੀਤੀਆਂ ਗਈਆਂ ਹਨ।

ਹੀਨੀਅਸ ਕਰਾਇਮ ਵਾ ਹੋਰ ਜੁਰਮਾਂ ਤਹਿਤ 06 ਮੁਲਜ਼ਮਾਂ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਹੈ ਅਤੇ ਨਸ਼ੇ ਦੀ ਦਲਦਲ ਵਿੱਚ ਫਸੇ 06 ਵਿਅਕਤੀਆਂ ਨੂੰ ਨਸ਼ੇ ਤੋਂ ਨਿਜਾਤ ਦਿਵਾਉਣ ਲਈ ਦਵਾਈ ਦਿਵਾਈ ਗਈ ??।

ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਹੀਕਲਾਂ ਦੇ ਵੱਖ-ਵੱਖ ਜੁਰਮਾਂ ਤਹਿਤ ਕਰੀਬ 164 ਟਰੈਫਿਕ ਚਲਾਣ ਕੀਤੇ ਗਏ ਹਨ। ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰਕੇ 152 ਵਿਅਕਤੀਆਂ ਵਿਰੁੱਧ 172 BNSS ਤਹਿਤ ਕਾਰਵਾਈ ਕੀਤੀ ਗਈ ਅਤੇ 04 ਵਿਅਕਤੀਆਂ ਵਿਰੁੱਧ ਰੋਕੂ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰਾਂ ਨਾਲ ਮੀਟਿੰਗਾਂ ਕਰਕੇ ਆਮ ਪਬਲਿਕ ਅਤੇ ਨੌਜਵਾਨਾਂ ਨੂੰ ਨਸ਼ਿਆਂ ਸਬੰਧੀ ਪੁਲਿਸ ਨੂੰ ਸਮੇਂ ਸਿਰ ਸੂਚਨਾ ਦੇਣ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ।

ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ ਇਤਲਾਹ ਮਿਲਣ ਪਰ ਫੌਰੀ ਕਾਨੂੰਨੀ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਨਸ਼ਿਆਂ ਖਿਲਾਫ ਜੰਗ ਜਾਰੀ ਹੈ।

## ਆਂਧਰਾ ਪ੍ਰਦੇਸ਼ ਦੀ ਮਹਿਲਾ ਆਰਟੀਆਈ ਨੇ ਪੰਜਾਬ ਦੇ ਰਾਜ ਸੂਚਨਾ ਕਮਿਸ਼ਨਰਾਂ ਨਾਲ ਮੁਲਾਕਾਤ ਕੀਤੀ




**ਚੰਡੀਗੜ੍ਹ, 9 ਜੂਨ -ਸੰਜੀਵ ਸ਼ਰਮਾ-**

ਆਂਧਰਾ ਪ੍ਰਦੇਸ਼ ਦੀ ਪਹਿਲੀ ਮਹਿਲਾ ਆਰ.ਟੀ.ਆਈ. ਕਮਿਸ਼ਨਰ ਡਾ. ਸ਼ੇਖ ਰੇਹਾਨਾ ਬੇਗਮ, ਨੇ ਅੱਜ ਪੰਜਾਬ ਰਾਜ ਸੂਚਨਾ ਕਮਿਸ਼ਨ ਹੈੱਡਕੁਆਰਟਰ, ਚੰਡੀਗੜ੍ਹ ਦਾ ਦੌਰਾ ਕੀਤਾ।

ਆਪਣੀ ਫੇਰੀ ਦੌਰਾਨ ਡਾ. ਬੇਗਮ ਨੇ ਪੰਜਾਬ ਰਾਜ ਸੂਚਨਾ ਕਮਿਸ਼ਨਰਾਂ ਡਾ. ਭੁਪਿੰਦਰ ਸਿੰਘ ਬਾਠ, ਹਰਪ੍ਰੀਤ ਸੰਧੂ ਅਤੇ ਵਰਿੰਦਰਜੀਤ ਸਿੰਘ ਬਿਲਿੰਗ ਨਾਲ ਸੂਚਨਾ ਅਧਿਕਾਰ ਕਾਨੂੰਨ ਦੇ ਪ੍ਰਭਾਵੀ ਲਾਗੂਕਰਨ ਅਤੇ ਸੁਧਾਰਾਂ, ਵਧੀਆ ਅਭਿਆਸਾਂ ਬਾਰੇ ਉਸਾਰੂ ਵਿਚਾਰ-ਚਰਚਾ ਕੀਤੀ।

ਇਹ ਵਿਚਾਰ-ਵਟਾਂਦਰਾ, ਸੂਚਨਾ ਕਮਿਸ਼ਨਾਂ ਦੇ ਕੰਮਕਾਜ ਵਿੱਚ ਨਵੀਨਤਾਕਾਰੀ ਪਹੁੰਚਾਂ ਰਾਹੀਂ ਪਾਰਦਰਸ਼ਤਾ, ਜਵਾਬਦੇਹੀ ਅਤੇ ਨਾਗਰਿਕ-ਕੇਂਦ੍ਰਿਤ ਸ਼ਾਸਨ ਨੂੰ ਮਜ਼ਬੂਤ ਕਰਨ ’ਤੇ ਕੇਂਦ੍ਰਿਤ ਰਿਹਾ।

ਇਸ ਗੱਲਬਾਤ ਦੌਰਾਨ ਆਰ.ਟੀ.ਆਈ. ਢਾਂਚੇ ਦੀ ਪ੍ਰਭਾਵਸ਼ੀਲਤਾ ਨੂੰ ਵਧਾਉਣ, ਜਾਣਕਾਰੀ ਤੱਕ ਜਨਤਕ ਪਹੁੰਚ ਨੂੰ ਬਿਹਤਰ ਬਣਾਉਣ ਅਤੇ ਸ਼ਾਸਨ ਵਿੱਚ ਵਧੇਰੇ ਜਵਾਬਦੇਹੀ ਨੂੰ ਉਤਸ਼ਾਹਿਤ ਕਰਨ ਬਾਰੇ ਆਪੋ-ਆਪਣੇ ਅਨੁਭਵ ਅਤੇ ਦ੍ਰਿਸ਼ਟੀਕੋਣ ਸਾਂਝੇ ਕੀਤੇ ਗਏ।

ਇਸ ਮੌਕੇ ’ਤੇ, ਡਾ. ਬੇਗਮ ਨੇ ਜਾਣਕਾਰੀ ਸਾਂਝੀ ਕਰਨ ਅਤੇ ਸੰਸਥਾਗਤ ਸਹਿਯੋਗ ਦੇ ਸੰਕੇਤ ਵਜੋਂ ਆਪਣੀ ਲਿਖੀ ਕਿਤਾਬ, ‘ਫਰੰਟੀਅਰ’ ਦੀ ਇੱਕ ਕਾਪੀ ਪੰਜਾਬ ਰਾਜ ਸੂਚਨਾ ਕਮਿਸ਼ਨ ਲਾਇਬ੍ਰੇਰੀ ਨੂੰ ਭੇਟ ਕੀਤੀ। ਬਦਲੇ ਵਿੱਚ ਰਾਜ ਸੂਚਨਾ ਕਮਿਸ਼ਨਰ ਪੰਜਾਬ ਹਰਪ੍ਰੀਤ ਸੰਧੂ ਨੇ ਆਪਣੀ ਪ੍ਰਸਿੱਧ ਕੌਫੀ-ਟੇਬਲ ਕਿਤਾਬ, ‘ਸੁਖਨਾ ਲੇਕ ਐਟ ਡਾਨ’ ਪੇਸ਼ ਕੀਤੀ, ਜੋ ਸੁਖਨਾ ਝੀਲ ਦੀ ਕੁਦਰਤੀ ਵਿਰਾਸਤ ਅਤੇ ਸੁੰਦਰ ਸੁੰਦਰਤਾ ਨੂੰ ਦਰਸਾਉਂਦੀ ਹੈ।

## ਜਲੰਧਰ ਮਹਾਨ ਧਾਰਮਿਕ ਸਮਾਗਮ ਲਈ ਪੂਰੀ ਤਰ੍ਹਾਂ ਤਿਆਰ, ਹੰਸਰਾਜ ਰਘੂਵੰਸ਼ੀ 13 ਜੂਨ ਨੂੰ ਦੇਣਗੇ ਪੇਸ਼ਕਾਰੀ : ਮੋਹਿੰਦਰ ਭਗਤ



**ਚੰਡੀਗੜ੍ਹ, 9 ਜੂਨ -ਸੰਜੀਵ ਸ਼ਰਮਾ-**

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਜਿਨ੍ਹਾਂ ਦੇ ਨਾਲ ਪੰਜਾਬ ਦੇ ਸੈਰ ਸਪਾਟਾ ਅਤੇ ਸਭਿਆਚਾਰਕ ਮਾਮਲਿਆਂ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਵੀ ਮੌਜੂਦ ਸਨ, ਨੇ ਅਹਿਮ ਐਲਾਨ ਕਰਦਿਆਂ ਦੱਸਿਆ ਕਿ 13 ਜੂਨ ਦੀ ਸ਼ਾਮ ਨੂੰ ਜਲੰਧਰ ਵਿਖੇ ਭਗਵਾਨ ਸ਼ਿਵ ਜੀ ਨੂੰ ਸਮਰਪਿਤ ਇਕ ਵੱਡਾ ਧਾਰਮਿਕ ਸਮਾਗਮ ਕਰਵਾਇਆ ਜਾ ਰਿਹਾ ਹੈ।

ਇਹ ਮਹਾਨ ਧਾਰਮਿਕ ਸਮਾਗਮ ‘ਏਕ ਸ਼ਾਮ ਭਗਵਾਨ ਸ਼ਿਵ ਕੇ ਨਾਮ’ ਵਿਸ਼ੇ ’ਤੇ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਪ੍ਰਸਿੱਧ ਧਾਰਮਿਕ ਗਾਇਕ ਹੰਸਰਾਜ ਰਘੂਵੰਸ਼ੀ ਵਲੋਂ ਭਜਨਾਂ ਰਾਹੀਂ ਹਜ਼ਾਰਾਂ ਸ਼ਰਧਾਲੂਆਂ ਨੂੰ ਅਧਿਆਤਮਿਕਤਾ ਨਾਲ ਜੋੜਿਆ ਜਾਵੇਗਾ। ਮੇਅਰ ਵਨੀਤ ਧੀਰ, ਚੇਅਰਮੈਨ ਪੰਜਾਬ ਸਫ਼ਾਈ ਕਰਮਚਾਰੀ ਕਮਿਸ਼ਨ ਚੰਦਨ ਗਰੇਵਾਲ, ਚੇਅਰਮੈਨ ਇੰਪਰੂਵਮੈਂਟ ਟਰੱਸਟ ਰਮਣੀਕ ਸਿੰਘ ਰੰਧਾਵਾ, ਪ੍ਰਧਾਨ ਸਨਾਤਨ ਸੇਵਾ ਸਮਿਤੀ ਵਿਜੈ ਸ਼ਰਮਾ, ਰਾਜਵਿੰਦਰ ਕੌਰ ਥਿਆੜਾ ਦੇ ਨਾਲ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਮੋਹਿੰਦਰ ਭਗਤ ਅਤੇ ਸਲਾਹਕਾਰ ਦੀਪਕ ਬਾਕੀ ਨੇ ਜ਼ੋਰ ਦੇ ਕੇ ਕਿਹਾ ਕਿ ਸ਼ਹਿਰ ਵਿੱਚ ਪਹਿਲੀ ਵਾਰ ਏਨੇ ਵੱਡੇ ਪੱਧਰ ’ਤੇ ਸਾਈਂ ਦਾਸ ਸਕੂਲ ਦੀ ਗਰਾਊਂਡ ਵਿੱਚ ਸ਼ਾਮ 6:30 ਵਜੇ ਇਹ ਧਾਰਮਿਕ ਸਮਾਗਮ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ,ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਮੌਜੂਦਾ ਸਰਕਾਰ ਵਲੋਂ ਪ੍ਰਬੰਧਕਾਂ ਨੂੰ ਸ਼ਰਧਾਲੂਆਂ ਦੀ ਸੁਵਿਧਾ ਲਈ ਕੀਤੇ ਜਾਣ ਵਾਲੇ ਲੋੜੀਂਦੇ ਪ੍ਰਬੰਧਾਂ ਵਿੱਚ ਪੂਰਨ ਸਹਿਯੋਗ ਦੇਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਇਸ ਸਮਾਗਮ ਵਿੱਚ ਸ਼ਰਧਾਲੂ ਵਜੋਂ ਸ਼ਿਰਕਤ ਕਰਨਗੇ।

ਉਨ੍ਹਾਂ ਨੇ ਇਸ ਸਮਾਗਮ ਨੂੰ ਸ਼ਰਧਾ, ਆਸਥਾ, ਵਿਸ਼ਵਾਸ ਅਤੇ ਸਭਿਆਚਾਰ ਦਾ ਇਕ ਵਿਲੱਖਣ ਸੁਮੇਲ ਕਰਾਰ ਦਿੰਦਿਆਂ ਆਸ ਪ੍ਰਗਟਾਈ ਕਿ ਇਸ ਵਿੱਚ ਜਲੰਧਰ ਅਤੇ ਨੇੜਲੇ ਜਿਲ੍ਹਿਆਂ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂਆਂ ਵਲੋਂ ਸ਼ਿਰਕਤ ਕੀਤੀ ਜਾਵੇਗੀ। ਪ੍ਰਧਾਨ ਸਨਾਤਨ ਸੇਵਾ ਸਮਿਤੀ ਵਿਜੇ ਸ਼ਰਮਾ ਨੇ ਕਿਹਾ ਕਿ ਸਮਾਗਮ ਪੰਜਾਬ ਦੀ ਅਮੀਰ ਧਾਰਮਿਕ ਤੇ ਸਭਿਆਚਾਰਕ ਰਵਾਇਤਾਂ ਅਤੇ ਭਾਈਚਾਰਕ ਸਾਂਝ ਤੇ ਏਕਤਾ ਨੂੰ ਹੋਰ ਮਜ਼ਬੂਤ ਕਰੇਗਾ।

ਉਨ੍ਹਾਂ ਕਿਹਾ ਕਿ ਭਾਵੇਂ ਪੰਜਾਬ ਸਰਕਾਰ ਵਲੋਂ ਕੀਤੇ ਜਾਣ ਵਾਲੇ ਪ੍ਰਬੰਧਾਂ ਨੂੰ ਮੁਕੰਮਲ ਕਰਨ ਵਿੱਚ ਪੂਰਨ ਸਮਰਥਨ ਕੀਤਾ ਜਾ ਰਿਹਾ ਹੈ ਪਰ ਮੁੱਖ ਤੌਰ ‘ਤੇ ਇਹ ਸਮਾਗਮ ਸਥਾਨਕ ਮੰਦਿਰ ਕਮੇਟੀਆਂ, ਸੰਤ-ਮਹੰਤਾਂ ਅਤੇ ਜਲੰਧਰ ਵਾਸੀਆਂ ਵਲੋਂ ਕਰਵਾਇਆ ਜਾ ਰਿਹਾ ਹੈ। ਇਸ ਵਿਸ਼ੇਸ਼ ਪਹਿਲਕਦਮੀ ਦਾ ਮੁੱਖ ਉਦੇਸ਼ ਇਸ ਖੇਤਰ ਵਿੱਚ ਭਾਈਚਾਰਕ ਸਾਂਝ, ਸ਼ਾਂਤੀ ਅਤੇ ਧਾਰਮਿਕ ਇਕਜੁੱਟਤਾ ਨੂੰ ਹੋਰ ਮਜ਼ਬੂਤ ਕਰਨਾ ਹੈ। ਸ਼੍ਰੀ ਭਗਤ, ਸ਼੍ਰੀ ਬਾਲੀ ਅਤੇ ਸ਼੍ਰੀ ਸ਼ਰਮਾ ਨੇ ਜਲੰਧਰ ਅਤੇ ਨੇੜਲੇ ਖੇਤਰਾਂ ਦੇ ਨਿਵਾਸੀਆਂ ਨੂੰ ਸੱਦਾ ਦਿੱਤਾ ਕਿ ਉਹ ਵੱਡੀ ਗਿਣਤੀ ਵਿੱਚ ਇਸ ਧਾਰਮਿਕ ਸਮਾਗਮ ਵਿੱਚ ਸ਼ਿਰਕਤ ਕਰਕੇ ਅਸ਼ੀਰਵਾਦ ਪ੍ਰਾਪਤ ਕਰਨ।




## ਸੰਪਾਦਕੀ

### ਹਥਿਆਰਾਂ ਦੀ ਤਸਕਰੀ ਦੇ ਮਾਮਲਿਆਂ ਵਿੱਚ 54 ਨਾਬਾਲਗਾਂ ਦੀ ਗ੍ਰਿਫ਼ਤਾਰੀ ਬੇਹੱਦ ਚਿੰਤਾਜਨਕ

ਸਰਹੱਦੀ ਖੇਤਰਾਂ ਵਿੱਚ ਪਿਛਲੇ 14 ਮਹੀਨਿਆਂ ਦੌਰਾਨ ਸਰਹੱਦ ਪਾਰੋਂ ਨਸ਼ਿਆਂ ਅਤੇ ਹਥਿਆਰਾਂ ਦੀ ਤਸਕਰੀ ਦੇ ਮਾਮਲਿਆਂ ਵਿੱਚ 54 ਨਾਬਾਲਗਾਂ ਦੀ ਗ੍ਰਿਫ਼ਤਾਰੀ ਬੇਹੱਦ ਚਿੰਤਾਜਨਕ ਹੈ। ਇਸ ਰੁਝਾਨ ਨੂੰ ਠੱਲ੍ਹ ਪਾਉਣ ਲਈ ਇੱਕ ਅਜਿਹੀ ਬਹੁ-ਨੁਕਾਤੀ ਰਣਨੀਤੀ ਦੀ ਲੋੜ ਹੈ, ਜੋ ਸਰਹੱਦੀ ਜ਼ਿਲ੍ਹਿਆਂ ਦੀਆਂ ਸਾਰੀਆਂ ਸਮੱਸਿਆਵਾਂ ਨੂੰ ਹੱਲ ਕਰ ਸਕੇ। ਵਿਰਲੇ-ਟਾਵੇਂ ਢਿੱਲੇ-ਮੱਠੇ ਯਤਨਾਂ ਅਤੇ ਅਧੂਰੇ ਵਿਕਾਸ ਤੋਂ ਇਹ ਪ੍ਰਤੱਖ ਹੁੰਦਾ ਹੈ ਕਿ ਦੇਸ਼ ਦੀ ਰੱਖਿਆ ਦੀ ਪਹਿਲੀ ਕਤਾਰ ਮੰਨੇ ਜਾਂਦੇ ਇਸ ਖੇਤਰ ਦੀਆਂ ਲੋੜਾਂ ਵੱਲ ਬਣਦਾ ਧਿਆਨ ਨਹੀਂ ਦਿੱਤਾ ਗਿਆ। ਸਰਹੱਦੀ ਲੋਕਾਂ ਦੀ ਜ਼ਿੰਦਗੀ ਬਦਲਣ ਲਈ ਜੋ ਸਰਗਰਮੀ ਦਿਖਾਉਣੀ ਚਾਹੀਦੀ ਸੀ, ਉਸ ਦੀ ਵੱਡੀ ਕਮੀ ਰਹੀ ਹੈ। ਇਸ ਦੇ ਨਤੀਜੇ ਹੁਣ ਡਰਾਉਣੇ ਰੂਪ ਵਿੱਚ ਸਾਹਮਣੇ ਆ ਰਹੇ ਹਨ। ਹਾਲ ਹੀ ਵਿੱਚ ਅੰਮ੍ਰਿਤਸਰ ਪੁਲੀਸ ਵੱਲੋਂ ਦੋ ਨਾਬਾਲਗਾਂ ਨੂੰ ਪਾਕਿਸਤਾਨੀ ਪਿਸਤੌਲਾਂ ਅਤੇ ਹੈਰੋਇਨ ਸਣੇ ਗ੍ਰਿਫ਼ਤਾਰ ਕਰਨਾ ਇਸ ਦੀ ਤਾਜ਼ਾ ਉਦਾਹਰਣ ਹੈ। ਅੰਮ੍ਰਿਤਸਰ, ਤਰਨ ਤਾਰਨ, ਫ਼ਿਰੋਜ਼ਪੁਰ ਅਤੇ ਫ਼ਾਜ਼ਿਲਕਾ ਦੇ ਸਰਹੱਦੀ ਪਿੰਡ ਤਸਕਰਾਂ ਦੇ ਆਸਾਨ ਸ਼ਿਕਾਰ ਬਣ ਰਹੇ ਹਨ, ਜਿੱਥੇ ਗ਼ਰੀਬੀ ਅਤੇ ਬੇਰੁਜ਼ਗਾਰੀ ਨਾਲ ਜੂਝ ਰਹੇ ਪਰਿਵਾਰਾਂ ਦੀ ਮਜਬੂਰੀ ਦਾ ਉਨ੍ਹਾਂ ਵੱਲੋਂ ਯੋਜਨਾਬੱਧ ਤਰੀਕੇ ਨਾਲ ਨਾਜਾਇਜ਼ ਫ਼ਾਇਦਾ ਉਠਾਇਆ ਜਾ ਰਿਹਾ ਹੈ। ਸੁਰੱਖਿਆ ਏਜੰਸੀਆਂ ਵੱਲੋਂ ਲਗਾਤਾਰ ਇਹ ਚਿਤਾਵਨੀ ਦਿੱਤੀ ਜਾ ਰਹੀ ਹੈ ਕਿ ਪਾਕਿਸਤਾਨੀ ਤਸਕਰ ਆਪਣੇ ਭਾਰਤੀ ਸਾਥੀਆਂ ਨੂੰ ਨੌਜਵਾਨ ਮੁੰਡਿਆਂ ਨੂੰ ਇਸ ਧੰਦੇ ਵਿੱਚ ਧੱਕਣ ਲਈ ਭਰਤੀ ਕਰਨ ਦੇ ਨਿਰਦੇਸ਼ ਦੇ ਰਹੇ ਹਨ। ਇਸ ਦੇ ਦੋ ਮੁੱਖ ਕਾਰਨ ਹਨ। ਪਹਿਲਾ ਇਹ ਕਿ ਇਨ੍ਹਾਂ ਬੱਚਿਆਂ ਦਾ ਕੋਈ ਪੁਰਾਣਾ ਅਪਰਾਧਕ ਰਿਕਾਰਡ ਨਾ ਹੋਣ ਕਰਕੇ ਪੁਲੀਸ ਜਾਂ ਸੁਰੱਖਿਆ ਬਲਾਂ ਨੂੰ ਇਨ੍ਹਾਂ 'ਤੇ ਸ਼ੱਕ ਨਹੀਂ ਹੁੰਦਾ। ਦੂਜਾ, ਬਾਲ ਨਿਆਂ ਕਾਨੂੰਨ ਕਾਰਨ ਇਹ ਸਖ਼ਤ ਸਜ਼ਾ ਤੋਂ ਬਚ ਜਾਂਦੇ ਹਨ। ਬਦਕਿਸਮਤੀ ਨਾਲ ਬਹੁਤ ਸਾਰੇ ਨੌਜਵਾਨ ਇਸ ਦਲਦਲ ਵਿੱਚ ਧਸਦੇ ਜਾ ਰਹੇ ਹਨ। ਕਈ ਨੌਜਵਾਨ ਸੋਸ਼ਲ ਮੀਡੀਆ 'ਤੇ ਹਥਿਆਰਾਂ ਦੀ ਨੁਮਾਇਸ਼ ਤੋਂ ਪ੍ਰਭਾਵਿਤ ਹੋ ਗਏ ਹਨ ਅਤੇ ਕਈ ਡਰੋਨਾਂ ਰਾਹੀਂ ਸੁੱਟੇ ਗਏ ਨਸ਼ਿਆਂ ਤੇ ਹਥਿਆਰਾਂ ਦੀ ਡਿਲਿਵਰੀ ਕਰਨ ਦਾ ਕੰਮ ਕਰ ਰਹੇ ਹਨ। ਸਭ ਤੋਂ ਵੱਡੀ ਹੈਰਾਨੀ ਦੀ ਗੱਲ ਇਹ ਹੈ ਕਿ ਆਪਣੇ ਨਾਲ ਦੇ ਸਾਥੀਆਂ ਦੇ ਫੜੇ ਜਾਣ ਤੋਂ ਬਾਅਦ ਵੀ ਇਨ੍ਹਾਂ ਅੱਲ੍ਹੜ ਨੌਜਵਾਨਾਂ ਦੇ ਮਨਾਂ ਵਿੱਚ ਕੋਈ ਡਰ ਪੈਦਾ ਨਹੀਂ ਹੋ ਰਿਹਾ। ਉਹ ਰਾਤੋ-ਰਾਤ ਅਮੀਰ ਹੋਣ ਦੇ ਚੱਕਰ ਵਿੱਚ ਆਪਣੀ ਜ਼ਿੰਦਗੀ ਨੂੰ ਦਾਅ 'ਤੇ ਲਾਉਣ ਲਈ ਤਿਆਰ ਹਨ। ਸਰਹੱਦੀ ਪਿੰਡਾਂ ਦੀ ਇਹ ਮਜਬੂਰੀ ਸਾਫ਼ ਦੱਸਦੀ ਹੈ ਕਿ ਉੱਥੇ ਰੁਜ਼ਗਾਰ ਦੇ ਸਾਧਨ ਬਿਲਕੁਲ ਨਹੀਂ ਹਨ ਅਤੇ ਸਰਕਾਰਾਂ ਨੇ ਉਨ੍ਹਾਂ ਨੂੰ ਰੱਬ ਆਸਰੇ ਛੱਡ ਦਿੱਤਾ ਹੈ। ਸਿਰਫ਼ ਸਰਹੱਦ 'ਤੇ ਪਹਿਰਾ ਸਖ਼ਤ ਕਰ ਦੇਣ ਨਾਲ ਗੱਲ ਨਹੀਂ ਬਣਨੀ। ਕੇਂਦਰ ਅਤੇ ਪੰਜਾਬ ਸਰਕਾਰ ਨੂੰ ਮਿਲ ਕੇ ਜ਼ਮੀਨੀ ਪੱਧਰ 'ਤੇ ਕੰਮ ਕਰਨ ਦੀ ਲੋੜ ਹੈ ਤਾਂ ਜੋ ਸਰਹੱਦੀ ਇਲਾਕਿਆਂ 'ਚ ਰਹਿਣ ਵਾਲੇ ਲੋਕਾਂ ਦਾ ਇਹ ਡਰ ਖ਼ਤਮ ਹੋ ਸਕੇ ਕਿ ਦੇਸ਼ ਦੀ ਤਰੱਕੀ ਵਿੱਚ ਉਨ੍ਹਾਂ ਦਾ ਕੋਈ ਹਿੱਸਾ ਹੀ ਨਹੀਂ ਹੈ। ਨਾਬਾਲਗਾਂ ਦੀ ਜ਼ਿਆਦਾ ਗਿਣਤੀ ਦਾ ਤਸਕਰੀ ਅਤੇ ਹਥਿਆਰਾਂ ਵਿਚ ਜਾਣਾ ਬੇਹੱਦ ਹੀ ਨਿਰਾਸ਼ਾਜਨਕ ਹੈ।

-ਛੱਤਰਪਾਲ ਸਿੰਘ

Shaheedeazamnews.com

ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਮੁੱਖ ਮੰਤਰੀ ਨੇ ਹੋਰ 355 ਨੌਜਵਾਨਾਂ ਨੂੰ ਸੌਂਪੇ ਨਿਯੁਕਤੀ ਪੱਤਰ; ਕਿਹਾ, ਪੰਜਾਬ ਵਿੱਚ ਸਰਕਾਰੀ ਨੌਕਰੀਆਂ ਲਈ ਸਿਰਫ਼ ਯੋਗਤਾ ਹੀ ਇੱਕੋ-ਇੱਕ ਮਾਪਦੰਡ

**ਚੰਡੀਗੜ੍ਹ, 9 ਜੂਨ/-ਪੱਤਰ ਪ੍ਰੇਰਕ-**

ਪੰਜਾਬ ਸਰਕਾਰ ਦੀ ਰੋਜ਼ਗਾਰ ਮੁਹਿੰਮ ਵਿੱਚ ਇੱਕ ਹੋਰ ਮੀਲ ਪੱਥਰ ਕਾਇਮ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 355 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ, ਜਿਸ ਨਾਲ ਉਨ੍ਹਾਂ ਦੀ ਸਰਕਾਰ ਦੇ ਗਠਨ ਤੋਂ ਲੈ ਕੇ ਹੁਣ ਤੱਕ ਦਿੱਤੀਆਂ ਗਈਆਂ ਕੁੱਲ ਸਰਕਾਰੀ ਨੌਕਰੀਆਂ ਦੀ ਗਿਣਤੀ 67,037 ਹੋ ਗਈ ਹੈ। ਇਸ ਪ੍ਰਾਪਤੀ ਨੂੰ ਪੰਜਾਬ ਵਿੱਚ ਨਵੀਂ ਭਰਤੀ ਵਿਵਸਥਾ ਦਾ ਪ੍ਰਤੱਖ ਪ੍ਰਮਾਣ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਹਿਲੀ ਵਾਰ ਸਰਕਾਰੀ ਨੌਕਰੀਆਂ ਸਿਰਫ਼ ਯੋਗਤਾ, ਪਾਰਦਰਸ਼ਤਾ ਅਤੇ ਨਿਰਪੱਖ ਮੁਕਾਬਲੇ ਦੇ ਆਧਾਰ 'ਤੇ ਬਿਨਾਂ ਕਿਸੇ ਸਿਫ਼ਾਰਸ਼, ਰਾਜਨੀਤਿਕ ਪ੍ਰਭਾਵ ਜਾਂ ਭ੍ਰਿਸ਼ਟਾਚਾਰ ਦੇ ਦਿੱਤੀਆਂ ਜਾ ਰਹੀਆਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਨੀਟ ਵਰਗੀਆਂ ਪੇਪਰ ਲੀਕ ਦੀਆਂ ਘਟਨਾਵਾਂ ਨੇ ਦੇਸ਼ ਭਰ ਦੇ ਨੌਜਵਾਨਾਂ ਦੇ ਵਿਸ਼ਵਾਸ ਨੂੰ ਹਿਲਾ ਕੇ ਰੱਖ ਦਿੱਤਾ ਹੈ ਅਤੇ 2017 ਤੋਂ ਲੈ ਕੇ ਹੁਣ ਤੱਕ ਦੇਸ਼ ਭਰ ਵਿੱਚ 93 ਪੇਪਰ ਲੀਕ ਹੋਣ ਦੀਆਂ ਰਿਪੋਰਟਾਂ ਹਨ। ਉਨ੍ਹਾਂ ਕਿਹਾ ਕਿ ਇਸਦੇ ਉਲਟ ਪੰਜਾਬ ਵੱਲ ਝਾਤ ਮਾਰੀਏ ਤਾਂ ਸਾਲ 2022 ਤੋਂ ਇੱਕ ਵੀ ਪੇਪਰ ਲੀਕ ਹੋਣ ਦਾ ਮਾਮਲਾ ਸਾਹਮਣੇ ਨਹੀਂ ਆਇਆ।

ਨੌਜਵਾਨਾਂ ਦੇ ਸਸ਼ਕਤੀਕਰਨ ਲਈ ਸਰਕਾਰ ਦੇ ਵਿਆਪਕ ਦ੍ਰਿਸ਼ਟੀਕੋਣ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਨਾ ਸਿਰਫ਼ ਨੌਕਰੀਆਂ ਪੈਦਾ ਕਰ ਰਿਹਾ ਹੈ ਬਲਕਿ ਅਜਿਹੇ ਮੌਕੇ ਵੀ ਪੈਦਾ ਕਰ ਰਿਹਾ ਹੈ ਜੋ ਨੌਜਵਾਨਾਂ ਨੂੰ ਆਪਣੇ ਸੂਬੇ ਵਿੱਚ ਰਹਿਣ, ਅੱਗੇ ਵਧਣ ਅਤੇ ਸਫਲ ਹੋਣ ਲਈ ਉਤਸ਼ਾਹਿਤ ਕਰਦੇ ਹਨ। ਉਨ੍ਹਾਂ ਨੇ ਹੁਨਰਮੰਦ ਨੌਜਵਾਨਾਂ ਦੀ ਹਿਜਰਤ ਦੇ ਰੁਝਾਨ ਨੂੰ ਪੁੱਠਾ ਗੇੜ ਪੈਣ, 65,000 ਠੇਕਾ ਕਰਮਚਾਰੀਆਂ ਲਈ ਰੈਗੂਲਰ ਨੌਕਰੀ ਦਾ ਰਾਹ ਖੁੱਲ੍ਹਣ, 25 ਨਵੀਆਂ ਆਈ.ਟੀ.ਆਈਜ਼ ਅਤੇ 13 ਮੌਜੂਦਾ ਆਈ.ਟੀ.ਆਈਜ਼ ਸੰਸਥਾਵਾਂ ਦੇ ਅਪਗ੍ਰੇਡੇਸ਼ਨ ਰਾਹੀਂ ਹੁਨਰ ਵਿਕਾਸ ਵਿੱਚ ਵੱਡੇ ਨਿਵੇਸ਼ ਵੱਲ ਇਸ਼ਾਰਾ ਕਰਦਿਆਂ ਉਨ੍ਹਾਂ ਕਿਹਾ ਕਿ ਆਪ ਸਰਕਾਰ ਪੰਜਾਬ ਦੇ ਨੌਜਵਾਨਾਂ ਨੂੰ ਦੇਸ਼ ਵਿੱਚ ਰਹਿ ਕੇ ਹੀ ਆਪਣਾ ਭਵਿੱਖ ਬਣਾਉਣ ਵਾਸਤੇ ਉਨ੍ਹਾਂ ਨੂੰ ਵਿਸ਼ਵਾਸ ਨਾਲ ਭਰਨ, ਢੁਕਵੇਂ ਮੌਕੇ ਅਤੇ ਹਰ ਸੰਭਵ ਸਹਾਇਤਾ ਦੇਣ ਲਈ ਵਚਨਬੱਧ ਹੈ।



ਤਕਨੀਕੀ ਸਿੱਖਿਆ, ਸਹਿਕਾਰਤਾ, ਸਥਾਨਕ ਸਰਕਾਰਾਂ, ਜਲ ਸਪਲਾਈ ਤੇ ਸੈਨੀਟੇਸ਼ਨ, ਪਸ਼ੂ ਪਾਲਣ, ਲੋਕ ਨਿਰਮਾਣ, ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਅਤੇ ਹੋਰ ਵਿਭਾਗਾਂ ਵਿੱਚ ਨਵੇਂ ਚੁਣੇ ਗਏ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਵੰਡੇ ਸਮਾਰੋਹ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਦਿਨ ਪੰਜਾਬ ਸਰਕਾਰ ਦੇ ਸੂਬੇ ਦੇ ਨੌਜਵਾਨਾਂ ਨੂੰ ਰੋਜ਼ਗਾਰ ਅਤੇ ਚੰਗੇ ਸ਼ਾਸਨ ਰਾਹੀਂ ਸਸ਼ਕਤ ਬਣਾਉਣ ਦੇ ਚੱਲ ਰਹੇ ਮਿਸ਼ਨ ਵਿੱਚ ਇੱਕ ਹੋਰ ਮਹੱਤਵਪੂਰਨ ਮੀਲ ਪੱਥਰ ਹੈ।

ਇਸ ਸਮਾਗਮ ਦੀਆਂ ਕੁਝ ਝਲਕੀਆਂ ਸਾਂਝੀਆਂ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੇ ਐਕਸ ਹੈਂਡਲ 'ਤੇ ਕਿਹਾ ਅੱਜ 355 ਹੋਰ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ, ਜਿਸ ਨਾਲ ਹੁਣ ਤੱਕ ਦਿੱਤੀਆਂ ਗਈਆਂ ਸਰਕਾਰੀ ਨੌਕਰੀਆਂ ਦੀ ਕੁੱਲ ਗਿਣਤੀ 67,037 ਹੋ ਗਈ ਹੈ। ਇਹ ਸਾਰੀਆਂ ਨੌਕਰੀਆਂ ਪੂਰੀ ਤਰ੍ਹਾਂ ਯੋਗਤਾ ਅਤੇ ਪਾਰਦਰਸ਼ਤਾ ਦੇ ਆਧਾਰ 'ਤੇ ਦਿੱਤੀਆਂ ਗਈਆਂ ਹਨ। ਅਜਿਹੇ ਸਮੇਂ ਜਦੋਂ ਦੇਸ਼ ਭਰ ਵਿੱਚ ਨੀਟ ਵਰਗੇ ਪੇਪਰ ਲੀਕ ਹੋ ਰਹੇ ਹਨ, ਪੰਜਾਬ ਨੇ ਇਮਾਨਦਾਰੀ, ਪਾਰਦਰਸ਼ਤਾ ਤੇ ਨਿਰਪੱਖਤਾ ਨਾਲ ਭਰਤੀ ਪ੍ਰਕਿਰਿਆਵਾਂ ਨੂੰ ਯਕੀਨੀ ਬਣਾ ਕੇ ਅਤੇ ਸਿੱਖਿਆ ਦੇ ਖੇਤਰ ਵਿੱਚ ਦੇਸ਼ ਭਰ 'ਚੋਂ ਸਿਖਰਲਾ ਸਥਾਨ ਹਾਸਲ ਕਰਕੇ ਮਿਸਾਲ ਕਾਇਮ ਕੀਤੀ ਹੈ। ਮੈਂ ਨਵੇਂ ਭਰਤੀ ਹੋਏ ਉਮੀਦਵਾਰਾਂ ਨੂੰ ਸਰਕਾਰੀ ਦਫਤਰਾਂ ਵਿੱਚ ਸੀਨੀਅਰ ਨਾਗਰਿਕਾਂ ਅਤੇ ਆਮ ਲੋਕਾਂ ਦੇ ਕੰਮ ਨੂੰ ਤਰਜੀਹ ਦੇਣ ਦੀ ਅਪੀਲ ਕਰਦਾ ਹਾਂ। 'ਆਪ' ਸਰਕਾਰ ਨੌਜਵਾਨਾਂ ਦੇ ਵਿਦੇਸ਼ਾਂ ਵੱਲ ਪ੍ਰਵਾਸ ਨੂੰ ਰੋਕਣ ਅਤੇ ਉਨ੍ਹਾਂ ਨੂੰ ਪੰਜਾਬ ਵਿੱਚ ਹੀ ਤਰੱਕੀ ਦੇ ਮੌਕੇ ਪ੍ਰਦਾਨ ਕਰਕੇ ਉਨ੍ਹਾਂ ਦੇ ਸੁਪਨਿਆਂ ਨੂੰ ਖੰਭ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਨਵ-ਨਿਯੁਕਤ ਉਮੀਦਵਾਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵਧਾਈ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਾਡੀ ਸਰਕਾਰ ਵਿੱਚ ਉਮੀਦਵਾਰਾਂ ਦੀ ਚੋਣ ਦਾ ਇੱਕੋ ਇੱਕ ਮਾਪਦੰਡ ਸਖ਼ਤ ਮਿਹਨਤ, ਸਮਰਪਣ ਅਤੇ ਯੋਗਤਾ ਹੈ।
ਉਹ ਦਿਨ ਗਏ ਜਦੋਂ ਸਰਕਾਰੀ ਨੌਕਰੀਆਂ ਰਿਸ਼ਵਤ, ਸਿਫਾਰਸ਼ਾਂ ਜਾਂ ਰਾਜਨੀਤਿਕ ਸਬੰਧਾਂ ਦੇ ਆਧਾਰ 'ਤੇ ਵੰਡੀਆਂ ਜਾਂਦੀਆਂ ਸਨ। ਅੱਜ, ਯੋਗ ਉਮੀਦਵਾਰਾਂ ਨੂੰ ਨਿਰਪੱਖ ਅਤੇ ਪਾਰਦਰਸ਼ੀ ਪ੍ਰਕਿਰਿਆ ਰਾਹੀਂ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ। ਇਨ੍ਹਾਂ ਨੌਜਵਾਨਾਂ ਨੇ ਸਫਲਤਾ ਪ੍ਰਾਪਤ ਕਰਨ ਲਈ ਦਿਨ-ਰਾਤ ਮਿਹਨਤ ਕੀਤੀ ਹੈ ਅਤੇ ਇਹ ਉਨ੍ਹਾਂ ਦੇ ਸਫ਼ਰ ਦੀ ਸਿਰਫ਼ ਇੱਕ ਸ਼ੁਰੂਆਤ ਹੈ। ਉਨ੍ਹਾਂ ਲਈ ਤਰੱਕੀ ਦੀ ਉਡਾਰੀ ਭਰਨ ਵਾਸਤੇ ਆਸਮਾਨ ਖੁੱਲ੍ਹਾ ਹੈ ਅਤੇ ਮੈਂ ਸਾਰੇ ਉਮੀਦਵਾਰਾਂ ਨੂੰ ਅੱਗੇ ਹੋਰ ਵੱਡੇ ਮੁਕਾਮ ਹਾਸਲ ਕਰਨ ਵਾਸਤੇ ਯਤਨਸ਼ੀਲ ਰਹਿਣ ਦੀ ਸਲਾਹ ਦਿੰਦਾ ਹਾਂ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੱਜ ਤੋਂ ਇਹ ਨਵ-ਨਿਯੁਕਤ ਕਰਮਚਾਰੀ ਸਰਕਾਰੀ ਪਰਿਵਾਰ ਦਾ ਇੱਕ ਅਨਿੱਖੜਵਾਂ ਅੰਗ ਬਣ ਗਏ ਹਨ ਅਤੇ ਇਹ ਕਰਮਚਾਰੀ ਖੁਸ਼ਹਾਲ ਤੇ ਰੰਗਲੇ ਪੰਜਾਬ ਦੇ ਨਿਰਮਾਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਉਨ੍ਹਾਂ ਕਿਹਾ, ਅਸੀਂ ਸਾਰੇ ਇਕਜੁੱਟ ਹੋ ਕੇ ਰੰਗਲੇ ਪੰਜਾਬ ਦੀ ਸ਼ਾਨ ਨੂੰ ਬਹਾਲ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਾਂਗੇ। ਤੁਹਾਡੇ ਵਿੱਚੋਂ ਹਰ ਇੱਕ ਦੀ ਹੁਣ ਸਮਾਜ ਅਤੇ ਸੂਬੇ ਪ੍ਰਤੀ ਇੱਕ ਅਹਿਮ ਜ਼ਿੰਮੇਵਾਰੀ ਹੈ। ਸਰਕਾਰ ਨੇ ਤੁਹਾਨੂੰ ਮੌਕੇ ਪ੍ਰਦਾਨ ਕਰਕੇ ਆਪਣਾ ਫਰਜ਼ ਨਿਭਾਇਆ ਹੈ। ਹੁਣ ਤੁਹਾਡੀ ਵਾਰੀ ਹੈ ਕਿ ਤੁਸੀਂ ਇਮਾਨਦਾਰੀ, ਸਮਰਪਣ ਅਤੇ ਵਚਨਬੱਧਤਾ ਨਾਲ ਲੋਕਾਂ ਦੀ ਸੇਵਾ ਕਰੋ।

ਪੰਜਾਬ ਸਰਕਾਰ ਵੱਲੋਂ ਅਪਣਾਈ ਗਈ ਪਾਰਦਰਸ਼ੀ ਭਰਤੀ ਪ੍ਰਕਿਰਿਆ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੇ ਰਿਕਾਰਡ ਦੀ ਤੁਲਨਾ ਦੇਸ਼ ਦੇ ਕਈ ਹੋਰ ਹਿੱਸਿਆਂ ਦੀ ਮੌਜੂਦਾ ਸਥਿਤੀ ਨਾਲ ਕੀਤੀ। ਉਨ੍ਹਾਂ ਕਿਹਾ, 2017 ਤੋਂ ਲੈ ਕੇ ਹੁਣ ਤੱਕ ਦੇਸ਼ ਭਰ ਵਿੱਚ ਲਗਭਗ 93 ਪ੍ਰੀਖਿਆ ਪੇਪਰ ਲੀਕ ਹੋਣ ਦੀ ਰਿਪੋਰਟ ਮਿਲੀ ਹੈ। ਨੀਟ ਸਮੇਤ ਪ੍ਰਮੁੱਖ ਪ੍ਰੀਖਿਆਵਾਂ ਨਾਲ ਜੁੜੀਆਂ ਅਜਿਹੀਆਂ ਘਟਨਾਵਾਂ ਨੇ ਲੱਖਾਂ ਨੌਜਵਾਨਾਂ ਨੂੰ ਨਿਰਾਸ਼ ਕੀਤਾ ਹੈ। ਹਾਲਾਂਕਿ, 2022 ਵਿੱਚ ਸਾਡੀ ਸਰਕਾਰ ਦੇ ਸੱਤਾ ਸੰਭਾਲਣ ਤੋਂ ਬਾਅਦ, ਪੰਜਾਬ ਵਿੱਚ ਇੱਕ ਵੀ ਪੇਪਰ ਲੀਕ ਹੋਣ ਦੀ ਘਟਨਾ ਸਾਹਮਣੇ ਨਹੀਂ ਆਈ ਹੈ। ਇਸ ਕਾਰਨ ਇਹ ਹੈ ਕਿ ਸੂਬੇ ਵਿੱਚ ਇੱਕ ਇਮਾਨਦਾਰ ਸਰਕਾਰ ਕੰਮ ਕਰ ਰਹੀ ਹੈ। ਹੋਣਹਾਰ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਅਤੇ ਮਿਹਨਤ ਦੇ ਆਧਾਰ 'ਤੇ ਨੌਕਰੀਆਂ ਅਤੇ ਮੌਕੇ ਮਿਲ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੈਰਿਟ ਦੇ ਆਧਾਰ 'ਤੇ ਹੁਣ ਤੱਕ 67,037 ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ ਅਤੇ ਹਰ ਨਿਯੁਕਤੀ ਭ੍ਰਿਸ਼ਟਾਚਾਰ, ਭਾਈ-ਭਤੀਜਾਵਾਦ ਜਾਂ ਪੱਖਪਾਤ ਤੋਂ ਬਿਨਾਂ ਕੀਤੀ ਗਈ ਹੈ।

ਸਿੱਖਿਆ ਕ੍ਰਾਂਤੀ ਤਹਿਤ ਸਰਕਾਰ ਵੱਲੋਂ ਕੀਤੇ ਸਿੱਖਿਆ ਸੁਧਾਰਾਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਸ਼ਾਨਦਾਰ ਤਬਦੀਲੀ ਲਿਆਂਦੀ ਗਈ ਹੈ। ਉਨ੍ਹਾਂ ਕਿਹਾ, ਜਦੋਂ ਸਾਡੀ ਸਰਕਾਰ ਨੇ ਸੱਤਾ ਸੰਭਾਲੀ ਸੀ ਤਾਂ ਸਕੂਲ ਸਿੱਖਿਆ ਵਿੱਚ ਪੰਜਾਬ ਦੇਸ਼ ਭਰ ਵਿੱਚੋਂ 27ਵੇਂ ਸਥਾਨ 'ਤੇ ਸੀ। ਅੱਜ, ਨੀਤੀ ਆਯੋਗ ਅਨੁਸਾਰ ਪੰਜਾਬ ਨੇ ਸਕੂਲ ਸਿੱਖਿਆ ਵਿੱਚ ਕੇਰਲਾ ਵਰਗੇ ਸੂਬਿਆਂ ਨੂੰ ਪਛਾੜਦਿਆਂ ਪਹਿਲੇ ਨੰਬਰ 'ਤੇ ਕਬਜ਼ਾ ਕੀਤਾ ਹੈ। ਇਹ ਪ੍ਰਾਪਤੀ ਇਸ ਲਈ ਸੰਭਵ ਹੋਈ ਹੈ ਕਿਉਂਕਿ ਅਸੀਂ ਸਰਕਾਰੀ ਸਕੂਲਾਂ ਨੂੰ ਮਜ਼ਬੂਤ ਕਰਨ ਅਤੇ ਵਿਸ਼ਵ ਪੱਧਰੀ ਵਿਦਿਅਕ ਬੁਨਿਆਦੀ ਢਾਂਚਾ ਵਿਕਸਤ ਵਿੱਚ ਨਿਵੇਸ਼ ਕੀਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਭਰ ਦੇ ਸਕੂਲ ਹੁਣ ਅਤਿ-ਆਧੁਨਿਕ ਸਹੂਲਤਾਂ ਅਤੇ ਆਧੁਨਿਕ ਬੁਨਿਆਦੀ ਢਾਂਚੇ ਨਾਲ ਲੈਸ ਹਨ ਜਿਸ ਨਾਲ ਸਕੂਲਾਂ ਵਿੱਚ ਇੱਕ ਅਜਿਹਾ ਮਾਹੌਲ ਸਿਰਜਿਆ ਗਿਆ ਹੈ ਜੋ ਸਿੱਖਣ, ਨਵੀਨਤਾ ਅਤੇ ਉੱਤਮਤਾ ਨੂੰ ਉਤਸ਼ਾਹਿਤ ਕਰਦਾ ਹੈ। ਉਨ੍ਹਾਂ ਅੱਗੇ ਕਿਹਾ, ਵਿਦਿਆਰਥੀ ਹਰ ਖੇਤਰ ਵਿੱਚ ਬਿਹਤਰ ਕਾਰਗੁਜ਼ਾਰੀ ਦਿਖਾ ਰਹੇ ਹਨ ਕਿਉਂਕਿ ਉਹ ਹੁਣ ਸਰਕਾਰੀ ਸਕੂਲਾਂ ਵਿੱਚ ਮਿਆਰੀ ਸਿੱਖਿਆ ਪ੍ਰਾਪਤ ਕਰ ਰਹੇ ਹਨ। ਪੰਜਾਬ ਦੇ ਸਿੱਖਿਆ ਖੇਤਰ ਵਿੱਚ ਜੋ ਤਬਦੀਲੀ ਆਈ ਹੈ ਉਹ ਬੇਮਿਸਾਲ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਬੇਹੱਦ ਮਾਣ ਅਤੇ ਸੰਤੁਸ਼ਟੀ ਵਾਲੀ ਗੱਲ ਹੈ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਹੁਣ ਵਿਸ਼ਵ ਪੱਧਰੀ ਸਿਖਲਾਈ ਪ੍ਰਾਪਤ ਅਧਿਆਪਕ ਸਿੱਖਿਆ ਪ੍ਰਦਾਨ ਕਰ ਰਹੇ ਹਨ। ਉਨ੍ਹਾਂ ਕਿਹਾ, ਸਾਡੇ ਪ੍ਰਿੰਸੀਪਲਾਂ ਅਤੇ ਸਿੱਖਿਆ ਅਧਿਕਾਰੀਆਂ ਨੇ ਸਿੰਗਾਪੁਰ ਵਿੱਚ ਵਿਸ਼ਵ ਪੱਧਰੀ ਸਿਖਲਾਈ ਪ੍ਰਾਪਤ ਕੀਤੀ ਹੈ। ਮੁੱਖ ਅਧਿਆਪਕਾਂ ਨੇ ਆਈਆਈਐਮ ਅਹਿਮਦਾਬਾਦ ਵਿੱਚ ਉੱਨਤ ਸਿਖਲਾਈ ਪ੍ਰਾਪਤ ਕੀਤੀ ਹੈ। ਪ੍ਰਾਇਮਰੀ ਅਧਿਆਪਕਾਂ ਨੇ ਫਿਨਲੈਂਡ ਦੀ ਤੁਰਕੂ ਯੂਨੀਵਰਸਿਟੀ ਤੋਂ ਵਿਸ਼ੇਸ਼ ਸਿਖਲਾਈ ਪ੍ਰਾਪਤ ਕੀਤੀ ਹੈ। ਇਨ੍ਹਾਂ ਪਹਿਲਕਦਮੀਆਂ ਦਾ ਉਦੇਸ਼ ਸਾਡੇ ਅਧਿਆਪਕਾਂ ਦੀ ਮੁਹਾਰਤ ਵਿੱਚ ਵਾਧਾ ਕਰਨਾ ਹੈ ਤਾਂ ਜੋ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਦਿੱਤੀ ਜਾ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ 118 ਸਕੂਲ ਆਫ਼ ਐਮੀਨੈਂਸ ਸਥਾਪਤ ਕੀਤੇ ਗਏ ਹਨ ਜਿਨ੍ਹਾਂ ਦਾ ਉਦੇਸ਼ ਆਮ ਘਰਾਂ ਅਤੇ ਪਛੜੇ ਵਰਗ ਦੇ ਬੱਚਿਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਕੇ ਉਨ੍ਹਾਂ ਦੇ ਭਵਿੱਖ ਨੂੰ ਸੁਰੱਖਿਅਤ ਕਰਨਾ ਹੈ। ਉਨ੍ਹਾਂ ਕਿਹਾ, ਇਹ ਸਕੂਲ ਆਫ਼ ਐਮੀਨੈਂਸ ਆਧੁਨਿਕ ਸਿੱਖਿਆ ਦੇ ਮੰਦਰਾਂ ਵਜੋਂ ਉੱਭਰ ਰਹੇ ਹਨ। ਇਹ ਵਿਦਿਆਰਥੀਆਂ ਦੇ ਜੀਵਨ ਨੂੰ ਰੌਸ਼ਨ ਕਰ ਰਹੇ ਹਨ ਅਤੇ ਅਜਿਹੇ ਮੌਕੇ ਸਿਰਜ ਕਰ ਰਹੇ ਹਨ ਜੋ ਪਹਿਲਾਂ ਬਹੁਤੇ ਪਰਿਵਾਰਾਂ ਲਈ ਉਪਲਬਧ ਨਹੀਂ ਸਨ। ਇਹਨਾਂ ਸਕੂਲਾਂ ਦੀ ਸਫਲਤਾ ਨੂੰ ਅੰਦਾਜ਼ਾ ਇਸ ਤੱਥ ਤੋਂ ਲਗਾਇਆ ਜਾ ਸਕਦਾ ਹੈ ਕਿ ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀ ਹੁਣ ਸਕੂਲ ਆਫ਼ ਐਮੀਨੈਂਸ ਵਿੱਚ ਦਾਖਲਾ ਲੈ ਰਹੇ ਹਨ। ਇਹ ਸਰਕਾਰੀ ਸਿੱਖਿਆ ਪ੍ਰਣਾਲੀ ਪ੍ਰਤੀ ਲੋਕਾਂ ਦੇ ਵਧ ਰਹੇ ਭਰੋਸੇ ਦਾ ਪ੍ਰਤੱਖ ਪ੍ਰਮਾਣ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਸਕੂਲਾਂ ਦੇ ਵਿਦਿਆਰਥੀਆਂ ਨੂੰ ਆਰਮਡ ਫੋਰਸਿਜ਼ ਪ੍ਰੈਪਰੇਟਰੀ ਪ੍ਰੋਗਰਾਮਾਂ, ਨੀਟ, ਜੇਈਈ, ਸੀਐਲਏਟੀ, ਐਨਆਈਐਫਟੀ ਅਤੇ ਕਈ ਹੋਰ ਪ੍ਰਤੀਯੋਗੀ ਪ੍ਰੀਖਿਆਵਾਂ ਲਈ ਵਿਸ਼ੇਸ਼ ਕੋਚਿੰਗ ਪ੍ਰਦਾਨ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ, ਅਸੀਂ ਆਪਣੇ ਬੱਚਿਆਂ ਨੂੰ ਸਿਰਫ਼ ਪ੍ਰੀਖਿਆਵਾਂ ਪਾਸ ਕਰਨ ਲਈ ਹੀ ਨਹੀਂ ਸਗੋਂ ਰਾਸ਼ਟਰੀ ਪੱਧਰ 'ਤੇ ਸਫਲਤਾਪੂਰਵਕ ਮੁਕਾਬਲਾ ਕਰਨ ਅਤੇ ਹਰ ਖੇਤਰ ਵਿੱਚ ਵੱਡੇ ਅਹੁਦੇ ਹਾਸਲ ਕਰਨ ਲਈ ਤਿਆਰ ਕਰ ਰਹੇ ਹਾਂ।

ਤਕਨੀਕੀ ਸਿੱਖਿਆ ਅਤੇ ਹੁਨਰ ਵਿਕਾਸ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਵੱਲੋਂ ਨੌਜਵਾਨਾਂ ਨੂੰ ਹੁਨਰਮੰਦ ਬਣਾਉਣ ਅਤੇ ਭਵਿੱਖ ਲਈ ਤਿਆਰ ਕਰਨ ਲਈ ਠੋਸ ਕਦਮ ਚੁੱਕੇ ਜਾ ਰਹੇ ਹਨ ਤਾਂ ਜੋ ਆਧੁਨਿਕ ਉਦਯੋਗਾਂ ਅਤੇ ਉੱਭਰ ਰਹੀਆਂ ਤਕਨਾਲੋਜੀਆਂ ਦੀਆਂ ਮੰਗਾਂ ਨੂੰ ਪੂਰਾ ਕੀਤਾ ਜਾ ਸਕੇ। ਉਨ੍ਹਾਂ ਕਿਹਾ, ਅਸੀਂ ਤਕਨੀਕੀ ਸਿੱਖਿਆ ਨੂੰ ਮਜ਼ਬੂਤ ਕਰਨ ਅਤੇ ਨੌਜਵਾਨਾਂ ਵਿੱਚ ਰੁਜ਼ਗਾਰਯੋਗਤਾ ਵਧਾਉਣ ਲਈ ਕਈ ਅਹਿਮ ਪਹਿਲਕਦਮੀਆਂ ਕੀਤੀਆਂ ਹਨ।

# ਮਾਨਸੂਨ ਕਾਰਨ ਪਟਿਆਲਾ ਵਾਸੀਆਂ ਲਈ ਖ਼ਤਰੇ ਦੀ ਘੰਟੀ, ਅਜੇ ਵੀ ਸੰਭਲਣ ਦਾ ਮੌਕਾ

**ਪਟਿਆਲਾ, 9 ਜੂਨ/-ਪੱਤਰ ਪ੍ਰੇਰਕ-**

ਇਸ ਸਮੇਂ ਦੇਸ਼ 'ਚ ਤੇ ਪੰਜਾਬ ਵਿਚ ਮਾਨਸੂਨ ਸਿਰ 'ਤੇ ਆ ਚੁਕਿਆ ਹੈ ਪਰ ਪਟਿਆਲਾ ਸ਼ਹਿਰ ਅਤੇ ਜ਼ਿਲ੍ਹੇ ਨੂੰ ਡੋਬਦੀਆਂ ਨਦੀਆਂ, ਜਿਨ੍ਹਾਂ 'ਚ ਘੱਗਰ, ਪਟਿਆਲਾ ਨਦੀ, ਛੋਟੀ ਨਦੀ, ਮਾਰਕੰਡਾ, ਟਾਂਗਰੀ ਆਦਿ ਦੀ ਅਜੇ ਤੱਕ ਸਰਕਾਰ ਅਤੇ ਜ਼ਿਲਾ ਪ੍ਰਸ਼ਾਸਨ ਨੇ ਸਫਾਈ ਤੱਕ ਸ਼ੁਰੂ ਨਹੀਂ ਕਰਵਾਈ, ਜਿਸ ਕਾਰਨ ਮੁੜ ਪਟਿਆਲਾ ਡੁੱਬ ਸਕਦਾ ਹੈ ਅਤੇ ਹਾਹਾਕਾਰ ਮਚ ਸਕਦੀ ਹੈ। ਜਦਕਿ ਡੀ. ਸੀ. ਪਟਿਆਲਾ ਗਹਿਰੀ ਨੀਂਦ ਵਿਚ ਏ. ਸੀ. ਦਫਤਰ ਦਾ ਆਨੰਦ ਮਾਣ ਰਹੇ ਹਨ। ਅੱਜ ਤੱਕ ਕਿਸੇ ਵੀ ਅਧਿਕਾਰੀ ਨੇ ਇਨ੍ਹਾਂ ਦਰਿਆਵਾਂ ਦਾ ਮੁਆਇਨਾ ਨਹੀਂ ਕੀਤਾ। ਦਰਿਆਵਾਂ ਨੂੰ ਜਾ ਕੇ ਨਹੀਂ ਦੇਖਿਆ। ਪਟਿਆਲਾ ਨਦੀ, ਛੋਟੀ ਨਦੀ, ਮਾਰਕੰਡਾ, ਟਾਂਗਰੀ ਦੀ ਸਫਾਈ ਵੱਲ ਕਿਸੇ ਦਾ ਕੋਈ ਧਿਆਨ ਨਹੀਂ ਗਿਆ ਕਿਉਂਕਿ ਇਹ ਹਮੇਸ਼ਾ ਹੁੰਦਾ ਹੈ ਕਿ ਪਹਿਲਾਂ ਪਟਿਆਲਾ ਡੁੱਬਦਾ ਹੈ, ਫਿਰ ਕਰੋੜਾਂ ਰੁਪਏ ਦੇ ਫੰਡ ਬਚਾਅ ਕਾਰਜਾਂ ਲਈ ਆਉਂਦੇ ਹਨ, ਜਿਸ 'ਚੋਂ ਅੱਧੇ ਤੋਂ ਵਧ ਰਾਜਸੀ ਲੋਕਾਂ ਤੇ ਅਧਿਕਾਰੀਆਂ ਦੀਆਂ ਜੇਬਾਂ 'ਚ ਚਲੇ ਜਾਂਦੇ ਹਨ। ਇਸ ਤਰ੍ਹਾਂ ਲੱਗਦਾ ਹੈ ਕਿ ਪਟਿਆਲਾ ਨੂੰ ਇਕ ਸਾਜ਼ਿਸ਼ ਤਹਿਤ ਹੀ ਡੋਬਿਆ ਜਾਂਦਾ ਹੈ ਕਿਉਂਕਿ ਇਹ ਕਰੋੜਾਂ ਅਰਬਾਂ ਰੁਪਏ ਦੀ ਗੇਮ ਹੈ।

ਸਾਲ 2023 ਵਿਚ ਸਿਰਫ 3 ਸਾਲ ਪਹਿਲਾਂ ਪਟਿਆਲਾ ਅੰਦਰ ਹੜ੍ਹ ਆਇਆ ਸੀ। ਪਟਿਆਲਾ ਨਦੀ, ਟਾਂਗਰੀ, ਮਾਰਕੰਡਾ, ਘੱਗਰ, ਛੋਟੀ ਨਦੀ ਸਮੇਤ ਹਰ ਨਦੀ ਨਾਲੇ ਨੇ ਤਬਾਹੀ ਮਚਾਈ ਸੀ। ਤਬਾਹੀ ਦਾ ਮੰਜਰ ਇਨਾ ਕੁ ਡਰਾਉਣਾ ਸੀ ਕਿ ਸ਼ਹਿਰ ਪਟਿਆਲਾ ਦੇ ਅਰਬਨ ਅਸਟੇਟ ਵਰਗੇ ਵੀ. ਵੀ. ਆਈ. ਪੀ. ਏਰੀਆ ਵੀ ਡੁੱਬ ਗਏ ਸਨ। ਇਨ੍ਹਾਂ ਨੂੰ ਪਟਿਆਲਾ ਨਦੀ, ਛੋਟੀ ਨਦੀ ਡੁਬਾਉਂਦੀ ਹੈ। ਤਿੰਨ ਸਾਲ ਬੀਤਣ ਤੋਂ ਬਾਅਦ ਵੀ ਮੌਜੂਦਾ ਸਰਕਾਰ ਦੇ ਕਿਸੇ ਅਧਿਕਾਰੀ ਦਾ ਇਸ ਦੀ ਸਫਾਈ ਵੱਲ, ਕੰਡਿਆਂ ਦੀ ਮਜ਼ਬੂਤੀ ਲਈ ਕੋਈ ਵੀ ਧਿਆਨ ਨਹੀਂ ਗਿਆ। ਅਧਿਕਾਰੀ ਅਤੇ ਰਾਜਸੀ ਲੋਕ ਗੱਲਾਂ ਦਾ ਕੜਾਹ ਪਕਾ ਰਹੇ ਹਨ, ਜਦੋਂ ਕਿ ਗਰਾਊਂਡ ਵਿਚ ਰਿਪੋਰਟ ਜ਼ੀਰੋ ਹੈ। ਘੱਗਰ ਦੇ ਹਾਲਾਤ ਬਦ ਤੋਂ ਬਦਤਰ ਹਨ। ਟਾਂਗਰੀ, ਮਾਰਕੰਡਾ ਦਾ ਮਾੜਾ ਹਾਲ ਹੈ। ਤਿੰਨ ਸਾਲ ਪਹਿਲਾਂ ਹਲਕਾ ਸਨੌਰ, ਘਨੌਰ, ਰਾਜਪੁਰਾ, ਸਮਾਣਾ ਅਤੇ ਪਾਤੜਾਂ ਦੇ ਪਿੰਡਾਂ ਦੇ ਪਿੰਡ ਡੁੱਬ ਗਏ ਸਨ। ਲੱਖਾਂ ਕਰੋੜਾਂ ਰੁਪਏ ਦਾ ਲੋਕਾਂ ਦਾ ਨੁਕਸਾਨ ਹੋਇਆ ਸੀ। ਉਦੋਂ ਵੀ ਵੱਡੀਆਂ-ਵੱਡੀਆਂ ਡੀਂਗਾਂ ਮੌਜੂਦਾ ਸਰਕਾਰ ਦੇ ਅਧਿਕਾਰੀਆਂ ਨੇ ਮਾਰੀਆਂ ਸੀ ਕਿ ਆਉਣ ਵਾਲੇ ਸਮੇਂ ਅੰਦਰ ਸਭ ਕੁਝ ਸਹੀ ਹੋ ਜਾਵੇਗਾ ਪਰ ਅਜਿਹਾ ਕੁਝ ਨਹੀਂ ਹੋਇਆ। ਇਸ ਸਮੇਂ ਹਾਲਾਤ ਹਾਲੋ-ਬੇਹਾਲ ਹਨ। ਜੇਕਰ ਮਾਨਸੂਨ ਜ਼ੋਰਾਂ ਨਾਲ ਪੈ ਗਈ ਤਾਂ ਪਟਿਆਲਾ ਨੂੰ ਡੁੱਬਣ ਤੋਂ ਕੋਈ ਨਹੀਂ ਰੋਕ ਸਕਦਾ। ਪਟਿਆਲਾ ਨੂੰ ਡੁਬਾਉਣ ਲਈ ਸਿੱਧੇ ਤੌਰ 'ਤੇ ਜ਼ਿਲਾ ਪ੍ਰਸ਼ਾਸਨ ਖਾਸ ਕਰ ਕੇ ਜ਼ਿਲਾ ਪ੍ਰਸ਼ਾਸਨ ਦੇ ਮੁਖੀ ਡੀ. ਸੀ. ਪਟਿਆਲਾ ਜ਼ਿੰਮੇਵਾਰ ਹੋਣਗੇ।

**3 ਸਾਲ ਪਹਿਲਾਂ ਵੀ ਜ਼ਿਲਾ ਪ੍ਰਸ਼ਾਸਨ ਨੇ ਹੜ੍ਹ ਖੜ੍ਹੇ ਕੀਤੇ ਸਨ ਤਾਂ ਮਿਲਟਰੀ ਨੇ ਸੰਭਾਲਿਆ ਸੀ ਮੋਰਚਾ**

3 ਸਾਲ ਪਹਿਲਾਂ ਜਦੋਂ ਪਟਿਆਲਾ 'ਚ ਹੜ੍ਹ ਆਏ ਤਾਂ ਉਸ ਸਮੇਂ ਜ਼ਿਲਾ ਪ੍ਰਸ਼ਾਸਨ ਦੇ ਹੱਥ ਖੜ੍ਹੇ ਹੋ ਗਏ ਸਨ। ਆਖਿਰ ਲੋਕਾਂ ਨੂੰ ਡੁਬਦਿਆਂ ਦੇਖ ਕੇ ਮਿਲਟਰੀ ਨੇ ਆਕੇ ਮੋਰਚਾ ਸੰਭਾਲਿਆ ਸੀ। ਅਸਲ 'ਚ ਜ਼ਿਲਾ ਪ੍ਰਸ਼ਾਸਨ ਦੇ ਅਧਿਕਾਰੀ ਪਹਿਲਾਂ ਕੁੰਭਕਰਨੀ ਨੀਂਦ ਸੁੱਤੇ ਰਹਿੰਦੇ ਹਨ। ਜਦੋਂ ਬਿਪਤਾ ਪੈਂਦੀ ਹੈ ਤਾਂ ਹੱਥ ਖੜ੍ਹੇ ਕਰ ਦਿੰਦੇ ਹਨ। ਪਟਿਆਲਾ ਨਾਲ ਹੜ੍ਹਾਂ ਦਾ ਗੂੜ੍ਹਾ ਰਿਸ਼ਤਾ ਹੈ। ਇਸ ਲਈ ਇਥੇ ਬੇਹੱਦ ਜ਼ਰੂਰੀ ਹੈ ਕਿ ਨਦੀਆਂ, ਨਾਲਿਆਂ ਦੀ ਸਫਾਈ ਸਹੀ ਢੰਗ ਨਾਲ ਕਰਵਾਈ ਜਾਵੇ ਤੇ ਉਨ੍ਹਾਂ ਦੇ ਕਿਨਾਰਿਆਂ ਨੂੰ ਪੱਕਾ ਕੀਤਾ ਜਾਵੇ।

ਲੰਘੇ ਸਾਲ ਆਮ ਆਦਮੀ ਪਾਰਟੀ ਦੇ ਬਾਗੀ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੇ ਹੜ੍ਹਾਂ ਨੂੰ ਲੈ ਕੇ ਮੁੱਦਿਆਂ ਚੁੱਕਿਆ ਸੀ। ਉਸ ਸਮੇਂ ਉਹ ਆਮ ਆਦਮੀ ਪਾਰਟੀ ਦੇ ਪੂਰੀ ਚੜ੍ਹਾਈ ਵਾਲੇ ਵਿਧਾਇਕ ਸਨ, ਉਨ੍ਹਾਂ ਨੇ ਸਰਕਾਰ ਨੂੰ ਸ਼ੀਸਾ ਦਿਖਾਇਆ ਸੀ ਕਿ ਜੇਕਰ ਤੁਸੀਂ ਟਾਂਗਰੀ, ਮਾਰਕੰਡਾ, ਘੱਗਰ ਆਦਿ ਤੋਂ ਮਿੱਟੀ ਨਹੀਂ ਕੱਢਦੇ ਤੇ ਇਨਾ ਦੇ ਕੰਡੇ ਮਜ਼ਬੂਤ ਨਹੀਂ ਕਰਦੇ ਤਾਂ ਹੜ੍ਹਾਂ ਨੂੰ ਰੋਕਿਆ ਨਹੀਂ ਜਾ ਸਕਦਾ। ਹਰਮੀਤ ਪਠਾਣਮਾਜਰਾ ਨੇ ਇਕ ਸੀਨੀਅਰ ਆਈ. ਏ. ਐੱਸ. ਅਧਿਕਾਰੀ ਨੂੰ ਵੀ ਆੜੇ ਹੱਥੀਂ ਲਿਆ ਸੀ। ਬਾਗੀ ਵਿਧਾਇਕ ਪਠਾਣਮਾਜਰਾ ਦਾ ਕਹਿਣਾ ਸੀ ਕਿ ਇਨ੍ਹਾਂ ਨਦੀਆਂ ਨਾਲਿਆਂ ਦੀ ਸਫਾਈ ਹੋਣੀ ਬੇਹੱਦ ਜ਼ਰੂਰੀ ਹੈ। ਜਦੋਂ ਇਸ 'ਚੋਂ ਮਿੱਟੀ ਕੱਢ ਕੇ ਇਸ ਨੂੰ ਡੂੰਘਾ ਕੀਤਾ ਜਾਵੇਗਾ ਤੇ ਸਿੱਧਾ ਕੀਤਾ ਜਾਵੇਗਾ ਤਾਂ ਪਾਣੀ ਉੱਪਰ ਉਛਲਣ ਦੀ ਬਜਾਏ ਹੇਠਾਂ ਹੀ ਅੱਗੇ ਲੰਘ ਜਾਵੇਗਾ। ਉਨ੍ਹਾਂ ਹਲਕਾ ਸਨੌਰ ਦੇ ਲੋਕਾਂ ਲਈ ਬਿਲਕੁੱਲ ਸਹੀ ਮੁੱਦਾ ਚੁਕਿਆ ਸੀ ਕਿਉਂਕਿ ਲੋਕਾਂ ਨੂੰ ਡੁੱਬਦੇ ਪਠਾਣਮਾਜਰਾ ਨੇ ਅੱਖੀਂ ਦੇਖਿਆ ਸੀ ਪਰ ਲੰਘੇ ਸਾਲ ਇਹ ਇਕ ਨੇਕ ਸਲਾਹ 'ਆਪ' ਸਰਕਾਰ ਨੂੰ ਰਾਸ ਨਹੀਂ ਆਈ ਸੀ। ਉਨ੍ਹਾਂ ਨੇ ਪਠਾਣਮਾਜਰਾ ਉੱਪਰ 2-3 ਪਰਚੇ ਦਰਜ ਕਰ ਦਿੱਤੇ ਅਤੇ ਪਠਾਣਮਾਜਰਾ ਹੁਣ ਕੁਝ ਦਿਨ ਪਹਿਲਾਂ ਹੀ ਮਾਣਯੋਗ ਹਾਈਕੋਰਟ ਦੇ ਆਦੇਸ਼ਾਂ ਤੋਂ ਬਾਅਦ ਜੇਲ 'ਚੋਂ ਰਿਹਾਅ ਹੋ ਕੇ ਆਏ ਹਨ।

ਪੰਜਾਬ ਕਾਂਗਰਸ ਦੇ ਸੀਨੀਅਰ ਨੇਤਾ ਹਲਕਾ ਸਨੌਰ ਦੇ ਕਾਂਗਰਸ ਦੇ ਇੰਚਾਰਜ ਹਰਿੰਦਰਪਾਲ ਸਿੰਘ ਹੈਰੀਮਾਨ ਨੇ ਕਿਹਾ ਕਿ ਸੂਬਾ ਸਰਕਾਰ ਲੋਕਾਂ ਨੂੰ ਉਜਾੜਨ ਤੋਂ ਬਾਅਦ ਜਾਗਦੀ ਹੈ। ਅਜੇ ਤੱਕ ਸਰਕਾਰ ਨੇ ਕਿਤੇ ਇਕ ਤਸਲਾ ਮਿੱਟੀ ਦਾ ਕੱਢਵਾਇਆ ਅਤੇ ਨਾ ਹੀ ਸਫਾਈ ਕਰਵਾਈ ਹੈ, ਜਿਸ ਤੋਂ ਸਪੱਸ਼ਟ ਹੈ ਕਿ ਸਰਕਾਰ ਖੁਦ ਲੋਕਾਂ ਦਾ ਉਜਾੜਾ ਭਾਲਦੀ ਹੈ। ਹੈਰੀਮਾਨ ਨੇ ਆਖਿਆ ਕਿ ਕਾਂਗਰਸ ਸਰਕਾਰ ਸਮੇਂ ਇਨ੍ਹਾਂ ਨਦੀਆਂ-ਨਾਲਿਆਂ ਲਈ ਕਈ ਪ੍ਰਾਜੈਕਟ ਬਣਾਏ ਗਏ ਸਨ ਪਰ ਉਹ ਮੌਜੂਦਾ ਸਰਕਾਰ ਨੇ ਰੋਲ ਦਿੱਤੇ। ਹੁਣ ਮੁੜ ਕਾਂਗਰਸ ਸਰਕਾਰ ਬਣਦੇ ਹੀ ਇਨ੍ਹਾਂ ਨਦੀਆਂ-ਨਾਲਿਆਂ ਦੀ ਸਾਰ ਲਈ ਜਾਵੇਗੀ।

ਹਲਕਾ ਸਨੌਰ ਦੇ ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ ਨੇ ਆਖਿਆ ਕਿ ਸੂਬਾ ਸਰਕਾਰ ਵੱਲੋਂ ਨਦੀਆਂ, ਨਾਲਿਆਂ ਦੀ ਸਫਾਈ ਨਾ ਕਰਵਾਉਣਾ ਬੇਹੱਦ ਮੰਦਭਾਗਾ ਹੈ। ਉਨ੍ਹਾਂ ਆਖਿਆ ਕਿ ਹੜ੍ਹਾਂ ਦਾ ਸਭ ਤੋਂ ਜ਼ਿਆਦਾ ਨੁਕਸਾਨ ਹਲਕਾ ਸਨੌਰ ਨੂੰ ਹੁੰਦਾ ਹੈ ਕਿਉਂਕਿ ਘੱਗਰ ਦੇ ਨਾਲ-ਨਾਲ ਟਾਂਗਰੀ, ਮਾਰਕੰਡਾ ਸਮੇਤ ਕਈ ਹੋਰ ਨਦੀਆਂ ਹਲਕਾ ਸਨੌਰ ਅੰਦਰੋਂ ਲੰਘਦੀਆਂ ਹਨ। ਉਨ੍ਹਾਂ ਆਖਿਆ ਕਿ ਸਰਕਾਰ ਨੂੰ ਗੂੜੀ ਨੀਂਦ ਨੂੰ ਤਿਆਗਣਾ ਚਾਹੀਦਾ ਹੈ ਅਤੇ ਲੋਕਾਂ ਨੂੰ ਬਚਾਉਣ ਲਈ ਤੁਰੰਤ ਠੋਸ ਨੀਤੀ ਬਣਾ ਕੇ ਇਨ੍ਹਾਂ ਦੇ ਕੰਡੇ ਪੱਕੇ ਕਰਵਾਉਣੇ ਚਾਹੀਦੇ ਹਨ ਤਾਂ ਜੋ ਕੋਈ ਵੱਡਾ ਉਜਾੜਾ ਨਾ ਹੋਵੇ।

ਨਗਰ ਨਿਗਮ ਪਟਿਆਲਾ ਦੇ ਸਾਬਕਾ ਸੀਨੀਅਰ ਡਿਪਟੀ ਮੇਅਰ ਤੇ ਸੀਨੀਅਰ ਕਾਂਗਰਸੀ ਨੇਤਾ ਯੋਗਿੰਦਰ ਸਿੰਘ ਯੋਗੀ ਨੇ ਆਖਿਆ ਕਿ ਪਟਿਆਲਾ ਕਈ ਵਾਰ ਸਰਕਾਰਾਂ ਦੀ ਲਾਪ੍ਰਵਾਹੀ ਕਾਰਨ ਡੁੱਬ ਚੁੱਕਿਆ ਹੈ। ਪਿਛਲੇ ਸਾਲ ਵੀ ਅੰਦਰ ਵਾਲੇ ਸ਼ਹਿਰ ਦਾ ਵੀ ਬਹੁਤ ਨੁਕਸਾਨ ਹੋਇਆ ਸੀ ਕਿਉਂਕਿ ਪਾਣੀ ਬੈਕ ਮਾਰਨ ਕਾਰਨ ਛੋਟੀ ਨਦੀ 'ਚ ਆ ਗਿਆ ਅਤੇ ਛੋਟੀ ਨਦੀ ਨੇ ਅੰਦਰ ਵਾਲੇ ਸ਼ਹਿਰ ਦਾ ਨੁਕਸਾਨ ਕਰ ਦਿੱਤਾ। ਯੋਗਿੰਦਰ ਯੋਗੀ ਨੇ ਆਖਿਆ ਕਿ ਜੇਕਰ ਸਰਕਾਰ ਨਾ ਜਾਗੀ ਅਤੇ ਮਾਨਸੂਨ ਜ਼ਿਆਦਾ ਜ਼ੋਰ ਨਾਲ ਪੈ ਗਈ ਤਾਂ ਪਟਿਆਲਾ ਦਾ ਹਾਲ ਪਿਛਲੇ 3 ਸਾਲ ਵਰਗਾ ਹੀ ਹੋ ਜਾਵੇਗਾ। ਉਨ੍ਹਾਂ ਆਖਿਆ ਕਿ ਪੰਜਾਬ ਸਰਕਾਰ ਨੂੰ ਤੁਰੰਤ ਜਾਗ ਕੇ ਨਦੀਆਂ ਨਾਲਿਆਂ ਦੀ ਸਫਾਈ ਕਰਵਾਉਣੀ ਚਾਹੀਦੀ ਹੈ।

ਪੰਜਾਬ ਕਾਂਗਰਸ ਦੇ ਜਨਰਲ ਸਕੱਤਰ ਅਤੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਨੇ ਆਖਿਆ ਕਿ ਮੌਜੂਦਾ ਸਰਕਾਰ ਹਰ ਫਰੰਟ 'ਤੇ ਬੁਰੀ ਤਰ੍ਹਾਂ ਫੇਲ ਹੈ। ਉਨ੍ਹਾਂ ਕਿਹਾ ਕਿ 2023 ਵਿਚ ਵੀ ਜਦੋਂ ਹੜ੍ਹ ਆਏ, ਉਸ ਸਮੇਂ ਰਾਜਪੁਰਾ ਅੰਦਰ ਵੀ ਬਕਾਇਦਾ ਤੌਰ 'ਤੇ ਮਿਲਟਰੀ ਬੁਲਾਉਣੀ ਪਈ ਸੀ ਅਤੇ ਫੌਜ ਨੇ ਹਲਕਾ ਸੰਭਾਲਿਆ ਸੀ। ਉਨ੍ਹਾਂ ਆਖਿਆ ਕਿ ਸਰਕਾਰ ਦੀ ਕੁੰਭਕਰਨੀ ਨੀਂਦ ਇਹ ਦਰਸਾਉਂਦੀ ਹੈ ਕਿ ਇਹ ਆਮ ਨਹੀਂ, ਸਿਰਫ ਕੁਝ ਕੁ ਖਾਸ ਆਦਮੀਆਂ ਦੀ ਪਾਰਟੀ ਹੈ। ਜੇਕਰ ਨਦੀਆਂ-ਨਾਲਿਆਂ ਦੀ ਸਫਾਈ ਸਹੀ ਢੰਗ ਨਾਲ ਨਾ ਹੋਈ ਤਾਂ ਕਾਂਗਰਸ ਇਸ ਸਬੰਧੀ ਸੰਘਰਸ਼ ਸ਼ੁਰੂ ਕਰੇਗੀ ਤੇ ਲੋਕਾਂ ਨੂੰ ਬਚਾਉਣ ਲਈ ਵੱਡੇ-ਵੱਡੇ ਧਰਨੇ ਮੁਜ਼ਾਹਰੇ ਵੀ ਲਗਾਵੇਗੀ।






# ਸੂਫ਼ੀ ਦਰਵੇਸ਼ ਸਾਈਂ ਮੀਆਂ ਮੀਰ: ਜੀਵਨ ਅਤੇ ਸਿੱਖ ਗੁਰੂਆਂ ਨਾਲ ਸਾਂਝ

**ਬਲਵਿੰਦਰ ਸਿੰਘ ਭੰਗੂ**

ਸੂਫ਼ੀ ਸੰਤ ਸਾਈਂ ਮੀਆਂ ਮੀਰ ਦਾ ਅਸਲੀ ਨਾਂ ਸ਼ੇਖ ਮੁਹੰਮਦ ਪੀਰ ਸ਼ਾਹ ਸੀ। ਉਨ੍ਹਾਂ ਨੂੰ ਮੀਆਂ ਜੀਓ, ਸ਼ਾਹ ਮੀਰ, ਖਵਾਜਾ ਮੀਰ ਅਤੇ ਮੀਰ ਮੁਇਨੁਲ ਇਸਲਾਮ ਦੇ ਨਾਵਾਂ ਨਾਲ ਵੀ ਜਾਣਿਆ ਜਾਂਦਾ ਹੈ। ਉਹ ਕਾਦਰੀ ਸੰਪਰਦਾ ਨਾਲ ਸਬੰਧ ਰੱਖਦੇ ਸਨ। ਉਨ੍ਹਾਂ ਦਾ ਜਨਮ 1550 ਈਸਵੀ ਵਿੱਚ ਸੀਸਤਾਨ (ਇਰਾਨ) ਵਿੱਚ ਹੋਇਆ। ਉਨ੍ਹਾਂ ਦੇ ਪਿਤਾ ਹਜ਼ਰਤ ਸਾਈਂ ਦਿੱਤਾ ਸੀਸਤਾਨ ਦੇ ਕਾਜ਼ੀ ਸਨ। ਸਾਈਂ ਮੀਆਂ ਮੀਰ ਹਾਲੇ 7 ਸਾਲ ਦੇ ਹੀ ਸਨ ਕਿ ਉਨ੍ਹਾਂ ਦੇ ਪਿਤਾ ਅਕਾਲ ਚਲਾਣਾ ਕਰ ਗਏ। ਉਨ੍ਹਾਂ ਦਾ ਪਾਲਣ-ਪੋਸ਼ਣ ਉਨ੍ਹਾਂ ਦੀ ਮਾਤਾ ਫਾਤਿਮਾ ਨੇ ਕੀਤਾ, ਜਿਹੜੇ ਪੀਰ ਦਸਤਗੀਰ ਦੇ ਘਰਾਣੇ 'ਚੋਂ ਸਨ। ਧਾਰਮਿਕ ਵਿਚਾਰਾਂ ਵਾਲੀ ਹੋਣ ਕਰਕੇ ਮਾਤਾ ਜੀ ਨੇ ਸਾਈਂ ਮੀਆਂ ਮੀਰ ਨੂੰ ਰੂਹਾਨੀਅਤ ਦੀ ਰੰਗਤ ਚਾੜ੍ਹੀ।

ਸਾਈਂ ਮੀਆਂ ਮੀਰ 14 ਸਾਲ ਦੀ ਉਮਰ ਵਿੱਚ ਸੰਸਾਰ ਦਾ ਮੋਹ ਤਿਆਗ ਕੇ ਪ੍ਰਮਾਤਮਾ ਦੀ ਭਗਤੀ ਕਰਨ ਲਈ ਜੰਗਲਾਂ ਵਿੱਚ ਚਲੇ ਗਏ। ਉੱਥੇ ਉਨ੍ਹਾਂ ਦੀ ਮੁਲਾਕਾਤ ਉੱਘੇ ਸੂਫ਼ੀ ਫਕੀਰ ਸ਼ੇਖ ਖ਼ਵਾਜਾ ਅਬਦਾਲ ਬਿਆਨ ਵਾਨੀ ਨਾਲ ਹੋਈ ਅਤੇ ਪਹਿਲੀ ਨਜ਼ਰ 'ਚ ਹੀ ਉਹ ਉਨ੍ਹਾਂ ਦੇ ਮੁਰੀਦ ਬਣ ਗਏ। ਉਹ 25 ਸਾਲ ਦੀ ਉਮਰ ਵਿੱਚ ਆਪਣੇ ਮੁਰਸ਼ਦ ਤੋਂ ਆਗਿਆ ਲੈ ਕੇ ਲਾਹੌਰ ਆ ਗਏ, ਜਿੱਥੇ ਉਨ੍ਹਾਂ ਨੇ ਅਧਿਆਤਮਕ ਸਿੱਖਿਆ ਪ੍ਰਾਪਤ ਕੀਤੀ। ਥੋੜ੍ਹੇ ਜਿਹੇ ਸਮੇਂ ਵਿੱਚ ਹੀ ਉਹ ਆਲਮ ਦੇ ਤੌਰ 'ਤੇ ਹਰਮਨ-ਪਿਆਰੇ ਹੋ ਗਏ। ਉਨ੍ਹਾਂ ਦੇ 167 ਚੇਲੇ ਬਣ ਗਏ, ਜਿਨ੍ਹਾਂ ਨੂੰ ਬਾਲਕੇ ਕਿਹਾ ਜਾਂਦਾ ਸੀ।

ਉਨ੍ਹਾਂ ਨੇ ਗ੍ਰਹਿਸਥ ਧਾਰਨ ਨਹੀਂ ਕੀਤਾ ਅਤੇ ਆਪਣਾ ਜ਼ਿਆਦਾ ਸਮਾਂ ਖ਼ੁਦਾ ਦੀ ਇਬਾਦਤ ਵਿੱਚ ਲੀਨ ਰਹਿੰਦੇ ਸਨ। ਮੁਗਲ ਬਾਦਸ਼ਾਹ ਜਹਾਂਗੀਰ, ਬੇਗਮ ਨੂਰਜਹਾਂ, ਸ਼ਾਹਜਹਾਂ ਅਤੇ ਸ਼ਹਿਜ਼ਾਦਾ ਦਾਰਾ ਸ਼ਿਕੋਹ ਉਨ੍ਹਾਂ ਦੇ ਮੁਰੀਦ ਸਨ। ਉਹ ਸਿੱਖ ਗੁਰੂਆਂ, ਗੁਰਬਾਣੀ, ਸੂਫ਼ੀ ਫਕੀਰਾਂ ਅਤੇ ਪ੍ਰਮਾਤਮਾ ਦੇ ਭਗਤਾਂ ਦਾ ਬਹੁਤ ਸਤਿਕਾਰ ਕਰਦੇ ਸਨ। ਗੁਰੂ ਅਰਜਨ ਦੇਵ ਜੀ ਅਤੇ ਸਾਈਂ ਮੀਆਂ ਮੀਰ ਜੀ ਦਾ ਪਹਿਲਾ ਮਿਲਾਪ ਸਿਹਾਰੀ ਮੱਲ ਦੇ ਬੇਟੇ ਦੇ ਵਿਆਹ 'ਚ ਲਾਹੌਰ ਵਿੱਚ ਹੋਇਆ ਸੀ। ਫਿਰ ਅੱਗੇ ਮੁਲਾਕਾਤ ਦਾ ਸਿਲਸਿਲਾ ਜਾਰੀ ਰਿਹਾ। ਜਦੋਂ ਗੁਰੂ ਅਰਜਨ ਦੇਵ ਜੀ ਗੁਰਗੱਦੀ 'ਤੇ ਬਿਰਾਜਮਾਨ ਹੋਏ ਤਾਂ ਸਾਈਂ ਮੀਆਂ ਮੀਰ ਨੇ ਉਨ੍ਹਾਂ ਨੂੰ ਦਸਤਾਰ ਭੇਟ ਕੀਤੀ ਸੀ। ਗੁਰੂ ਅਰਜਨ ਦੇਵ ਜੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਨੀਂਹ 1588 ਵਿੱਚ ਸਾਈਂ ਮੀਆਂ ਮੀਰ ਜੀ ਤੋਂ ਰਖਵਾਈ। ਗੁਰੂ ਜੀ ਦੀ ਸ਼ਹੀਦੀ ਸਮੇਂ ਵੀ ਸਾਈਂ ਜੀ ਗੁਰੂ ਜੀ ਨੂੰ ਮਿਲਣ ਗਏ ਅਤੇ ਬਹੁਤ ਦੁਖੀ ਹਿਰਦੇ ਨਾਲ ਬਾਦਸ਼ਾਹ ਜਹਾਂਗੀਰ ਨੂੰ ਕਿਹਾ:



ਮੁਸਲਮਾਨ ਹੁੰਦਿਆਂ ਜਹਾਂਗੀਰ ਸ਼ਾਹਾ।
ਐਡਾ ਜ਼ੁਲਮ ਤੂੰ ਕਿਉਂ ਕਮਾਉਣ ਲੱਗਾ।
ਓ ਮੁਸਲਮਾਨ ਤਾਂ ਮੁਰਦਾ ਵੀ ਫੂਕਦੇ ਨਹੀਂ।
ਜਿਉਂਦੇ ਰੱਬ ਨੂੰ ਅੱਗ ਤੂੰ ਲਾਉਣ ਲੱਗਾ।

ਸਾਈਂ ਮੀਆਂ ਮੀਰ ਨੇ ਗੁਰੂ ਅਰਜਨ ਦੇਵ ਜੀ ਨੂੰ ਬੇਨਤੀ ਕੀਤੀ ਸੀ ਕਿ ਉਹ ਦਿੱਲੀ ਅਤੇ ਲਾਹੌਰ ਦੀ ਇੱਟ ਨਾਲ ਇੱਟ ਖੜਕਾਉਣ ਲਈ ਉਨ੍ਹਾਂ ਨੂੰ ਇਜਾਜ਼ਤ ਦੇਣ। ਉਨ੍ਹਾਂ ਨੇ ਗੁਰੂ ਜੀ ਨੂੰ ਮੁਖਾਰਬਿੰਦ ਹੋ ਕੇ ਕਿਹਾ:

ਇਹ ਕੀ ਭਾਣਾ ਵਰਤਾ ਰਹੇ ਹੋ।
ਸੋਹਲ ਜ਼ਿੰਦਗੀ ਨੂੰ ਦੁੱਖਾਂ ਵਿੱਚ ਪਾ ਰਹੇ ਹੋ॥

ਗੁਰੂ ਜੀ ਨੇ ਸਾਈਂ ਮੀਆਂ ਮੀਰ ਨੂੰ ਪ੍ਰਮਾਤਮਾ ਦੀ ਰਜ਼ਾ ਵਿੱਚ ਰਹਿਣ ਦਾ ਉਪਦੇਸ਼ ਦਿੰਦਿਆਂ ਕਿਹਾ:

ਮੈਂ ਤਾਂ ਯਾਰ ਦੇ ਭਾਣੇ ਨੂੰ ਮੰਨਦਾ ਹਾਂ।
ਯਾਰ, ਯਾਰ ਨੂੰ ਹੱਸ-ਹੱਸ ਕੇ ਦੱਸਦਾ ਏ।
ਤ੍ਰੇਲ ਫੁੱਲਾਂ 'ਤੇ ਪਈ ਰੋਈ ਜਾਂਦੀ।
ਫੁੱਲ ਕੰਡਿਆਂ 'ਤੇ ਖਿੜ-ਖਿੜ ਹੱਸਦਾ ਹੈ।

ਗੁਰੂ ਜੀ ਨੇ ਸਾਈਂ ਜੀ ਨੂੰ ਫਿਰ ਕਿਹਾ:-

'ਫੇਰ ਹੱਸ ਕੇ ਸਤਿਗੁਰੂ ਕਹਿਣ ਲੱਗੇ।
ਤੂੰ ਫੱਕਰਾ ਰਮਜ਼ ਪਛਾਣੀ ਨਹੀਂ।
ਅਸਾਂ ਤੇਰੇ ਦਿਲ ਦੀ ਜਾਣ ਲਈ।
ਤੂੰ ਸਾਡੇ ਦਿਲ ਦੀ ਜਾਣੀ ਨਹੀਂ।
ਅਸੀਂ ਰੱਖਣੀਆਂ ਸਨ ਦੋ ਨੀਹਾਂ।
ਇੱਕ ਸ਼ਹੀਦੀ ਦੀ ਇੱਕ ਹਰਿਮੰਦਰ ਦੀ।
ਉਹ ਤੂੰ ਰੱਖੀ, ਇਹ ਮੈਂ ਰੱਖੂ।
ਇਹ ਚਾਹ ਸੀ ਮੇਰੇ ਅੰਦਰ ਦੀ।

ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਤੋਂ ਬਾਅਦ ਸਾਈਂ ਮੀਆਂ ਮੀਰ ਜੀ ਦੇ ਛੇਵੀਂ ਪਾਤਸ਼ਾਹੀ ਗੁਰੂ ਹਰਿਗੋਬਿੰਦ ਸਾਹਿਬ ਨਾਲ ਵੀ ਸਬੰਧ ਮਿੱਤਰਤਾਪੂਰਨ ਰਹੇ। ਜਦੋਂ ਜਹਾਂਗੀਰ ਨੇ ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਗਵਾਲੀਅਰ ਦੇ ਕਿਲ੍ਹੇ ਵਿੱਚ ਕੈਦ ਕੀਤਾ, ਤਾਂ ਸਾਈਂ ਮੀਆਂ ਮੀਰ ਨੇ ਹੀ ਬਾਦਸ਼ਾਹ ਜਹਾਂਗੀਰ ਨੂੰ ਗੁਰੂ ਜੀ ਪ੍ਰਤੀ ਹੋਈਆਂ ਗ਼ਲਤਫ਼ਹਿਮੀਆਂ ਦੂਰ ਕਰਵਾ ਕੇ ਗੁਰੂ ਜੀ ਦੀ ਰਿਹਾਈ ਸੰਭਵ ਕਰਵਾਈ। ਜਦੋਂ ਲਾਹੌਰ ਦੇ ਕਾਜ਼ੀ ਰੁਸਤਮ ਖਾਂ ਦੀ ਬੇਟੀ ਬੀਬੀ ਕੌਲਾਂ ਗੁਰੂ ਹਰਿਗੋਬਿੰਦ ਸਾਹਿਬ ਦੀ ਸ਼ਖ਼ਸੀਅਤ ਅਤੇ ਗੁਰਬਾਣੀ ਤੋਂ ਪ੍ਰਭਾਵਿਤ ਹੋਈ, ਤਾਂ ਸਾਈਂ ਜੀ ਨੇ ਬੀਬੀ ਕੌਲਾਂ ਨੂੰ ਗੁਰੂ ਹਰਿਗੋਬਿੰਦ ਸਾਹਿਬ ਦੇ ਕੋਲ ਅੰਮ੍ਰਿਤਸਰ ਭੇਜ ਦਿੱਤਾ ਸੀ, ਜਿੱਥੇ ਗੁਰੂ ਜੀ ਨੇ ਬੀਬੀ ਕੌਲਾਂ ਦੇ ਨਾਂ 'ਤੇ ਸਰੋਵਰ ਵੀ ਬਣਵਾਇਆ।

ਹਜ਼ਰਤ ਸਾਈਂ ਮੀਆਂ ਮੀਰ 11 ਅਗਸਤ 1635 ਨੂੰ ਲਾਹੌਰ ਵਿੱਚ 85 ਸਾਲ ਦੀ ਉਮਰ ਭੋਗ ਕੇ ਇਸ ਫਾਨੀ ਦੁਨੀਆ ਨੂੰ ਅਲਵਿਦਾ ਕਹਿ ਗਏ ਅਤੇ ਪ੍ਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ। ਲਾਹੌਰ ਵਿੱਚ ਡਿਫੈਂਸ ਰੋਡ, ਪੀ ਓ ਇਸਮਾਈਲ ਨਗਰ ਅਤੇ ਸਰਕਾਰੀ ਹਸਪਤਾਲ ਦੇ ਨਜ਼ਦੀਕ ਇੱਕ ਪਿੰਡ ਵਿੱਚ ਉਨ੍ਹਾਂ ਦੀ ਯਾਦ ਵਿੱਚ ਮਕਬਰਾ (ਦਰਬਾਰ) ਸਥਿਤ ਹੈ, ਜਿੱਥੇ ਉਨ੍ਹਾਂ ਦੇ ਸ਼ਰਧਾਲੂ ਨਤਮਸਤਕ ਹੁੰਦੇ ਹਨ।

ਇਸ ਦਰਬਾਰ ਦੇ ਸੁੰਦਰੀਕਰਨ ਲਈ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਨੇ ਵਿੱਤੀ ਸਹਾਇਤਾ ਦੇ ਕੇ ਵੱਡਮੁੱਲਾ ਯੋਗਦਾਨ ਪਾਇਆ ਸੀ। ਸਾਈਂ ਮੀਆਂ ਮੀਰ ਜੀ ਦੀ ਅੰਸ਼-ਵੰਸ਼ ਪੀੜ੍ਹੀ-ਦਰ-ਪੀੜ੍ਹੀ ਦਰਬਾਰ ਦੀ ਸੇਵਾ ਕਰਦੀ ਆ ਰਹੀ ਹੈ, ਜਿਨ੍ਹਾਂ ਨੇ ਸਿੱਖ ਗੁਰੂਆਂ ਵੱਲੋਂ ਦਿੱਤੀਆਂ ਬਖ਼ਸ਼ਿਸ਼ਾਂ ਅਤੇ ਨਿਸ਼ਾਨੀਆਂ ਨੂੰ ਸਤਿਕਾਰ ਅਤੇ ਸ਼ਰਧਾ ਨਾਲ ਸਾਂਭ ਕੇ ਰੱਖਿਆ ਹੋਇਆ ਹੈ।

# ਪੰਜਾਬ ਦੇ ਮਸਲਿਆਂ ਦੇ ਹੱਲ ਲਈ ਆਰਥਿਕ ਤਰੱਕੀ ਜ਼ਰੂਰੀ: ਅਜੇਪਾਲ ਸਿੰਘ ਬਰਾੜ

**ਜ਼ੀਰਾ, 9 ਜੂਨ**
**ਗੁਰਤੇਜ ਅਤਲਾ**

ਪੰਜਾਬ ਅੱਜ ਕਈ ਅਹਿਮ ਮਸਲਿਆਂ ਨਾਲ ਜੂਝ ਰਿਹਾ ਹੈ ਜਿਨਾਂ ਵਿੱਚ ਵਿਸ਼ੇਸ਼ ਕਰਕੇ ਬੇਰੁਜ਼ਗਾਰੀ, ਕਿਸਾਨੀ ਸੰਕਟ, ਉਦਯੋਗਿਕ ਪਛੜਾਪਣ ,ਨਸ਼ਿਆਂ ਦਾ ਫਲਾਅ, ਨੌਜਵਾਨਾਂ ਦਾ ਵਿਦੇਸ਼ਾਂ ਵੱਲ ਨੂੰ ਪਲਾਇਨ ਹਨ, ਇਨਾਂ ਅਹਿਮ ਮਸਲਿਆਂ ਦੇ ਹੱਲ ਲਈ ਪੰਜਾਬ ਦੀ ਆਰਥਿਕ ਤਰੱਕੀ ਬਹੁਤ ਜਰੂਰੀ ਹੈ, ਇਹ ਵਿਚਾਰ ਸਰਦਾਰ ਅਜੇਪਾਲ ਸਿੰਘ ਬਰਾੜ ਪ੍ਰਧਾਨ ਮਿਸਲ ਸਤਲੁਜ ਜਥੇਬੰਦੀ ਵੱਲੋਂ ਅੱਜ ਇਥੇ ਚੜਦੀ ਕਲਾ ਰੈਲੀ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ । ਉਹਨਾਂ ਕਿਹਾ ਕਿ ਕਿਸੇ ਵੀ ਸੂਬੇ ਦੀ ਖੁਸ਼ਹਾਲੀ ਦਾ ਆਧਾਰ ਉਸਦੀ ਆਰਥਿਕ ਤਰੱਕੀ ਹੁੰਦੀ ਹੈ।

ਉਨਾਂ ਕਿਹਾ ਕਿ ਜੇਕਰ ਪੰਜਾਬ ਵਿੱਚ ਨਿਵੇਸ਼, ਉਦਯੋਗ, ਖੇਤੀ ਅਧਾਰਿਤ ਪ੍ਰੋਸੈਸਿੰਗ ਇਕਾਈਆਂ ਅਤੇ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕੀਤੇ ਜਾਣ, ਤਾਂ ਨਾ ਸਿਰਫ਼ ਨੌਜਵਾਨਾਂ ਨੂੰ ਆਪਣੇ ਸੂਬੇ ਵਿੱਚ ਹੀ ਭਵਿੱਖ ਨਜ਼ਰ ਆਵੇਗਾ, ਸਗੋਂ ਸੂਬੇ ਦੀ ਆਰਥਿਕਤਾ ਵੀ ਮਜ਼ਬੂਤ ਹੋਵੇਗੀ।

ਪੰਜਾਬ ਦੇ ਮਾਲੀਏ ਬਾਰੇ ਸਰਦਾਰ ਅਜੇਪਾਲ ਸਿੰਘ ਬਰਾੜ ਨੇ ਕਿਹਾ ਕਿ ਹਿਮਾਚਲ ਪ੍ਰਦੇਸ਼ ਵੱਲੋਂ ਪੰਜਾਬੀ ਵਾਹਨਾਂ 'ਤੇ ਲਗਾਇਆ ਜਾ ਰਿਹਾ ਐਂਟਰੀ ਟੈਕਸ ਗੈਰ-ਵਾਜਬ ਹੈ ਅਤੇ ਪੰਜਾਬ ਸਰਕਾਰ ਨੂੰ ਵੀ ਆਪਣੇ ਆਰਥਿਕ ਹਿੱਤਾਂ ਦੀ ਰੱਖਿਆ ਲਈ ਲੋੜੀਂਦੀ ਨੀਤੀ ਬਣਾਉਣੀ ਚਾਹੀਦੀ ਹੈ।

ਉਨ੍ਹਾਂ ਕਿਹਾ ਕਿ ਹਿਮਾਚਲ ਸਰਕਾਰ ਵਾਤਾਵਰਣ ਅਤੇ ਸੜਕਾਂ ਦੀ ਸੰਭਾਲ ਦੇ ਨਾਂ 'ਤੇ ਟੈਕਸ ਵਸੂਲਦੀ ਹੈ, ਜਦਕਿ ਉੱਥੇ ਦੀਆਂ ਮੁੱਖ ਸੜਕਾਂ ਪਹਿਲਾਂ ਹੀ ਟੋਲ ਟੈਕਸ ਦੇ ਘੇਰੇ ਵਿੱਚ ਹਨ। ਇਸ ਦੇ ਬਾਵਜੂਦ ਪੰਜਾਬੀ ਟਰਾਂਸਪੋਰਟਰਾਂ ਅਤੇ ਯਾਤਰੀਆਂ 'ਤੇ ਵਾਧੂ ਬੋਝ ਪਾਇਆ ਜਾ ਰਿਹਾ ਹੈ।

ਸਰਦਾਰ ਬਰਾੜ ਨੇ ਕਿਹਾ ਕਿ ਪੰਜਾਬ ਦੀਆਂ ਸੜਕਾਂ ਅਤੇ ਬੁਨਿਆਦੀ ਢਾਂਚੇ ਦੀ ਵਰਤੋਂ ਕਰਨ ਵਾਲੇ ਬਾਹਰੀ ਵਪਾਰਕ ਵਾਹਨਾਂ ਤੋਂ ਵੀ ਟੈਕਸ ਵਸੂਲ ਕੇ ਪੰਜਾਬ ਲਈ ਵਾਧੂ ਮਾਲੀਆ ਇਕੱਠਾ ਕੀਤਾ ਜਾ ਸਕਦਾ ਹੈ। ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਜਾਂ ਤਾਂ ਹਿਮਾਚਲ ਨਾਲ ਗੱਲਬਾਤ ਕਰਕੇ ਇਹ ਟੈਕਸ ਖਤਮ ਕਰਵਾਇਆ ਜਾਵੇ ਜਾਂ ਫਿਰ ਬਰਾਬਰੀ ਦੇ ਆਧਾਰ 'ਤੇ ਪੰਜਾਬ ਵਿੱਚ ਵੀ ਐਂਟਰੀ ਟੈਕਸ ਲਾਗੂ ਕੀਤਾ ਜਾਵੇ।

ਸਰਦਾਰ ਅਜੇਪਾਲ ਸਿੰਘ ਬਰਾੜ ਨੇ ਅੱਜ ਕਿਹਾ ਕਿ ਆਉਂਦੇ 2 ਮਹੀਨਿਆਂ ਵਿੱਚ ਪੰਜਾਬ ਦੇ ਵੱਖ ਵੱਖ ਸ਼ਹਿਰਾਂ ਵਿੱਚ 17 ਚੜ੍ਹਦੀ ਕਲਾ ਰੈਲੀਆਂ ਕੀਤੀਆਂ




ਜਾਣਗੀਆਂ। ਸਰਦਾਰ ਬਰਾੜ ਨੇ ਕਿਹਾ ਕਿ ਚੜ੍ਹਦੀ ਕਲਾ ਰੈਲੀਆਂ ਦਾ ਪ੍ਰਮੁੱਖ ਮੰਤਵ ਸਿਰਫ਼ ਸਿਆਸੀ ਭਾਸ਼ਣ ਦੇਣਾ ਨਹੀਂ, ਸਗੋਂ ਪੰਜਾਬ ਦੇ ਅਸਲ ਮਸਲਿਆਂ ਨੂੰ ਲੋਕਾਂ ਅਤੇ ਸਰਕਾਰ ਸਾਹਮਣੇ ਲਿਆਉਣਾ ਹੈ ਤਾਂ ਜੋ ਸੂਬੇ ਲਈ ਜਵਾਬਦੇਹ ਅਤੇ ਲੋਕ-ਹਿਤੈਸ਼ੀ ਰਾਜਨੀਤੀ ਨੂੰ ਉਤਸ਼ਾਹ ਮਿਲ ਸਕੇ।

ਸਰਦਾਰ ਅਜੇਪਾਲ ਸਿੰਘ ਬਰਾੜ ਨੇ ਇਸ ਮੌਕੇ ਤੇ ਜਰਨਲ ਸਕੱਤਰ ਦਵਿੰਦਰ ਸਿੰਘ ਸੇਖੋਂ ਦੀਆਂ ਮਿਸਲ ਸਤਲੁਜ ਜਥੇਬੰਦੀ ਲਈ ਸਮਰਪਿਤ ਸੇਵਾਵਾਂ ਅਤੇ ਲੋਕਾਂ ਵਿੱਚ ਪ੍ਰਭਾਵਸ਼ਾਲੀ ਪ੍ਰਭਾਵ ਨੂੰ ਦੇਖਦੇ ਹੋਏ ਹਲਕਾ ਜ਼ੀਰਾ ਦਾ ਹਲਕਾ ਇੰਚਾਰਜ ਨਿਯੁਕਤ ਕਰਨ ਦਾ ਐਲਾਨ ਕੀਤਾ ਗਿਆ। ਰੈਲੀ ਵਿੱਚ ਹਾਜ਼ਰ ਲੋਕਾਂ ਨੇ ਇਸ ਫੈਸਲੇ ਦਾ ਭਰਪੂਰ ਸਵਾਗਤ ਕੀਤਾ ਅਤੇ ਦਵਿੰਦਰ ਸਿੰਘ ਸੇਖੋਂ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ।

ਇਸ ਮੌਕੇ ਤੇ ਦਵਿੰਦਰ ਸਿੰਘ ਸੇਖੋਂ ਨੇ ਮਿਸਲ ਸਤਲੁਜ ਦੇ ਪ੍ਰਧਾਨ ਸਰਦਾਰ ਅਜੇਪਾਲ ਸਿੰਘ ਬਰਾੜ ਵੱਲੋਂ ਸੌਂਪੀ ਗਈ ਨਵੀਂ ਜ਼ਿੰਮੇਵਾਰੀ ਲਈ ਧੰਨਵਾਦ ਕੀਤਾ ਅਤੇ ਵਿਸ਼ਵਾਸ ਦਵਾਇਆ ਕਿ ਉਹ ਹਮੇਸ਼ਾ ਜਥੇਬੰਦੀ ਅਤੇ ਪੰਜਾਬ ਦੇ ਹੱਕੀ ਮੰਗਾਂ ਲਈ ਹਰ ਤਰ੍ਹਾਂ ਦੀਆਂ ਸੇਵਾਵਾਂ ਲਈ ਸਮਰਪਿਤ ਸੇਵਾਵਾਂ ਲਈ ਤਿਆਰ ਰਹਿਣਗੇ।

ਇਸ ਤੋਂ ਇਲਾਵਾ ਮਿਸਲ ਸਤਲੁਜ ਜਥੇਬੰਦੀ ਦੇ ਜਨਰਲ ਸਕੱਤਰ ਸਰਦਾਰ ਦਵਿੰਦਰ ਸਿੰਘ ਸੇਖੋਂ ਨੇ ਵੀ ਚੜ੍ਹਦੀ ਕਲਾ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਇਸ ਵੇਲੇ ਖੇਤੀਬਾੜੀ, ਪਾਣੀ, ਲੋਕਤੰਤਰ ਅਤੇ ਕਾਨੂੰਨ-ਵਿਵਸਥਾ ਦੇ ਗੰਭੀਰ ਸੰਕਟਾਂ ਦਾ ਸਾਹਮਣਾ ਕਰ ਰਿਹਾ ਹੈ, ਪਰ ਪੰਜਾਬ ਸਰਕਾਰ ਇਨ੍ਹਾਂ ਮਸਲਿਆਂ ਦੇ ਹੱਲ ਲਈ ਕੋਈ ਠੋਸ ਉਪਰਾਲੇ ਨਹੀਂ ਕਰ ਰਹੀ।

ਉਨ੍ਹਾਂ ਕਿਹਾ ਕਿ ਇੱਕ ਪਾਸੇ ਪੰਜਾਬ ਦੇ ਕਿਸਾਨਾਂ ਨੂੰ ਫਸਲਾਂ ਦੇ ਉਚਿਤ ਮੁੱਲ ਨਹੀਂ ਮਿਲ ਰਹੇ ਅਤੇ ਦੂਜੇ ਪਾਸੇ ਐਗਰੋ-ਪ੍ਰੋਸੈਸਿੰਗ ਉਦਯੋਗਾਂ ਦੀ ਘਾਟ ਕਾਰਨ ਖੇਤੀ ਨੂੰ ਲਾਹੇਵੰਦ ਬਣਾਉਣ ਦੇ ਮੌਕੇ ਖੁੰਝ ਰਹੇ ਹਨ। ਉਨ੍ਹਾਂ ਕਿਹਾ ਕਿ ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਅਤੇ ਨਹਿਰੀ ਪਾਣੀ ਦੀ ਘਾਟ ਪੰਜਾਬ ਦੀ ਖੇਤੀ ਲਈ ਵੱਡਾ ਖ਼ਤਰਾ ਬਣ ਚੁੱਕੀ ਹੈ।

ਉਨਾਂ ਕਿਹਾ ਕਿ ਤਿੰਨ ਫਸਲੀ ਚੱਕਰ ਵਾਲੇ ਖੇਤਰਾਂ ਵਿੱਚ ਨਹਿਰੀ ਪਾਣੀ ਦੀ ਉਪਲਬਧਤਾ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਨੂੰ ਤੁਰੰਤ ਉਪਰਾਲੇ ਚੁੱਕਣੇ ਚਾਹੀਦੇ ਹਨ। ਸਰਦਾਰ ਸੇਖੋਂ ਨੇ ਦੋਸ਼ ਲਗਾਇਆ ਕਿ ਪੰਜਾਬ ਵਿੱਚ ਲੋਕਤੰਤਰ ਦੀ ਥਾਂ ਧੱਕੇਸ਼ਾਹੀ ਅਤੇ ਗੁੰਡਾਗਰਦੀ ਪ੍ਰਫੁੱਲਿਤ ਹੋ ਰਿਹਾ ਹੈ।*

*ਉਨਾਂ ਕਿਹਾ ਕਿ ਪਿੰਡਾਂ ਦੇ ਸਥਾਨਕ ਪ੍ਰਬੰਧ ਵਿੱਚ ਸਿਆਸੀ ਦਖਲਅੰਦਾਜ਼ੀ ਕਾਰਨ ਲੋਕਾਂ ਦੀ ਆਵਾਜ਼ ਦਬਾਈ ਜਾ ਰਹੀ ਹੈ ਅਤੇ ਕੋਠੀ ਕਲਚਰ ਨੇ ਜਨਤਾ ਅਤੇ ਪ੍ਰਸ਼ਾਸਨ ਦਰਮਿਆਨ ਦੀ ਦੂਰੀ ਵਧਾ ਦਿੱਤੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਵੱਧ ਰਹੇ ਕਤਲਾਂ, ਗੈਂਗਸਟਰਵਾਦ ਅਤੇ ਫਿਰੌਤੀਆਂ ਦੀਆਂ ਘਟਨਾਵਾਂ ਨੇ ਪੰਜਾਬ ਦੇ ਨਾਗਰਿਕਾਂ ਦੇ ਮਨਾਂ ਵਿੱਚ ਡਰ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਪਹਿਲੀ ਜ਼ਿੰਮੇਵਾਰੀ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਯਕੀਨੀ ਬਣਾਉਣਾ ਹੈ, ਪਰ ਇਸ ਮਾਮਲੇ ਵਿੱਚ ਵੀ ਹਾਲਾਤ ਚਿੰਤਾਜਨਕ ਹਨ।

ਇਸ ਮੌਕੇ ਹਰਜਿੰਦਰ ਸਿੰਘ ਸਹੋਤਾ, ਜਤਿੰਦਰ ਸਿੰਘ ਸਹੋਤਾ, ਜਸਵੰਤ ਕੌਰ ਅਤੇ ਤਰਸੇਮ ਸਿੰਘ ਨੇ ਮਿਸਲ ਸਤਲੁਜ ਦੀਆਂ ਪੰਜਾਬ ਪ੍ਰਤੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਸੰਗਠਨ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।

ਰੈਲੀ ਵਿੱਚ ਮਹਿਲਾ ਵਿੰਗ ਦੀ ਪ੍ਰਧਾਨ ਬੀਬੀ ਜਸਮੀਤ ਕੌਰ ਛੀਨਾ, ਅਮਰਿੰਦਰ ਸਿੰਘ ਤੁੜ ਕਨਵੀਨਰ ਪੂਰਾ ਪੰਜਾਬ ਲਹਿਰ,ਰਮਨਦੀਪ ਸਿੰਘ ਬਠਿੰਡਾ, ਹਰਦੀਪ ਸਿੰਘ ਡੋਡ, ਰਪਿੰਦਰਜੀਤ ਸਿੰਘ ਗੋਲਡੀ, ਮਾਨ ਸਿੰਘ ਕਿਲੀ, ਤੇਜਿੰਦਰ ਸਿੰਘ ਕੰਗ, ਅੰਮ੍ਰਿਤਪਾਲ ਸਿੰਘ ਜ਼ੀਰਾ, ਜਸਨੂਰ ਸਿੰਘ ਬਰਾੜ ਅਤੇ ਗੁਰਬੀਰ ਸਿੰਘ ਬੱਬੂ ਖੋਸਾ ਨੇ ਆਪਣੇ-ਆਪਣੇ ਵਿਚਾਰ ਸਾਂਝੇ ਕਰਦਿਆਂ ਪੰਜਾਬ ਦੇ ਲੋਕਾਂ ਨੂੰ ਮਿਸਲ ਸਤਲੁਜ ਨਾਲ ਜੁੜਨ ਦਾ ਸੱਦਾ ਦਿੱਤਾ।

# ਪਟਿਆਲਾ 'ਚ ਤੰਬਾਕੂ ਨਿਯੰਤਰਣ ਮੁਹਿੰਮ ਤਹਿਤ ਵਿਸ਼ੇਸ਼ ਚੈਕਿੰਗ ਜਾਰੀ : ਡਾ ਇੰਦਰਪ੍ਰੀਤ ਰੰਧਾਵਾ



**ਪਟਿਆਲਾ, 9 ਜੂਨ**
**-ਮਨੋਜ ਵਰਮਾ-**

ਸਿਵਲ ਸਰਜਨ ਦਫ਼ਤਰ, ਪਟਿਆਲਾ ਵੱਲੋਂ ਨੈਸ਼ਨਲ ਟੋਬੈਕੋ ਕੰਟਰੋਲ ਪ੍ਰੋਗਰਾਮ ਅਤੇ ਨੈਸ਼ਨਲ ਬਲਾਈਂਡਨੈੱਸ ਕੰਟਰੋਲ ਪ੍ਰੋਗਰਾਮ ਤਹਿਤ ਵਿਸ਼ੇਸ਼ ਚੈਕਿੰਗ ਅਤੇ ਜਾਗਰੂਕਤਾ ਮੁਹਿੰਮ ਚਲਾਈ ਗਈ। ਇਹ ਮੁਹਿੰਮ ਜ਼ਿਲ੍ਹਾ ਪ੍ਰੋਗਰਾਮ ਅਫਸਰ ਡਾ. ਇੰਦਰਪ੍ਰੀਤ ਰੰਧਾਵਾ , ਅਨਿਲ ਗੁਰੂ ਅਤੇ ਖੁਸ਼ਵੀਰ ਦੀ ਅਗਵਾਈ ਹੇਠ ਚਲਾਈ ਗਈ।

ਇਸ ਦੌਰਾਨ ਟੀਮ ਵੱਲੋਂ ਨਾਭਾ ਰੋਡ (ਕੇਂਦਰੀ ਜੇਲ੍ਹ ਦੇ ਸਾਹਮਣੇ), ਥਾਪਰ ਯੂਨੀਵਰਸਿਟੀ ਨੇੜੇ ਪ੍ਰੇਮ ਨਗਰ, ਭਾਦਸੋਂ ਰੋਡ, 22 ਨੰਬਰ ਫਾਟਕ, ਲੀਲਾ ਭਵਨ ਅਤੇ ਪੂਰੀ ਮਾਰਕੀਟ ਸਿਓਣਾ ਚੌਂਕ ਸਥਿਤ ਤਿੰਨ ਪਾਨ ਪਾਰਲਰਾਂ ਚੌਰਾਸੀਆ ਪਾਨ ਪਾਰਲਰਾਂ 22 ਨੰ: ਫਾਟਕ ਅਤੇ ਲੀਲਾ ਭਵਨ, ਰਾਇਲ ਪਾਨ ਪਾਰਲਰ ਪ੍ਰੇਮ ਨਗਰ ਅਤੇ ਹੋਰ ਤੰਬਾਕੂ ਵਿਕਰੀ ਸਥਾਨਾਂ ਦੀ ਵਿਸ਼ੇਸ਼ ਜਾਂਚ ਕੀਤੀ ਗਈ। ਜਾਂਚ ਦੌਰਾਨ ਤੰਬਾਕੂ ਨਿਯੰਤਰਣ ਕਾਨੂੰਨ ਦੀ ਉਲੰਘਣਾ ਕਰਦੇ ਹੋਏ ਕੁੱਲ 6 ਚਲਾਨ ਜਾਰੀ ਕੀਤੇ ਗਏ। ਇਸ ਕਾਰਵਾਈ ਰਾਹੀਂ ਕੁੱਲ 1150 ਰੁਪਏ ਦਾ ਜੁਰਮਾਨਾ ਵਸੂਲ ਕੀਤਾ ਗਿਆ। ਵਿਭਾਗ ਵੱਲੋਂ ਸਪਸ਼ਟ ਕੀਤਾ ਗਿਆ ਕਿ ਤੰਬਾਕੂ ਉਤਪਾਦਾਂ ਦੀ ਵਿਕਰੀ ਅਤੇ ਵਰਤੋਂ ਸਬੰਧੀ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਸਖ਼ਤ ਕਾਰਵਾਈ ਜਾਰੀ ਰਹੇਗੀ।

ਇਸ ਤੋਂ ਇਲਾਵਾ ਨੈਸ਼ਨਲ ਬਲਾਈਂਡਨੈੱਸ ਕੰਟਰੋਲ ਪ੍ਰੋਗਰਾਮ ਅਧੀਨ ਮੋਤੀਆ ਬਿੰਦ ਜਾਂਚ ਕੈਂਪ ਲਗਾਏ ਅਤੇ ਬਜੁਰਗਾਂ ਦੀ ਅੱਖਾਂ ਦੀ ਜਾਂਚ ਕੀਤੀ ਗਈ ਅਤੇ ਉਹਨਾਂ ਨੂੰ ਚਸ਼ਮੇਂ ਵੀ ਵੰਡੇ ਗਏ। ਇਹ ਕੈਂਪ ਪਿੰਡ ਸਿੰਭਰੋ, ਭਾਦਸੋਂ , ਸਿਉਣਾ ਅਤੇ ਕੌਲੀ ਵਿੱਚ ਲਗਾਏ ਗਏ ਸਨ। ਟੀਮ ਨੇ ਕੈਂਪਾਂ ਦੀ ਕਾਰਗੁਜ਼ਾਰੀ, ਮਰੀਜ਼ਾਂ ਦੀ ਜਾਂਚ, ਦਵਾਈਆਂ ਦੀ ਉਪਲਬਧਤਾ ਅਤੇ ਅੱਖਾਂ ਦੇ ਇਲਾਜ ਸਬੰਧੀ ਸੇਵਾਵਾਂ ਦਾ ਵਿਸਥਾਰ ਨਾਲ ਜਾਇਜ਼ਾ ਲਿਆ। ਮਰੀਜ਼ਾਂ ਨੂੰ ਉਚਿਤ ਸਲਾਹ, ਦਵਾਈਆਂ ਅਤੇ ਅਗਲੇ ਇਲਾਜ ਲਈ ਰੈਫਰਲ ਸੇਵਾਵਾਂ ਵੀ ਪ੍ਰਦਾਨ ਕੀਤੀਆਂ ਗਈਆਂ।

ਸਿਹਤ ਅਧਿਕਾਰੀਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਤੰਬਾਕੂ ਵਰਗੇ ਨਸ਼ਿਆਂ ਤੋਂ ਦੂਰ ਰਹਿਣ ਅਤੇ ਅੱਖਾਂ ਦੀ ਸਿਹਤ ਲਈ ਸਮੇਂ-ਸਮੇਂ 'ਤੇ ਜਾਂਚ ਕਰਵਾਉਣ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਚਲਾਏ ਜਾ ਰਹੇ ਇਹ ਪ੍ਰੋਗਰਾਮ ਲੋਕਾਂ ਦੀ ਸਿਹਤ ਸੁਧਾਰਨ ਅਤੇ ਜਾਗਰੂਕਤਾ ਵਧਾਉਣ ਲਈ ਬਹੁਤ ਮਹੱਤਵਪੂਰਨ ਹਨ।

ਡਾ. ਇੰਦਰਪ੍ਰੀਤ ਰੰਧਾਵਾ ਨੇ ਦੱਸਿਆ ਕਿ ਅਜਿਹੀਆਂ ਚੈਕਿੰਗਾਂ ਅਤੇ ਕੈਂਪਾਂ ਆਉਣ ਵਾਲੇ ਦਿਨਾਂ ਵਿੱਚ ਵੀ ਲਗਾਤਾਰ ਜਾਰੀ ਰਹਿਣਗੀਆਂ ਤਾਂ ਜੋ ਤੰਬਾਕੂ ਰਹਿਤ ਸਮਾਜ ਅਤੇ ਅੱਖਾਂ ਦੀ ਬਿਮਾਰੀਆਂ ਤੋਂ ਬਚਾਅ ਨੂੰ ਯਕੀਨੀ ਬਣਾਇਆ ਜਾ ਸਕੇ।

# ਲੇਖਿਕਾ ਨਿਕਾਸ਼ਾ ਲੂਥਰਾ ਨੇ ਲਿਖਿਆ ਨਵਾਂ ਨਾਵਲ- 'ਲੌਸਟ ਐਂਡ ਫਾਊਂਡ ਇਨ ਕਸ਼ਮੀਰ; ਪਹਿਲਗਾਮ ਆਤੰਕੀ ਹਮਲੇ ਦੇ ਭਾਵਨਾਤਮਕ ਪ੍ਰਭਾਵ ਤੋਂ ਪ੍ਰੇਰਿਤ ਹੈ ਨਾਵਲ

**ਚੰਡੀਗੜ੍ਹ, 9 ਜੂਨ**
**-ਸੰਜੀਵ ਸ਼ਰਮਾ-**

ਉਨੀ (19) ਵਰ੍ਹਿਆਂ ਦੀ ਲੇਖਿਕਾ, ਅਭਿਨੇਤਰੀ, ਅਤੇ ਫ਼ਿਲਮ ਡਾਇਰੈਕਟਰ- ਨਿਕਾਸ਼ਾ ਲੂਥਰਾ ਨੇ ਚੰਡੀਗੜ੍ਹ ਪ੍ਰੈੱਸ ਕਲੱਬ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਦੇ ਦੌਰਾਨ ਆਪਣੇ ਨਵੇਂ ਨਾਵਲ 'ਲੌਸਟ ਐਂਡ ਫਾਊਂਡ ਇਨ ਕਸ਼ਮੀਰ' ਦੇ ਲੋਕ ਅਰਪਣ ਦਾ ਐਲਾਨ ਕੀਤਾ। ਇਸ ਤੋਂ ਪਹਿਲਾਂ ਨਿਕਾਸ਼ਾ 'ਡਾਰਕ ਟਿਊਲਿਪਸ' ਨਾਮਕ ਕਾਵਿ-ਸੰਗ੍ਰਹਿ ਅਤੇ 'ਫਲਾਵਰਸ ਇਨ ਹਰ ਰੂਮ' ਨਾਮਕ ਪੰਜ ਲਘੂ ਨਾਟਕਾਂ ਦੇ ਸੰਗ੍ਰਹਿ ਦੀ ਰਚਨਾ ਕਰ ਚੁੱਕੀ ਹੈ। ਇਸ ਤੋਂ ਇਲਾਵਾ ਉਹ 'ਅਣਕਹੇ ਖ਼ੁਆਬ' ਅਤੇ 'ਸਹਰ ਕੀ ਤਲਾਸ਼ ਮੇਂ' ਫ਼ਿਲਮਾਂ ਦਾ ਲੇਖਨ ਅਤੇ ਨਿਰਦੇਸ਼ਨ ਵੀ ਕਰ ਚੁੱਕੀ ਹੈ।

ਨਿਕਾਸ਼ਾ ਨੇ ਦੱਸਿਆ ਕਿ 270 ਸਫ਼ਿਆਂ ਦੇ ਇਸ ਨਾਵਲ ਨੂੰ ਲਿਖਣ ਵਿੱਚ ਉਨ੍ਹਾਂ ਨੂੰ ਲਗਭਗ ਦੋ ਵਰ੍ਹੇ ਲਗੇ। ਇਹ ਪੁਸਤਕ ਅਨੰਤਾ ਪ੍ਰੈੱਸ ਪਬਲਿਕੇਸ਼ਨ ਵੱਲੋਂ ਪ੍ਰਕਾਸ਼ਿਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਨਾਵਲ ਦੀ ਪ੍ਰੇਰਣਾ ਉਨ੍ਹਾਂ ਨੂੰ ਪਹਿਲਗਾਮ ਆਤੰਕੀ ਹਮਲੇ ਦੀ ਘਟਨਾ ਤੋਂ ਬਾਅਦ ਉਨ੍ਹਾਂ 'ਤੇ ਹੋਏ ਭਾਵਨਾਤਮਕ ਪ੍ਰਭਾਵ ਤੋਂ ਮਿਲੀ।

ਨਿਕਾਸ਼ਾ ਨੇ ਕਿਹਾ ਕਿ ਹਾਲਾਂਕਿ ਇਹ ਇੱਕ ਕਾਲਪਨਿਕ ਕਹਾਣੀ ਹੈ, ਲੇਕਿਨ ਇਸ ਵਿੱਚ ਹਿੰਸਾ, ਦੁਖ ਅਤੇ ਸੰਘਰਸ਼ ਨਾਲ ਜੁੜੇ ਮਨੁੱਖੀ ਅਨੁਭਵਾਂ ਨੂੰ ਦਰਸਾਇਆ ਗਿਆ ਹੈ। ਇਹ ਨਾਵਲ



ਦੱਸਦਾ ਹੈ ਕਿ ਅਸਾਧਾਰਣ ਪਰਿਸਥਿਤੀਆਂ ਕਿਸ ਤਰ੍ਹਾਂ ਸਾਧਾਰਣ ਲੋਕਾਂ ਦੇ ਜੀਵਨ ਨੂੰ ਬਦਲ ਦਿੰਦੀਆਂ ਹਨ।

ਪੱਤਰਕਾਰ ਵਾਰਤਾ ਦੇ ਦੌਰਾਨ ਨਿਕਾਸ਼ਾ ਨੇ ਪੁਸਤਕ ਦੇ ਕੁਝ ਚੈਪਟਰਾਂ 'ਤੇ ਅਧਾਰਿਤ ਇੱਕ ਲਘੂ ਫ਼ਿਲਮ ਦੀ ਝਲਕ ਵੀ ਵਿਖਾਈ। ਉਨ੍ਹਾਂ ਨੇ ਦੱਸਿਆ ਕਿ ਪਹਿਲਗਾਮ ਦੀ ਘਟਨਾ ਨੇ ਉਨ੍ਹਾਂ ਨੂੰ ਡੂੰਘੇ ਤੌਰ 'ਤੇ ਪ੍ਰਭਾਵਿਤ ਕੀਤਾ ਸੀ। ਇਸ ਘਟਨਾ ਨੇ ਉਨ੍ਹਾਂ ਨੂੰ ਕੇਵਲ ਹਮਲੇ ਬਾਰੇ ਹੀ ਨਹੀਂ, ਬਲਕਿ ਉਨ੍ਹਾਂ ਲੋਕਾਂ ਬਾਰੇ ਵੀ ਸੋਚਣ ਲਈ ਮਜਬੂਰ ਕੀਤਾ ਜਿਨ੍ਹਾਂ ਦੀ ਜ਼ਿੰਦਗੀ ਅਚਾਨਕ ਬਦਲ ਗਈ, ਜਿਨ੍ਹਾਂ ਦੀਆਂ ਕਈ ਗੱਲਾਂ ਅਧੂਰੀਆਂ ਰਹਿ ਗਈਆਂ ਅਤੇ ਜਿਨ੍ਹਾਂ ਦੇ ਮਨ ਦਾ ਦਰਦ ਅਕਸਰ ਅਣਕਿਹਾ ਹੀ ਰਹਿ ਗਿਆ।


ਨਾਵਲ ਦੀ ਕਹਾਣੀ ਕਸ਼ਮੀਰ ਦੀਆਂ ਖ਼ੂਬਸੂਰਤ ਵਾਦੀਆਂ ਦੇ ਪਿਛੋਕੜ ਵਿੱਚ ਬੁਣੀ ਗਈ ਹੈ। ਇਸ ਦੇ ਮੁੱਖ ਪਾਤਰ ਹੀਰ ਅਤੇ ਕਬੀਰ ਹਿੰਸਾ, ਦਿਲ ਟੁੱਟਣ ਅਤੇ ਆਪਣੇਆਂ ਨੂੰ ਗੁਆਉਣ ਤੋਂ ਬਾਅਦ ਪੈਦਾ ਹੋਣ ਵਾਲੀਆਂ ਭਾਵਨਾਤਮਕ ਪਰਿਸਥਿਤੀਆਂ ਦਾ ਸਾਹਮਣਾ ਕਰਦੇ ਹਨ। ਕਹਾਣੀ ਉਨ੍ਹਾਂ ਦੇ ਅਨੁਭਵਾਂ, ਯਾਦਾਂ ਅਤੇ ਸੰਵਾਦਾਂ ਦੇ ਜ਼ਰੀਏ ਇਹ ਦਰਸਾਉਂਦੀ ਹੈ ਕਿ ਕਿਸ ਤਰ੍ਹਾਂ ਤ੍ਰਾਸਦੀ ਲੋਕਾਂ ਦੀ ਦੁਨੀਆ ਬਦਲ ਦਿੰਦੀ ਹੈ।

ਨਿਕਾਸ਼ਾ ਨੇ ਦੱਸਿਆ ਕਿ ਕਸ਼ਮੀਰ ਦੀ ਸੁੰਦਰਤਾ ਅਤੇ ਪੀੜਾ ਇਕੱਠੇ ਮੌਜੂਦ ਹਨ। ਉੱਥੋਂ ਦੀਆਂ ਵਾਦੀਆਂ ਵਿੱਚ ਜਿੱਥੇ ਅਦਭੁਤ ਕੁਦਰਤੀ ਖ਼ੂਬਸੂਰਤੀ ਹੈ, ਉੱਥੇ ਹੀ ਇਤਿਹਾਸ, ਸੰਘਰਸ਼ ਅਤੇ ਅਣਕਹੇ ਦੁਖਾ ਵੀ ਸਮਾਏ ਹੋਏ ਹਨ। ਇਹੀ ਕਾਰਨ ਹੈ ਕਿ ਕਸ਼ਮੀਰ ਇਸ ਨਾਵਲ ਵਿੱਚ ਇੱਕ ਮਹੱਤਵਪੂਰਨ ਪਾਤਰ ਦੀ ਤਰ੍ਹਾਂ ਉੱਭਰਦਾ ਹੈ।

ਉਨ੍ਹਾਂ ਨੇ ਕਿਹਾ ਕਿ ਹਿੰਸਾ ਅਤੇ ਦੁਖ ਜਿਹੇ ਵਿਸ਼ਿਆਂ 'ਤੇ ਲਿਖਦੇ ਸਮੇਂ ਸੰਵੇਦਨਸ਼ੀਲਤਾ ਅਤੇ ਜ਼ਿੰਮੇਦਾਰੀ ਬਣਾਈ ਰੱਖਣਾ ਬਹੁਤ ਜ਼ਰੂਰੀ ਸੀ। ਉਨ੍ਹਾਂ ਦੀ ਕੋਸ਼ਿਸ਼ ਰਹੀ ਕਿ ਕਹਾਣੀ ਵਿੱਚ ਹਿੰਸਾ ਨੂੰ ਸਨਸਨੀਖੇਜ਼ ਬਣਾਉਣ ਦੀ ਬਜਾਏ ਪਾਤਰਾਂ ਦੀਆਂ ਭਾਵਨਾਵਾਂ ਅਤੇ ਮਨੁੱਖੀ ਪੱਖ ਨੂੰ ਪ੍ਰਮੁੱਖਤਾ ਦਿੱਤੀ ਜਾਵੇ।

ਨਿਕਾਸ਼ਾ ਨੇ ਕਿਹਾ ਕਿ ਮੇਰੇ ਲਈ ਸਭ ਤੋਂ ਬੜੀ ਸਫ਼ਲਤਾ ਇਹ ਹੋਵੇਗੀ ਕਿ ਪਾਠਕ ਪੁਸਤਕ ਪੜ੍ਹਨ ਤੋਂ ਬਾਅਦ ਵੀ ਇਸ ਦੀ ਕਹਾਣੀ ਅਤੇ ਭਾਵਨਾਵਾਂ ਨੂੰ ਆਪਣੇ ਨਾਲ ਲੈ ਕੇ ਚਲਣ। ਜੇਕਰ ਇਹ ਨਾਵਲ ਕਿਸੇ ਇੱਕ ਵਿਅਕਤੀ ਵਿੱਚ ਵੀ ਦੂਸਰਿਆਂ ਪ੍ਰਤੀ ਅਧਿਕ ਸੰਵੇਦਨਸ਼ੀਲਤਾ ਪੈਦਾ ਕਰ ਸਕੇ, ਤਾਂ ਮੈਂ ਇਸ ਨੂੰ ਸਾਰਥਕ ਮੰਨਾਂਗੀ।



## ਡਿਪਟੀ ਕਮਿਸ਼ਨਰ ਵੱਲੋਂ ਪੰਜਾਬ ਟਰੇਡਰਜ਼ ਕਮਿਸ਼ਨ ਦੀ ਸਮੀਖਿਆ ਮੀਟਿੰਗ

# ਵਪਾਰੀਆਂ ਦੀਆਂ ਸ਼ਿਕਾਇਤਾਂ ਦੇ ਸਮਾਂਬੱਧ ਨਿਪਟਾਰੇ ਲਈ ਆਪਸੀ ਤਾਲਮੇਲ ਨਾਲ ਕੰਮ ਕਰਨ ਸਬੰਧਤ ਵਿਭਾਗ : ਡਾ. ਹਿਮਾਂਸ਼ੂ ਅਗਰਵਾਲ



**ਪਟਿਆਲਾ, 9 ਜੂਨ**
**-ਹਰਸ਼ਪ੍ਰੀਤ ਕੌਰ-**

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਪੰਜਾਬ ਰਾਜ ਟ੍ਰੇਡਰਜ਼ ਕਮਿਸ਼ਨ ਦੇ ਮੈਂਬਰਾਂ ਨਾਲ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ, ਜਿਸ ਵਿੱਚ ਵਪਾਰੀਆਂ ਦੀਆਂ ਸਾਰੀਆਂ ਸ਼ਿਕਾਇਤਾਂ ਦਾ ਸਮਾਂਬੱਧ ਨਿਪਟਾਰਾ ਯਕੀਨੀ ਬਣਾਉਣ ਲਈ ਸਖ਼ਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਇਸ ਮੌਕੇ ਕਮਿਸ਼ਨ ਦੇ ਵਾਈਸ ਚੇਅਰਮੈਨ ਗੁਰਪ੍ਰੀਤ ਸਿੰਘ ਧਮੌਲੀ ਤੇ ਹੋਰ ਮੈਂਬਰ ਵੀ ਹਾਜ਼ਰ ਸਨ।

ਡਿਪਟੀ ਕਮਿਸ਼ਨਰ ਨੇ ਸਾਰੇ ਸਬੰਧਤ ਵਿਭਾਗਾਂ ਨੂੰ ਨਿਰਧਾਰਤ ਪੋਰਟਲ 'ਤੇ ਲਗਾਤਾਰ ਨਿਗਰਾਨੀ ਰੱਖਣ ਅਤੇ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਕਿ ਆਉਣ ਵਾਲੀਆਂ ਸ਼ਿਕਾਇਤਾਂ ਦਾ ਸੱਤ ਦਿਨਾਂ ਦੇ ਅੰਦਰ ਪੂਰੀ ਤਰ੍ਹਾਂ ਨਿਪਟਾਰਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਕਿਸੇ ਵੀ ਸ਼ਿਕਾਇਤ ਦੇ ਨਿਪਟਾਰੇ ਉਪਰੰਤ ਸਬੰਧਤ ਮੈਂਬਰਾਂ ਨੂੰ ਜਾਣਕਾਰੀ ਦਿੱਤੀ ਜਾਵੇ ਤਾਂ ਕਿ ਸ਼ਿਕਾਇਤ ਕਰਤਾ ਨੂੰ ਤਸੱਲੀ ਹੋ ਜਾਵੇ।

ਉਨ੍ਹਾਂ ਕਿਹਾ ਕਿ ਜੇਕਰ ਕਿਸੇ ਅਧਿਕਾਰੀ ਨੇ ਸ਼ਿਕਾਇਤਾਂ ਦੇ ਨਿਪਟਾਰੇ ਵਿੱਚ ਦੇਰੀ ਕੀਤੀ ਤਾਂ ਉਸ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇਗੀ।

ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਦਿੱਤੇ ਗਏ ਨਿਰਦੇਸ਼ਾਂ ਮੁਤਾਬਕ ਵਪਾਰਕ ਭਾਈਚਾਰੇ ਨਾਲ ਮਜ਼ਬੂਤ ਸੰਚਾਰ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਨੇ ਵਿਭਾਗੀ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਵਪਾਰੀਆਂ ਦੀਆਂ ਸ਼ਿਕਾਇਤਾਂ ਦੇ ਸਮਾਂਬੱਧ ਨਿਪਟਾਰੇ ਲਈ ਆਪਸੀ ਤਾਲਮੇਲ ਨਾਲ ਕੰਮ ਕਰਨਾ ਯਕੀਨੀ ਬਣਾਇਆ ਜਾਵੇ।

ਇਸ ਮੌਕੇ ਗੁਰਪ੍ਰੀਤ ਸਿੰਘ ਧਮੌਲੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ 'ਆਪ' ਦੇ ਕਨਵੀਨਰ ਅਰਵਿੰਦ ਕੇਜਰੀਵਾਲ ਅਗਲੇ ਹਫ਼ਤੇ ਤੋਂ ਵਪਾਰੀਆਂ ਨਾਲ ਹੋਣ ਵਾਲੀਆਂ ਮੀਟਿੰਗਾਂ ਦੀ ਨਿੱਜੀ ਤੌਰ 'ਤੇ ਪ੍ਰਧਾਨਗੀ ਕਰਦਿਆਂ ਸ਼ਿਕਾਇਤ ਨਿਵਾਰਨ ਪ੍ਰਣਾਲੀ ਨੂੰ ਹੋਰ ਤੇਜ਼ ਅਤੇ ਮਜ਼ਬੂਤ ਕਰਨਗੇ।

ਮੀਟਿੰਗ ਦੌਰਾਨ ਏਡੀਸੀ (ਜ) ਅਨੁਪ੍ਰਿਤਾ ਜੌਹਲ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਵਚਨਬੱਧ ਹੈ। ਇਸ ਮੌਕੇ ਕਮਿਸ਼ਨ ਦੇ ਵੱਖ-ਵੱਖ ਮੈਂਬਰਾਂ ਨੇ ਜ਼ਮੀਨੀ ਪੱਧਰ ਦੀ ਫੀਡਬੈਕ ਅਤੇ ਵਿਚਾਰ ਵੀ ਸਾਂਝੇ ਕੀਤੇ।

ਇਸ ਮੀਟਿੰਗ ਵਿੱਚ ਟਿੰਕੂ ਬਾਂਸਲ ਹਲਕਾ ਚੇਅਰਮੈਨ ਰਾਜਪੁਰਾ, ਦੁਰਗਾ ਦਾਸ ਹਲਕਾ ਚੇਅਰਮੈਨ ਪਾਤੜਾਂ, ਕੀਰਤ ਸੇਹਰਾ ਮੈਂਬਰ ਹਲਕਾ ਘਨੌਰ, ਵਿਨੋਦ ਸਿੰਗਲਾ, ਪੁਨੀਤ ਬੁੱਧੀਰਾਜਾ ਅਤੇ ਵੇਦ ਪ੍ਰਕਾਸ਼ ਗਰਗ ਸਮੇਤ ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਮਨਰੀਤ ਰਾਣਾ, ਡੀ ਐਸ ਪੀ ਨੇਹਾ ਅਗਰਵਾਲ, ਸਹਾਇਕ ਕਮਿਸ਼ਨਰ ਜੀਐਸਟੀ ਗੁਰਸਿਮਰਨ ਕੌਰ, ਡੀਡੀਪੀਓ ਮਹਿੰਦਰਜੀਤ ਸਿੰਘ, ਸਾਰੇ ਕਾਰਜ ਸਾਧਕ ਅਫ਼ਸਰ ਤੇ ਵੱਖ-ਵੱਖ ਵਿਭਾਗਾਂ ਦੇ ਹੋਰ ਅਧਿਕਾਰੀ ਮੌਜੂਦ ਸਨ।

# ਰੁੱਖਾਂ ਦੀ ਕਟਾਈ ਕਾਰਨ ਹੀ ਮਨੁੱਖ ਨੂੰ ਅੱਜ ਕੁਦਰਤੀ ਆਫ਼ਤਾਂ ਦਾ ਕਰਨਾ ਪੈ ਰਿਹਾ ਹੈ ਸਾਹਮਣਾ : ਸੁਖਜਿੰਦਰ ਬਾਜਵਾ

**ਪਟਿਆਲਾ, 9 ਜੂਨ**
**ਛਤਰਪਾਲ ਸਿੰਘ**

ਜ਼ਿਲ੍ਹਾ ਸਾਝ ਕੇਂਦਰ ਪਟਿਆਲਾ ਪੁਲਿਸ ਵੱਲੋਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਗਿਆਨ ਜੋਤੀ ਐਜੂਕੇਸ਼ਨ ਸੁਸਾਇਟੀ ਦੇ ਸਹਿਯੋਗ ਅਤੇ ਡਾਇਰੈਕਟਰ ਜਨਰਲ ਆਫ਼ ਪੁਲਿਸ ਗੋਰਵ ਯਾਦਵ , ਸਪੈਸ਼ਲ ਡੀ ਜੀ ਪੀ ਕਮਊਨਿਟੀ ਅਫੇਅਰ ਡਵੀਜ਼ਨ ਪੰਜਾਬ ਮੈਡਮ ਗੁਰਪ੍ਰੀਤ ਕੌਰ ਦਿਉ ਜੀ ਦੀ ਸਰਪ੍ਰਸਤੀ ਅਤੇ , ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ,ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ,ਐਸ ਪੀ ਹੈਡਕੁਆਰਟਰ -ਕਮ- ਜ਼ਿਲ੍ਹਾ ਕਾਮਊਨਟੀ ਅਫੇਅਰ ਅਫਸਰ ਵੈਭਵ ਚੋਧਰੀ ਦੀ ਅਗਵਾਈ ਹੇਠ ਦੂਸ਼ਿਤ ਹੁੰਦੇ ਜਾਂ ਰਹੇ ਵਾਤਾਵਰਣ ਨੂੰ ਬਚਾਉਣ ਲਈ ਵੱਖ ਵੱਖ ਥਾਵਾਂ ਉਪਰ ਰੁੱਖ ਲਗਾਊ ਮੁਹਿਮ ਦੀ ਸ਼ੁਰੂਆਤ ਕੀਤੀ ਗਈ। ਜਿਸ ਵਿੱਚ ਮੁੱਖ ਮਹਿਮਾਨ ਸੁਖਜਿੰਦਰ ਸਿੰਘ




ਬਾਜਵਾ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਜ਼ਿਲ੍ਹਾ ਸਾਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ, ਮੈਂਬਰ ਵੂਮੈਨ ਕੋਸਲਿੰਗ ਸੈਲ ਪਟਿਆਲਾ ਪੁਲਿਸ, ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕੀਤੀ। ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਸਾਰੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ।

ਵਿਸ਼ੇਸ਼ ਤੌਰ ਤੇ ਰਾਸ਼ਟਰਪਤੀ ਪੁਲਿਸ ਮੈਡਲ ਵਿਜੇਤਾ ਐਸ ਆਈ ਜਸਪਾਲ ਸਿੰਘ ਇੰਚਾਰਜ ਸਾਂਝ ਕੇਂਦਰ ਸਦਰ ਪਟਿਆਲਾ, ਐਸ ਆਈ ਜਸਵੰਤ ਕੁਮਾਰ ਇੰਚਾਰਜ ਸਾਂਝ ਕੇਂਦਰ ਸਿਟੀ 2, ਵਰਿੰਦਰ ਸਿੰਘ ਖਰੋੜ ਡੈਟਾ ਅਪਰੇਟਰ ਜ਼ਿਲ੍ਹਾ ਸਾਝ ਕੇਂਦਰ ਪਟਿਆਲਾ, ਉਪਕਾਰ ਸਿੰਘ ਪ੍ਰਧਾਨ ਗਿਆਨ ਜੋਤੀ ਐਜੂਕੇਸ਼ਨ ਸੁਸਾਇਟੀ,ਰੁਦਰਪ੍ਰਤਾਪ ਸਿਘ ਬੀ ਸੀ ਏ ਵਿਦਿਆਰਥੀ ਗੋਰਮਿੰਟ ਬਿਕਰਮ ਕਾਲਜ਼ ਆਫ ਕਾਮਰਸ, ਗਗਨਪ੍ਰੀਤ ਕੋਰ, ਖੁਸ਼ਪ੍ਰੀਤ ਕੋਰ , ਗੁਰਿੰਦਰਪਾਲ ਸਿੰਘ ਸੰਧੂ,ਨੇ ਵੀ ਭਰਪੂਰ ਸਹਿਯੋਗ ਦਿੱਤਾ।ਇਸ ਮੌਕੇ ਸੰਬੋਧਨ ਕਰਦਿਆ ਜ਼ਿਲ੍ਹਾ ਸਾਝ ਕੇਂਦਰ ਪਟਿਆਲਾ ਪੁਲਿਸ ਇੰਚਾਰਜ ਸੁਖਜਿੰਦਰ ਬਾਜਵਾ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਕਿ ਮਨੁੱਖ ਨੇ ਆਪਣੀਆਂ ਲੋੜਾਂ ਪੂਰੀਆਂ ਕਰਨ ਲਈ ਰੁੱਖਾਂ ਨੂੰ ਕੱਟਣਾ ਸ਼ੁਰੂ ਕਰ ਦਿੱਤਾ ਸੀ ਜਿਸ ਦੇ ਚਲਦਿਆਂ ਹੁਣ ਮਨੁੱਖ ਨੂੰ ਕੁਦਰਤੀ ਆਫ਼ਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਇਹਨਾਂ ਕੁਦਰਤੀ ਆਫ਼ਤਾਂ ਦਾ ਮਨੁੱਖ ਖ਼ੁਦ ਜ਼ਿੰਮੇਵਾਰ ਹੈ ।

ਉਹਨਾਂ ਕਿਹਾ ਕਿ ਹਰ ਮਨੁੱਖ ਨੂੰ ਆਪਣਾ ਨੈਤਿਕ ਫਰਜ਼ ਸਮਝਦੇ ਹੋਏ ਸਾਲ ਵਿੱਚ ਘੱਟ ਤੋਂ ਘੱਟ ਪੰਜ ਰੁੱਖ ਲਗਾਕੇ ਉਹਨਾਂ ਦੀ ਸਾਭ ਸੰਭਾਲ ਕਰਨੀ ਚਾਹੀਦੀ ਹੈ ਤਾਂ ਹੀ ਅਸੀਂ ਕੁਦਰਤੀ ਆਫ਼ਤਾਂ ਤੋਂ ਬਚ ਸਕਾਂਗੇ। ਇਸ ਮੌਕੇ ਜ਼ਿਲ੍ਹਾ ਸਾਝ ਕੇਂਦਰ ਪਟਿਆਲਾ ਪੁਲਿਸ ਵੱਲੋਂ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਵੱਖ ਵੱਖ ਥਾਵਾਂ ਉਪਰ ਛਾਂਦਾਰ ਅਤੇ ਫਲਦਾਰ ਬੂਟੇ ਲਗਾਉਣ ਲਈ ਵੰਡੇ ਗਏ।

# ਵਧੀਕ ਜਿਲ੍ਹਾ ਮੈਜਿਸਟ੍ਰੇਟ ਵੱਲੋਂ ਜਿਲ੍ਹੇ 'ਚ ਵੱਖ ਵੱਖ ਪਾਬੰਦੀ ਦੇ ਹੁਕਮ ਜਾਰੀ

**ਪਟਿਆਲਾ, 9 ਜੂਨ**
**ਛਤਰਪਾਲ ਸਿੰਘ**

ਵਧੀਕ ਜ਼ਿਲ੍ਹਾ ਮੈਜਿਸਟਰੇਟ ਅਨੂਪ੍ਰਿਤਾ ਜੌਹਲ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜਿਲ੍ਹਾ ਪਟਿਆਲਾ ਦੀਆਂ ਸੀਮਾਵਾਂ ਅੰਦਰ ਵੱਖ ਵੱਖ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ।

ਇਹ ਹੁਕਮ 6 ਜੂਨ 2026 ਤੋਂ 5 ਅਗਸਤ 2026 ਤਕ ਲਾਗੂ ਰਹਿਣਗੇ। 1 ਜ਼ਿਲ੍ਹੇ 'ਚ ਰੋਸ ਧਰਨੇ ਤੇ ਰੈਲੀਆਂ ਕਰਨ ' ਤੇ ਪਾਬੰਦੀ

ਵਧੀਕ ਜ਼ਿਲ੍ਹਾ ਮੈਜਿਸਟਰੇਟ ਅਨੂਪ੍ਰਿਤਾ ਜੌਹਲ ਨੇ ਜ਼ਿਲ੍ਹਾ ਪਟਿਆਲਾ ਦੀਆਂ ਹੱਦਾਂ ਅੰਦਰ ਕਿਸੇ ਕਿਸਮ ਦੇ ਵਿਖਾਵੇ/ਰੋਸ ਧਰਨੇ ਤੇ ਰੈਲੀਆਂ ਕਰਨ, ਮੀਟਿੰਗਾਂ ਕਰਨ, ਨਾਅਰੇ ਲਗਾਉਣ, ਪੰਜ ਜਾਂ ਪੰਜ ਤੋਂ ਵੱਧ ਵਿਅਕਤੀਆਂ ਦੇ ਇਕੱਠੇ ਹੋਣ 'ਤੇ ਮਨਾਹੀ ਦੇ ਹੁਕਮ ਜਾਰੀ ਕੀਤੇ ਹਨ। ਹੁਕਮ 5 ਅਗਸਤ ਤੱਕ ਲਾਗੂ ਰਹਿਣਗੇ।

2 ਜਿਲ੍ਹੇ ਵਿੱਚ ਪਾਣੀ ਦੀਆਂ ਟੈਂਕੀਆਂ ਉਪਰ ਚੜਨ 'ਤੇ ਪਾਬੰਦੀ ਜਾਰੀ

ਵਧੀਕ ਜਿਲ੍ਹਾ ਮੈਜਿਸਟ੍ਰੇਟ ਅਨੂਪ੍ਰਿਤਾ ਜੌਹਲ ਨੇ ਜਿਲ੍ਹਾ ਪਟਿਆਲਾ ਦੀਆਂ ਸੀਮਾਵਾਂ ਅੰਦਰ (ਪਿੰਡਾ ਅਤੇ ਸ਼ਹਿਰਾਂ) ਵਿਚ ਬਣੀਆਂ ਪਾਣੀ ਦੀਆਂ ਟੈਂਕੀਆਂ ਉਪਰ ਕਿਸੇ ਕਿਸਮ ਦੇ ਵਿਖਾਵੇ ਲਈ



ਚੜਨ ਤੇ ਪਾਬੰਦੀ ਲਗਾਈ ਹੈ। ਇਹ ਹੁਕਮ 6 ਜੂਨ 2026 ਤੋਂ 5 ਅਗਸਤ 2026 ਤਕ ਲਾਗੂ ਰਹਿਣਗੇ।

3 ਭਾਖੜਾ ਅਤੇ ਹੋਰ ਵੱਡੀਆਂ ਛੋਟੀਆਂ ਨਹਿਰਾਂ ਵਿਚ ਨਹਾਉਣ ਤੇ ਪਾਬੰਦੀ ਦੇ ਹੁਕਮ ਜਾਰੀ

ਵਧੀਕ ਜਿਲ੍ਹਾ ਮੈਜਿਸਟ੍ਰੇਟ ਅਨੂਪ੍ਰਿਤਾ ਜੌਹਲ ਨੇ ਭਾਰਤੀ ਨਾਗਰਿਕ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਪਟਿਆਲਾ ਦੀ ਹੱਦ ਅੰਦਰ ਵੱਖ-ਵੱਖ ਸਥਾਨਾਂ ਤੋਂ ਲੰਘਦੀ ਭਾਖੜਾ ਨਹਿਰ ਅਤੇ ਹੋਰ ਵੱਡੀਆਂ ਛੋਟੀਆਂ ਨਦੀਆਂ ਨਹਿਰਾਂ ਵਿੱਚ ਕਿਸੇ ਵੀ ਸਥਾਨ ਤੇ ਆਮ ਜਨਤਾ ਦੇ ਨਹਾਉਣ ਅਤੇ ਤੈਰਨ ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਵਧੀਕ ਜਿਲ੍ਹਾ ਮੈਜਿਸਟ੍ਰੇਟ ਨੇ ਇਹਨਾਂ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਵਿਅਕਤੀ ਦੇ ਖਿਲਾਫ ਕਾਨੂੰਨੀ ਕਾਰਵਾਈ ਨੂੰ ਅਮਲ ਵਿਚ ਲਿਆਉਣ ਦੇ ਆਦੇਸ਼ ਦਿੱਤੇ ਹਨ। ਇਹ ਹੁਕਮ 6 ਜੂਨ 2026 ਤੋਂ 5 ਅਗਸਤ 2026 ਤੱਕ ਲਾਗੂ ਰਹਿਣਗੇ।

4 ਗੁਟਕਾ, ਪਾਨ ਮਸਾਲਾ ਤੇ ਨਸ਼ੀਲੇ ਫਲੇਵਰ ਵੇਚਣ 'ਤੇ ਪੂਰਨ ਪਾਬੰਦੀ

ਪਟਿਆਲਾ ਦੇ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀਮਤੀ ਅਨੁਪ੍ਰਿਤਾ ਜੌਹਲ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਪਟਿਆਲਾ ਦੀ ਹੱਦ ਅੰਦਰ ਗੁਟਕਾ, ਪਾਨ ਮਸਾਲਾ ਅਤੇ ਖਾਣ ਪੀਣ ਵਾਲੀਆਂ ਹੋਰ ਚੀਜਾਂ ਜਿਹਨਾਂ ਵਿੱਚ ਤੰਬਾਕੂ ਅਤੇ ਨਿਕੋਟੀਨ ਹੋਵੇ ਜਾਂ ਨਸ਼ੀਲੇ ਪਦਾਰਥਾਂ ਨੂੰ ਵੱਖ-ਵੱਖ ਖਾਣ ਪੀਣ ਵਾਲੀਆਂ ਵਸਤਾਂ ਜਾਂ ਕਿਸੇ ਹੋਰ ਢੰਗ ਨਾਲ ਇਹਨਾਂ ਨਸ਼ੀਲੇ ਪਦਾਰਥਾਂ ਨੂੰ ਵੱਖ-ਵੱਖ ਫਲੇਵਰਾਂ ਆਦਿ ਵਿੱਚ ਪਾ ਕੇ ਕਿਸੇ ਵੀ ਹੁੱਕਾ ਬਾਰ ਹੋਟਲ/ਰੈਸਟੋਰੈਂਟ ਆਦਿ ਵਿੱਚ ਆਉਣ ਵਾਲਿਆਂ ਨੂੰ ਵੇਚਣ/ਪਰੋਸਣ ਅਤੇ ਅਜਿਹੇ ਹੁੱਕਾ ਬਾਰ ਚਲਾਉਣ ' ਤੇ ਮੁਕੰਮਲ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ 5 ਅਗਸਤ ਤੱਕ ਲਾਗੂ ਰਹਿਣਗੇ।

# ਗੁਰੂ ਨਾਨਕ ਫਾਉਂਡੇਸ਼ਨ ਸਕੂਲ ਕੋਲ ਖੜਦਾ ਜੂਸ ਵਾਲਾ ਲੋਕਾਂ ਨੂੰ ਸ਼ਰੇਆਮ ਪਰੋਸ ਰਿਹਾ ਗੰਦ ਤੇ ਬਿਮਾਰੀਆਂ

## ਗੁਰਮਤਿ ਕਾਲਜ ਅੰਦਰ ਵੀ ਸੁੱਟ ਦਿੰਦੇ ਹਨ ਜ਼ਰਦੇ ਦੀਆਂ ਪੁੜੀਆਂ



**ਪਟਿਆਲਾ, 9 ਜੂਨ**
**-ਅਮਨਦੀਪ ਸਰਾਂ-**

ਜੇਕਰ ਤੁਸੀਂ ਗੰਨੇ ਦਾ ਜੂਸ ਪੀਣ ਦੇ ਸ਼ੌਕੀਨ ਹੋ ਤਾਂ ਜ਼ਰੂਰ ਪੀਓ, ਪਰ ਇਸ ਗੱਲ ਦਾ ਖਿਆਲ ਰੱਖੋ ਕਿ ਜਿਹੜਾ ਗੰਨੇ ਦਾ ਜੂਸ ਤੁਸੀਂ ਗੱਡੀ ਵਿਚ ਬੈਠੇ ਬੈਠੇ ਪੀ ਰਹੇ ਹੋ, ਉਸ ਵਿਚ ਜ਼ਰਦਾ, ਗੰਦੇ ਪੋਚੇ ਦਾ ਪਾਣੀ ਜਾਂ ਗੰਦੀ ਬਰਫ ਤਾਂ ਨਹੀਂ। ਗੁਰੂ ਨਾਨਕ ਫਾਊਂਡੇਸ਼ਨ ਪਬਲਿਕ ਸਕੂਲ ਦੇ ਨਾਲ ਖੜਦਾ ਇਕ ਜੂਸ ਵਾਲਾ ਤਾਂ ਲੋਕਾਂ ਨੂੰ ਇਹੀ ਕੁਝ ਪਿਆ ਰਿਹਾ ਹੈ, ਕਿਉਂਕਿ ਇਹ ਜ਼ਰਦਾ ਅਤੇ ਪੋਚਾ ਲਾਉਣ ਮਗਰੋਂ ਹੱਥ ਨਹੀਂ ਧੋਂਦਾ, ਸਗੋਂ ਇਹੀ ਗੰਦ-ਮੰਦ ਉਸ ਦੇ ਹੱਥਾਂ ਰਾਹੀਂ ਨੁਚੜ ਕੇ ਗੰਨੇ ਦੇ ਜੂਸ ਵਿਚ ਚਲਾ ਜਾਂਦਾ ਹੈ। ਇਸ ਰੇਹੜੀ ਵਾਲੇ ਵਲੋਂ ਸ਼ਰੇਆਮ ਲੋਕਾਂ ਨੂੰ ਗੰਦ ਅਤੇ ਬਿਮਾਰੀਆਂ ਪਰੋਸੀਆਂ ਜਾ ਰਹੀਆਂ ਹਨ। ਇਹ ਰੇਹੜੀ ਵੀ ਨਗਰ ਨਿਗਮ ਦੇ ਏਰੀਏ ਵਿਚ ਲਗਾਈ ਗਈ ਹੈ, ਜਿਸ ਕਾਰਨ ਸ਼ਹਿਰ ਦੀ ਟ੍ਰੈਫਿਕ ਵੀ ਪ੍ਰਭਾਵਿਤ ਹੋ ਰਹੀ ਹੈ, ਕਿਉਂਕਿ ਇਨ੍ਹਾਂ ਦਾ ਜੂਸ ਪੀਣ ਖੜਦੀਆਂ ਗੱਡੀਆਂ ਕਾਰਨ ਅਕਸਰ ਜਾਮ ਲੱਗ ਜਾਂਦਾ ਹੈ। ਅਫਸੋਸ ਦੀ ਗੱਲ ਹੈ ਕਿ ਇਸ ਉਤੇ ਨਾ ਤਾਂ ਨਗਰ ਨਿਗਮ ਦੇ ਅਧਿਕਾਰੀ ਕੋਈ ਕਾਰਵਾਈ ਕਰ ਰਹੇ ਹਨ ਅਤੇ ਨਾ ਹੀ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰ ਰਹੇ ਜੂਸ ਵਾਲੇ ਖਿਲਾਫ ਸਿਹਤ ਵਿਭਾਗ ਦੇ ਜ਼ਿਲ੍ਹਾ ਫੂਡ ਸੇਫਟੀ ਅਫਸਰ ਕੋਈ ਕਾਰਵਾਈ ਕੀਤੀ ਜਾ ਰਹੀ ਹੈ।

ਇਹ ਗੰਦਾ ਜੂਸ ਪਰੋਸਣ ਵਾਲਾ ਜਿਸ ਥਾਂ 'ਤੇ ਖੜਦਾ ਹੈ, ਉਥੇ ਨਾਲ ਹੀ ਰੀਲਿਜਨ ਦੀ ਐਮ ਏ ਲਈ ਮਸ਼ਹੂਰ ਗੁਰਮਤਿ ਕਾਲਜ ਹੈ। ਇਨ੍ਹਾਂ ਵਲੋਂ ਅਕਸਰ ਜ਼ਰਦਾ ਖਾ ਕੇ ਗੁਰਮਤਿ ਕਾਲਜ ਅੰਦਰ ਪੁੜੀਆਂ ਸੁੱਟ ਦਿੱਤੀਆਂ ਜਾਂਦੀਆਂ ਹਨ। ਇਸ ਬਾਬਤ ਗੁਰਮਿਤ ਕਾਲਜ ਦੇ ਪ੍ਰਬੰਧਕਾਂ ਨੇ ਦੱਸਿਆ ਕਿ ਇਨ੍ਹਾਂ ਨੂੰ ਜ਼ਰਦੇ ਦੀਆਂ ਪੁੜੀਆਂ ਸੁੱਟਣ ਤੋਂ ਕਈ ਵਾਰ ਰੋਕਿਆ ਪਰ ਇਹ ਨਹੀਂ ਰੁਕਦੇ ਅੱਗੋਂ ਬਦਮਾਸ਼ੀ 'ਤੇ ਉਤਰ ਆਉਂਦੇ ਹਨ।

**ਕੀ ਕਹਿਣੈ ਨਗਰ ਨਿਗਮ ਅਧਿਕਾਰੀ ਦਾ ?**

ਪਟਿਆਲਾ : ਇਸ ਸਬੰਧ ਵਿਚ ਨਗਰ ਨਿਗਮ ਦੇ ਏਰੀਆ ਇੰਚਾਰਜ ਵਿਸ਼ਾਲ ਵਰਮਾ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਉਨ੍ਹਾਂ ਕੋਲ ਇਹ ਏਰੀਆ ਨਵਾਂ ਹੈ ਅਤੇ ਜਲਦ ਹੀ ਇਸ 'ਤੇ ਬਣਦੀ ਕਾਰਵਾਈ ਕੀਤੀ ਜਾਵੇਗੀ।

**ਕੀ ਕਹਿਣੈ ਸਿਹਤ ਵਿਭਾਗ ਦੇ ਅਧਿਕਾਰੀ ਦਾ ?**

ਪਟਿਆਲਾ : ਇਸ ਸਬੰਧੀ ਜਦੋਂ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਸਾਨੂੰ ਇਸ ਦੀ ਲੋਕੇਸ਼ਨ ਅਤੇ ਪ੍ਰੋਪਰ ਥਾਂ ਦੱਸ ਦਿਓ, ਜਲਦ ਹੀ ਇਸ ਵਲੋਂ ਪਿਲਾਏ ਜਾ ਰਹੇ ਜੂਸ ਦਾ ਮਿਆਰ ਚੈਕ ਕਰਵਾਇਆ ਜਾਵੇਗਾ ਅਤੇ ਜਲਦ ਦੀ ਟੀਮ ਭੇਜ ਕੇ ਇਸ ਦੀ ਰੇਹੜੀ ਸਫਾਈ ਬਾਰੇ ਚੈਕਿੰਗ ਕੀਤੀ ਜਾਵੇਗੀ ਤੇ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ।

# ਦਿੜਬਾ ਵਿਖੇ ਬੱਕਰੀ ਪਾਲਣ ਸਬੰਧੀ 3 ਰੋਜ਼ਾ ਟ੍ਰੇਨਿੰਗ ਸ਼ੁਰੂ



**ਦਿੜਬਾ, 9 ਜੂਨ (ਮੀਡੀਆ ਡੈਸਕ):** ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਰਵਾਇਤੀ ਖੇਤੀ ਦੇ ਨਾਲ-ਨਾਲ ਸਹਾਇਕ ਧੰਦਿਆਂ ਨਾਲ ਜੋੜ ਕੇ ਆਤਮ-ਨਿਰਭਰ ਬਣਾਉਣ ਅਤੇ ਉਨ੍ਹਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਕੈਬਨਿਟ ਮੰਤਰੀ ਸ੍ਰ ਹਰਪਾਲ ਸਿੰਘ ਚੀਮਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਦੀ ਯੋਗ ਸੇਧ ਅਨੁਸਾਰ, ਐਸ.ਡੀ.ਐਮ. ਦਿੜਬਾ ਸ਼੍ਰੀ ਤਰਸੇਮ ਚੰਦ ਦੀ ਪਹਿਲਕਦਮੀ ਸਦਕਾ ਐਸ.ਡੀ.ਐਮ. ਦਫ਼ਤਰ ਦੇ ਕਾਨਫਰੰਸ ਹਾਲ ਵਿਖੇ ਬੱਕਰੀ ਪਾਲਣ ਦੇ ਕਿੱਤੇ ਸਬੰਧੀ ਤਿੰਨ ਰੋਜ਼ਾ ਸਿਖਲਾਈ ਕੈਂਪ ਦੀ ਸਫ਼ਲ ਸ਼ੁਰੂਆਤ ਕੀਤੀ ਗਈ। ਇਸ ਟ੍ਰੇਨਿੰਗ ਦੇ ਪਹਿਲੇ ਦਿਨ ਇਲਾਕੇ ਦੇ 42 ਚਾਹਵਾਨ ਵਿਅਕਤੀਆਂ ਨੇ ਵੱਡੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸ.ਡੀ.ਐਮ. ਤਰਸੇਮ ਚੰਦ ਨੇ ਦੱਸਿਆ ਕਿ ਇਸ ਸਿਖਲਾਈ ਦਾ ਮੁੱਖ ਮਕਸਦ ਲੋਕਾਂ ਨੂੰ ਸਹਾਇਕ ਧੰਦਿਆਂ ਬਾਰੇ ਜਾਗਰੂਕ ਕਰਨਾ ਅਤੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ:

÷ਬੱਕਰੀ ਪਾਲਣ ਸਮੇਤ ਹੋਰ ਕਈ ਸਹਾਇਕ ਧੰਦਿਆਂ ਦੀ ਟ੍ਰੇਨਿੰਗ ਸੰਗਰੂਰ ਵਿਖੇ ਵੀ ਕਰਵਾਈ ਜਾਂਦੀ ਹੈ। ਜੇਕਰ ਕੋਈ ਹੋਰ ਵਿਅਕਤੀ ਵੀ ਅਜਿਹੀ ਸਿਖਲਾਈ ਪ੍ਰਾਪਤ ਕਰਨਾ ਚਾਹੁੰਦਾ ਹੈ, ਤਾਂ ਉਹ ਜ਼ਿਲ੍ਹਾ ਪ੍ਰਸ਼ਾਸਨ ਨਾਲ ਸੰਪਰਕ ਕਰ ਸਕਦਾ ਹੈ। ਪ੍ਰਸ਼ਾਸਨ ਵੱਲੋਂ ਚਾਹਵਾਨਾਂ ਨੂੰ ਹਰ ਸੰਭਵ ਸਹਾਇਤਾ ਅਤੇ ਟ੍ਰੇਨਿੰਗ ਮੁਹੱਈਆ ਕਰਵਾਈ ਜਾਵੇਗੀ।÷

ਉਨ੍ਹਾਂ ਇਹ ਵੀ ਵਿਸ਼ੇਸ਼ ਤੌਰ 'ਤੇ ਦੱਸਿਆ ਕਿ ਸਿਖਲਾਈ ਮੁਕੰਮਲ ਹੋਣ ਤੋਂ ਬਾਅਦ, ਸਿਖਿਆਰਥੀਆਂ ਨੂੰ ਆਪਣੇ ਸਹਾਇਕ ਧੰਦੇ ਸ਼ੁਰੂ ਕਰਨ ਲਈ ਬੈਂਕਾਂ ਤੋਂ ਕਰਜ਼ਾ (✶✪▲✪) ਪ੍ਰਾਪਤ ਕਰਨ ਵਿੱਚ ਵੀ ਪ੍ਰਸ਼ਾਸਨ ਵੱਲੋਂ ਪੂਰੀ ਮਦਦ ਕੀਤੀ ਜਾਵੇਗੀ।

ਇਹ ਤਿੰਨ ਰੋਜ਼ਾ ਸਿਖਲਾਈ ਪਸ਼ੂ ਪਾਲਣ ਵਿਭਾਗ ਸੰਗਰੂਰ ਦੇ ਡਿਪਟੀ ਡਾਇਰੈਕਟਰ ਡਾ. ਸੁਖਵਿੰਦਰ ਸਿੰਘ ਅਤੇ ਐੱਸ.ਵੀ.ਓ. ਲਹਿਰਾ/ਦਿੜਬਾ ਡਾ. ਵਿਸ਼ਾਲਦੀਪ ਦੀ ਅਗਵਾਈ ਹੇਠ ਸ਼ੁਰੂ ਕਰਵਾਈ ਗਈ। ਪਹਿਲੇ ਦਿਨ ਵੱਖ-ਵੱਖ ਮਾਹਿਰਾਂ ਨੇ ਸਿਖਿਆਰਥੀਆਂ ਨੂੰ ਬਾਰੀਕੀਆਂ ਬਾਰੇ ਦੱਸਿਆ:

ਬੱਕਰੀਆਂ ਦੀਆਂ ਨਸਲਾਂ: ਡਾ. ਜਤਿੰਦਰਪਾਲ ਸਿੰਘ (ਵੈਟਰਨਰੀ ਅਫ਼ਸਰ, ਧਰਮਗੜ੍ਹ) ਨੇ ਬੱਕਰੀਆਂ ਦੀਆਂ ਵੱਖ-ਵੱਖ ਉੱਤਮ ਨਸਲਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।

ਖ਼ੁਰਾਕ ਅਤੇ ਫੀਡਿੰਗ: ਡਾ. ਅਨੁਰੀਤ ਕੌਰ (ਵੈਟਰਨਰੀ ਅਫ਼ਸਰ, ਮਹਿਲਾਂ) ਨੇ ਬੱਕਰੀਆਂ ਦੀ ਸਹੀ ਖ਼ੁਰਾਕ ਅਤੇ ਫੀਡਿੰਗ ਪ੍ਰਬੰਧਨ ਸਬੰਧੀ ਅਹਿਮ ਨੁਕਤੇ ਸਾਂਝੇ ਕੀਤੇ। ਸੰਭਾਲ ਅਤੇ ਰੱਖ-ਰਖਾਅ: ਡਾ. ਨਵੀਨ ਕੁਮਾਰ (ਵੈਟਰਨਰੀ ਅਫ਼ਸਰ, ਕੌਹਰੀਆਂ) ਨੇ ਬੱਕਰੀ ਪਾਲਣ ਦੇ ਸਫ਼ਲ ਪ੍ਰਬੰਧਨ ਅਤੇ ਰੱਖ-ਰਖਾਅ ਲਈ ਲੋੜੀਂਦੀਆਂ ਗੱਲਾਂ ਤੋਂ ਜਾਣੂ ਕਰਵਾਇਆ। ਕੈਂਪ ਦੇ ਅਖੀਰ ਵਿੱਚ ਡਾ. ਵਿਸ਼ਾਲਦੀਪ, ਸੀਨੀਅਰ ਵੈਟਰਨਰੀ ਅਫਸਰ (ਐੱਸ.ਵੀ.ਓ.) ਲਹਿਰਾ/ਦਿੜਬਾ ਨੇ ਸਿਖਲਾਈ ਵਿੱਚ ਪਹੁੰਚੇ ਸਮੂਹ ਪਸ਼ੂ ਪਾਲਕਾਂ ਤੇ ਸਿਖਿਆਰਥੀਆਂ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਅਪੀਲ ਕੀਤੀ ਕਿ ਉਹ ਇਸ 3 ਰੋਜ਼ਾ ਟ੍ਰੇਨਿੰਗ ਦਾ ਵੱਧ ਤੋਂ ਵੱਧ ਲਾਭ ਉਠਾ ਕੇ ਆਪਣੇ ਪੈਰਾਂ 'ਤੇ ਖੜ੍ਹੇ ਹੋਣ।

# ਡੀਸੀ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਤੇਜ਼ ਕਰਨ 'ਤੇ ਦਿੱਤਾ ਜ਼ੋਰ

## ਸਕੂਲਾਂ 'ਚ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮਾਂ ਨੂੰ ਤੀਬਰ ਕਰਨ ਦੀ ਹਦਾਇਤ : ਡਾ. ਹਿਮਾਂਸ਼ੂ ਅਗਰਵਾਲ

**ਪਟਿਆਲਾ, 9 ਜੂਨ**
**ਛਤਰਪਾਲ ਸਿੰਘ**

ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿੰਮ ਤਹਿਤ ਅਤੇ ਜ਼ਿਲ੍ਹਾ ਪਟਿਆਲਾ ਨੂੰ ਨਸ਼ਾ ਮੁਕਤ ਬਣਾਉਣ ਦੇ ਉਦੇਸ਼ ਨਾਲ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਸਖ਼ਤ ਅਤੇ ਪ੍ਰਭਾਵਸ਼ਾਲੀ ਕਦਮ ਚੁੱਕਣ 'ਤੇ ਜ਼ੋਰ ਦਿੱਤਾ ਗਿਆ ਹੈ। ਡਿਪਟੀ ਕਮਿਸ਼ਨਰ ਨਾਰਕੋ ਕੋਆਰਡੀਨੇਸ਼ਨ ਸੈਂਟਰ ਮੈਕੇਨਿਜ਼ਮ ਅਤੇ ਨਸ਼ਾ ਮੁਕਤ ਭਾਰਤ ਅਭਿਆਨ ਹੇਠ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ ਦੀ ਅਗਵਾਈ ਕਰ ਰਹੇ ਸਨ। ਮੀਟਿੰਗ ਦੌਰਾਨ ਉਨ੍ਹਾਂ ਸਿਵਲ ਪ੍ਰਸ਼ਾਸਨ ਅਤੇ ਪੁਲਿਸ ਵੱਲੋਂ ਨਸ਼ਿਆਂ ਖ਼ਿਲਾਫ ਕੀਤੀਆਂ ਜਾ ਰਹੀਆਂ ਕਾਰਵਾਈਆਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਅਤੇ ਸਾਰੇ ਸੰਬੰਧਿਤ ਵਿਭਾਗਾਂ ਨੂੰ ਇਕਜੁੱਟ ਹੋ ਕੇ ਕੰਮ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ



ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਲਈ ਇੱਕ ਸੁਚੱਜੀ ਰਣਨੀਤੀ ਅਪਣਾਉਣ ਦੀ ਲੋੜ ਹੈ।

ਡਿਪਟੀ ਕਮਿਸ਼ਨਰ ਨੇ ਨੌਜਵਾਨਾਂ ਵਿੱਚ ਜਾਗਰੂਕਤਾ ਫੈਲਾਉਣ ਲਈ ਖੇਡ ਮੈਦਾਨਾਂ ਵਿਚ ਫੌਜ ਤੇ ਪੁਲਿਸ ਵਿਚ ਭਰਤੀ ਸਬੰਧੀ ਸੂਚਨਾ ਦੇ ਫਲੈਕਸ ਲਗਾਉਣ ਦੇ ਹੁਕਮ ਜਾਰੀ ਕੀਤੇ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਦਾ ਸੰਦੇਸ਼ ਘਰ-ਘਰ ਤੱਕ ਪਹੁੰਚਾਇਆ ਜਾਣਾ ਚਾਹੀਦਾ ਹੈ ਅਤੇ ਇਸ ਲਈ ਹਰ ਵਰਗ ਦੀ ਭਾਗੀਦਾਰੀ ਜ਼ਰੂਰੀ ਹੈ। ਉਨ੍ਹਾਂ ਨੌਜਵਾਨਾਂ ਨੂੰ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨ 'ਤੇ ਵੀ ਜ਼ੋਰ ਦਿੱਤਾ।

ਸਿੱਖਿਆ ਵਿਭਾਗ ਨੂੰ ਨਿਰਦੇਸ਼ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਦੇ ਸਾਰੇ ਸਕੂਲਾਂ ਅਤੇ ਕਾਲਜਾਂ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮਾਂ ਨੂੰ ਹੋਰ ਤੇਜ਼ ਕੀਤਾ ਜਾਵੇ। ਉਨ੍ਹਾਂ ਇਹ ਵੀ ਯਕੀਨੀ ਬਣਾਉਣ ਲਈ ਕਿਹਾ ਕਿ ਹਰ ਸਿੱਖਿਆ ਸੰਸਥਾ ਦੇ ਘੇਰੇ ਵਿੱਚ ਕਿਸੇ ਵੀ ਤਰ੍ਹਾਂ ਦੇ ਤੰਬਾਕੂ ਜਾਂ ਨਸ਼ੀਲੇ ਪਦਾਰਥਾਂ ਦੀ ਵਿਕਰੀ ਨਾ ਹੋਵੇ।

ਮੀਟਿੰਗ ਦੌਰਾਨ ਡਰੱਗ ਇੰਸਪੈਕਟਰਾਂ ਨੂੰ ਵੀ ਹਦਾਇਤ ਕੀਤੀ ਗਈ ਕਿ ਨਸ਼ੀਲੀਆਂ ਦਵਾਈਆਂ ਦੀ ਬਰਾਮਦਗੀ ਮੌਕੇ ਉਨ੍ਹਾਂ ਦੀ ਸਪਲਾਈ ਚੇਨ ਦੀ ਪੂਰੀ ਜਾਂਚ ਕਰਕੇ ਵਿਸਥਾਰਪੂਰਵਕ ਰਿਪੋਰਟ ਕਮੇਟੀ ਅੱਗੇ ਪੇਸ਼ ਕੀਤੀ ਜਾਵੇ। ਓਹਨਾ ਕੈਮਿਸਟ ਐਸੋਸੀਏਸ਼ਨ ਦੇ ਸਹਿਯੋਗ ਨਾਲ ਚੈਕਿੰਗ ਮੁਹਿੰਮ ਨੂੰ ਲਗਾਤਾਰ ਜਾਰੀ ਰੱਖਣ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਰੋਕਥਾਮ ਲਈ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਬਣਦੀ ਹੈ ਅਤੇ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਡੀ ਸੀ ਨੇ ਜ਼ਿਲ੍ਹਾ ਖੇਡ ਅਧਿਕਾਰੀ ਨੂੰ ਨਿਰਦੇਸ਼ ਦਿੱਤੇ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ, ਮੈਦਾਨਾਂ ਅਤੇ ਹੋਰ ਰਚਨਾਤਮਕ ਗਤੀਵਿਧੀਆਂ ਨੂੰ ਵਧਾਵਾ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਜਦੋਂ ਨੌਜਵਾਨ ਆਪਣੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਵਿੱਚ ਲਗਾਉਣਗੇ ਤਾਂ ਉਹ ਨਸ਼ਿਆਂ ਤੋਂ ਦੂਰ ਰਹਿਣਗੇ ਅਤੇ ਸਮਾਜ ਦੇ ਵਿਕਾਸ ਵਿੱਚ ਯੋਗਦਾਨ ਪਾਉਣਗੇ।

ਡਿਪਟੀ ਕਮਿਸ਼ਨਰ ਨੇ ਅੰਤ ਵਿੱਚ ਸਾਰੇ ਵਿਭਾਗਾਂ ਨੂੰ ਅਪੀਲ ਕੀਤੀ ਕਿ ਨਸ਼ਾ ਮੁਕਤ ਪਟਿਆਲਾ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਮਿਲਜੁਲ ਕੇ ਕੰਮ ਕੀਤਾ ਜਾਵੇ ।

ਇਸ ਮੌਕੇ ਐਸ ਪੀ ਵੈਭਵ ਚੌਧਰੀ, ਜਿਲ੍ਹਾ ਹੈਲਥ ਅਫ਼ਸਰ ਡਾ. ਗੁਰਪ੍ਰੀਤ ਕੌਰ, ਜਿਲ੍ਹਾ ਸਿੱਖਿਆ ਅਫ਼ਸਰ ਸ਼ਾਲੂ ਮਹਿਰਾ ਤੋਂ ਇਲਾਵਾ ਡਰੱਗ ਇੰਸਪੈਕਟਰ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਉਦਯੋਗਿਕ ਸਿਖ਼ਲਾਈ ਸੰਸਥਾ ਆਦਮਪੁਰ ਵਿਖੇ ਠੇਕੇ ਦੇ ਆਧਾਰ 'ਤੇ/ਆਰਜ਼ੀ ਤੌਰ 'ਤੇ ਗੈਸਟ ਫੈਕਲਟੀ ਲਈ ਅਰਜ਼ੀਆਂ ਦੀ ਮੰਗ

**ਜਲੰਧਰ, 9 ਜੂਨ**
**-ਪੱਤਰ ਪ੍ਰੇਰਕ-**

ਉਦਯੋਗਿਕ ਸਿਖ਼ਲਾਈ ਸੰਸਥਾ ਆਦਮਪੁਰ ਵਿਖੇ ਵੱਖ-ਵੱਖ ਟਰੇਡਾਂ ਲਈ ਠੇਕੇ ਦੇ ਆਧਾਰ 'ਤੇ/ ਆਰਜ਼ੀ ਤੌਰ 'ਤੇ ਗੈਸਟ ਫੈਕਲਟੀ ਲਈ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ। ਆਈ.ਐਮ.ਸੀ. ਉਦਯੋਗਿਕ ਸਿਖ਼ਲਾਈ ਸੰਸਥਾ, ਆਦਮਪੁਰ ਦੇ ਮੈਂਬਰ ਸਕੱਤਰ ਪੁਸ਼ਪਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਭਾਗ ਵੱਲੋਂ ਚਲਾਈ ਜਾ ਰਹੀ ਸੀ.ਟੀ.ਐਸ.ਸਕੀਮ ਅਧੀਨ ਸੈਸ਼ਨ 2026-27 ਲਈ ਨਿਰੋਲ ਠੇਕੇ ਦੇ ਆਧਾਰ/ਆਰਜ਼ੀ ਤੌਰ 'ਤੇ ਸੈਸ਼ਨ ਦੀ ਸਮਾਪਤੀ ਤੱਕ ਜਾਂ ਰੈਗੂਲਰ ਇੰਸਟਰਕਟਰ ਦੇ ਪ੍ਰਬੰਧ ਹੋਣ ਤੱਕ ਪਲੰਬਰ, ਮਸ਼ੀਨਿਸਟ, ਰੈਫਿਜਰੇਸ਼ਨ ਅਤੇ ਏਅਰ ਕੰਡੀਸ਼ਨਰ ਅਤੇ ਸਵਿੰਗ ਟੈਕਨਾਲੋਜੀ ਟਰੇਡ ਲਈ ਇਕ-ਇਕ ਅਤੇ ਮਕੈਨਿਕ ਡੀਜ਼ਲ ਤੇ ਮਕੈਨਿਕ ਇਲੈਕਟ੍ਰੀਕਲ ਵਹੀਕਲ ਲਈ 2-2 ਗੈਸਟ ਫੈਕਲਟੀ 15000 ਰੁਪਏ ਉੱਕਾ-ਪੁੱਕਾ ਪ੍ਰਤੀ ਮਹੀਨਾ ਮਿਹਨਤਾਨੇ ਉਤੇ ਰੱਖੇ ਜਾਣੇ ਹਨ।

# ਆਲ ਇੰਡੀਆ ਕੇ. ਐੱਮ. ਐੱਮ. ਦੇ ਸੱਦੇ ਤੇ ਅੰਮ੍ਰਿਤਸਰ ਵਿੱਚ 12 ਥਾਵਾਂ ਤੇ ਕੇਂਦਰ ਅਤੇ ਪੰਜਾਬ ਸਰਕਾਰ ਵਿਰੁੱਧ ਅਰਥੀ ਫੂਕ ਮੁਜ਼ਾਹਰੇ

**ਅੰਮ੍ਰਿਤਸਰ, 9 ਜੂਨ**
**-ਪੱਤਰ ਪ੍ਰੇਰਕ-**

ਕਿਸਾਨ ਮਜਦੂਰ ਮੋਰਚਾ ਭਾਰਤ ਦੇ ਦੇਸ਼ ਪੱਧਰੀ ਸੱਦੇ ਤੇ ਅੱਜ 5 ਸਟੇਟਾਂ ਵਿੱਚ ਕੇਂਦਰ ਅਤੇ ਸਟੇਟ ਸਰਕਾਰਾਂ ਖ਼ਿਲਾਫ਼ ਸਖ਼ਤ ਰੋਸ ਪ੍ਰਦਰਸ਼ਨ ਦੌਰਾਨ ਜਿਲ੍ਹਾ ਅੰਮ੍ਰਿਤਸਰ ਵਿੱਚ ਕਿਸਾਨ ਮਜਦੂਰ ਸੰਘਰਸ਼ ਕਮੇਟੀ ਵੱਲੋਂ ਸੂਬਾ ਆਗੂ ਸਰਵਣ ਸਿੰਘ ਪੰਧੇਰ ਅਤੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ ਦੀ ਅਗਵਾਈ ਹੇਠ ਗੋਲਡਨ ਗੇਟ, ਰਈਆ, ਜੰਡਿਆਲਾ ਗੁਰੂ, ਮਹਿਤਾ ਚੌਕ, ਟੋਲ ਪਲਾਜ਼ਾ ਕੱਥੂਨੰਗਲ, ਮਜੀਠਾ, ਖਤਰਾਏ ਕਲਾ, ਰਮਦਾਸ, ਗੱਗੋਮਾਹਲ ਚੌਕ, ਅਜਨਾਲਾ, ਲੋਪੋਕੇ, ਖਾਸਾ ਸਮੇਤ 12 ਥਾਵਾਂ ਤੇ ਵੱਡੀ ਗਿਣਤੀ ਵਿੱਚ ਕਿਸਾਨਾਂ ਮਜਦੂਰਾਂ ਨੇ ਇੱਕਠ ਕਰਕੇ ਜਬਰਦਸਤ ਤਰੀਕੇ ਨਾਲ਼ ਪੁਤਲਾ ਫੂਕ ਮੁਜ਼ਾਹਰੇ ਕੀਤੇ ਗਏ। ਇਸ ਮੌਕੇ ਆਗੂਆਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰ ਵਾਰ ਦੀ ਤਰ੍ਹਾਂ ਝੋਨੇ ਦੀ ਲਵਾਈ ਦੇ ਸ਼ੁਰੂ ਹੁੰਦੇ ਹੀ ਯੂਰੀਆ ਖਾਦ ਦੀ ਵੱਡੇ ਪੱਧਰ ਤੇ ਕਿੱਲਤ ਹੈ ਅਤੇ ਕਾਲਾ ਬਾਜ਼ਾਰੀ ਜ਼ੋਰਾਂ ਤੇ ਚੱਲ ਰਹੀ ਹੈ ਇੱਥੋਂ ਤੱਕ ਕਿ ਪ੍ਰਾਈਵੇਟ ਦੁਕਾਨਦਾਰਾਂ ਦੇ ਨਾਲ ਨਾਲ ਸਹਿਕਾਰੀ ਸੋਸਾਇਟੀਆਂ ਵਿੱਚ ਵੀ ਧੱਕੇ ਨਾਲ ਨੈਨੋ ਯੂਰੀਆ, ਸਲਫ਼ਰ ਜਿਹੇ ਹੋਰ ਬੇਲੋੜੇ ਉਤਪਾਦ ਟੈਗ ਕਰਕੇ



ਕਿਸਾਨਾਂ ਦੀ ਅੰਨ੍ਹੀ ਲੁੱਟ ਕੀਤੀ ਜਾ ਰਹੀ ਹੈ। ਉਹਨਾ ਕਿਹਾ ਕਿ ਡੀਜ਼ਲ, ਪੈਟਰੋਲ ਅਤੇ ਰਸੋਈ ਗੈਸ ਦੀਆਂ ਕੀਮਤਾਂ ਲਗਾਤਾਰ ਵਧਾਈਆਂ ਜਾ ਰਹੀਆਂ ਹਨ ਜਦਕਿ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਅੱਜ ਵੀ ਪਿਛਲੇ 10 ਸਾਲ ਦੇ ਮੁਕਾਬਲੇ ਵਿੱਚ ਘਟ ਹਨ ਪਰ ਕੀਮਤਾਂ ਵਧਾ ਕੇ ਜਿੱਥੇ ਸਰਕਾਰ ਦੁਆਰਾ ਟੈਕਸਾਂ ਰਾਹੀਂ ਆਮ ਲੋਕਾਂ ਦੀ ਲੁੱਟ ਕੀਤੀ ਜਾ ਰਹੀ ਹੈ ਉੱਥੇ ਹੀ ਪ੍ਰਾਈਵੇਟ ਕੰਪਨੀਆਂ, ਜਿਸ ਸਮੇਂ ਭਾਰਤ ਵਿੱਚ ਤੇਲ ਦੀ ਕਮੀ ਹੈ, ਇਸ ਮੌਕੇ ਵਿਦੇਸ਼ਾਂ ਨੂੰ ਤੇਲ ਭੇਜ ਕੇ ਮੋਟੀ ਕਮਾਈ ਕਰ ਰਹੀਆਂ ਹਨ ਜਦਕਿ ਆਮ ਭਾਰਤ ਵਾਸੀ ਦਾ ਕਚੂੰਮਰ ਨਿਕਲਿਆ ਪਿਆ ਹੈ।

ਉਹਨਾ ਕਿਹਾ ਕਿ ਰਾਜਿਸਥਾਨ, ਮੱਧ ਪ੍ਰਦੇਸ਼, ਬਿਹਾਰ, ਪੰਜਾਬ ਅਤੇ ਹਰਿਆਣਾ ਵਿੱਚ ਕਿਸਾਨਾਂ ਅਤੇ ਆਦਿਵਾਸੀਆਂ ਦੀ ਮਰਜ਼ੀ ਤੋਂ ਉਲਟ ਜਬਰਦਸਤੀ ਜਮੀਨਾਂ ਅਕਵਾਇਰ ਕੀਤੀਆਂ ਜਾ ਰਹੀਆਂ ਹਨ, ਜੋ ਕਿ ਲੋਕਾਂ ਦੇ ਸੰਵਿਧਾਨਿਕ ਅਤੇ ਮਨੁੱਖੀ ਅਧਿਕਾਰਾਂ ਦੀ ਸਿੱਧੀ ਲੁੱਟ ਹੈ। ਉਹਨਾ ਕਿਹਾ ਕਿ ਬੇਲੋੜੇ ਸੜਕੀ ਮਾਰਗ ਬਣਾ ਕੇ ਕਾਰਪੋਰੇਟ ਘਰਾਣਿਆਂ ਦੇ ਹਿੱਤ ਪੂਰੇ ਜਾ ਰਹੇ ਹਨ। ਉਹਨਾ ਕਿਹਾ ਕਿ ਭਾਰਤ ਅਮਰੀਕਾ ਫ੍ਰੀ ਟ੍ਰੇਡ ਵਪਾਰਕ ਡੀਲ ਰਾਹੀਂ ਭਾਰਤ ਅਮਰੀਕਾ ਦੀ ਮੰਡੀ ਬਣਕੇ ਰਹਿ ਜਾਵੇਗਾ। ਉਹਨਾ ਕਿਹਾ ਕਿ ਭਾਰਤ ਸਰਕਾਰ ਜਿਸ ਤਰ੍ਹਾਂ ਅਮਰੀਕਾ ਅੱਗੇ ਗੋਡੇ ਟੇਕ ਰਹੀ ਹੈ ਇਸ ਨਾਲ ਦੇਸ਼ ਦੀ ਆਰਥਿਕ ਆਜ਼ਾਦੀ ਤੱਕ ਖਤਰੇ ਵਿੱਚ ਪੈਂਦੀ ਨਜ਼ਰ ਆ ਰਹੀ ਹੈ, ਕਿਉਕਿ ਜਦੋਂ ਅਮਰੀਕੀ ਉਤਪਾਦ ਬਿਨਾਂ ਕਿਸੇ ਟੈਕਸ ਤੋਂ ਭਾਰਤੀ ਬਜ਼ਾਰ ਵਿੱਚ ਆਉਣਗੇ ਤਾਂ ਓਹਨਾ ਦੇ ਰੇਟ ਘਟ ਹੋਣ ਕਾਰਨ ਇੱਕ ਵਾਰ ਦੇਸ਼ ਦੇ ਅੰਦਰੂਨੀ ਉਤਪਾਦਨ ਨੂੰ ਟੱਕਰ ਦੇਣਗੇ ਜਿਸ ਕਾਰਨ ਅੰਦਰੂਨੀ ਆਰਥਿਕਤਾ ਨੂੰ ਵੱਡਾ ਝੱਟਕਾ ਲੱਗੇਗਾ। ਉਹਨਾ ਕਿਹਾ ਕਿ ਅਜਿਹੇ ਹਾਲਾਤ ਵਿੱਚ ਪਹਿਲਾਂ ਹੀ ਆਰਥਿਕ ਤੌਰ ਤੇ ਖਰਾਬ ਹਾਲਾਤ ਦੇ ਚਲਦੇ ਖੇਤੀ ਸੈਕਟਰ ਅਤੇ ਹੋਰ ਕਾਰੋਬਾਰ ਤਬਾਹ ਹੋ ਜਾਣਗੇ, ਜਿਸ ਮਗਰੋਂ ਅਮਰੀਕਾ ਵਰਗਾ ਤਗੜਾ ਦੇਸ਼ ਇੱਥੇ ਦੇ ਲੋਕਾਂ ਦੀ ਸ਼ਰੇਆਮ ਆਰਥਿਕ ਲੁੱਟ ਕਰੇਗਾ। ਉਹਨਾ ਪੰਜਾਬ ਸਰਕਾਰ ਵੱਲੋਂ ਪਟਿਆਲਾ ਵਿੱਚ ਬਿਜਲੀ ਕਾਮਿਆਂ ਦੇ ਪ੍ਰਦਰਸ਼ਨ ਤੇ ਕੀਤੇ ਲਾਠੀਚਾਰਜ ਦਾ ਸਖ਼ਤ ਨੋਟਿਸ ਲੈਂਦਿਆਂ ਕਿਹਾ ਕਿ ਸਰਕਾਰ ਵੱਲੋਂ ਅਜਿਹੀ ਕਰਤੂਤ ਦੀ ਕਿਸਾਨ ਮਜਦੂਰ ਮੋਰਚਾ ਅਤੇ ਕਿਸਾਨ ਮਜਦੂਰ ਸੰਘਰਸ਼ ਕਮੇਟੀ ਪੰਜਾਬ ਸਖ਼ਤ ਨਿਖੇਧੀ ਕਰਦੀ ਹੈ ਅਤੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਉਸ ਪਿੱਛੇ ਪਰਦੇ ਪਿੱਛੇ ਕੰਮ ਕਰ ਰਹੀ ਦਿੱਲੀ ਦੀ ਜੁੰਡਲੀ ਨੂੰ ਤਾੜਨਾ ਕੀਤੀ ਜਾਂਦੀ ਹੈ ਕਿ ਅਜਿਹੀਆਂ ਹੋਸ਼ੀਆਂ ਹਰਕਤਾਂ ਤੋਂ ਬਾਜ਼ ਆਉਣ।

ਉਹਨਾ ਕਿਹਾ ਕਿ ਅੱਜ ਅਜਿਹੇ ਵਿੱਚ ਸਭ ਨੂੰ ਇੱਕ ਸੁਰ ਵਿੱਚ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ ਅਤੇ ਅਗਰ ਸਰਕਾਰ ਬਾਜ਼ ਨਾ ਆਉਂਦੀ ਦਿਖਾਈ ਦਿੱਤੀ ਤਾਂ ਤਿੱਖੇ ਸੰਘਰਸ਼ ਦਾ ਐਲਾਨ ਵੀ ਕੀਤਾ ਜਾਵੇਗਾ। ਉਹਨਾ ਮੰਗ ਕੀਤੀ ਕਿ ਇਹਨਾਂ ਮਸਲਿਆਂ ਤੇ ਸਰਕਾਰਾਂ ਤੁਰੰਤ ਲੋਕ ਪੱਖੀ ਫੈਸਲਾ ਕਰਨ ਨਹੀਂ ਤਾਂ ਆਉਂਦੇ ਦਿਨਾਂ ਵਿੱਚ ਵੱਡੇ ਸੰਘਰਸ਼ ਦਾ ਸਾਹਮਣਾ ਕਰਨ ਲਈ ਤਿਆਰ ਰਹਿਣ।

ਉਹਨਾ ਲੋਕਾਂ ਨੂੰ ਆਪਣੇ ਹੱਕਾਂ ਦੀ ਰਾਖੀ ਲਈ ਜਥੇਬੰਦ ਹੋਣ ਅਤੇ ਸਾਰੀਆਂ ਸੰਘਰਸ਼ੀ ਧਿਰਾਂ ਨੂੰ ਏਕਤਾ ਨਾਲ ਸੰਘਰਸ਼ ਲਈ ਇੱਕਜੁਟ ਹੋਣ ਦੀ ਅਪੀਲ ਕੀਤੀ।

# ਮੰਗਾਂ ਦਾ ਹੱਲ ਨਾਂ ਕਰਨ ਦੇ ਰੋਸ ਵਜੋਂ ਦਰਜਾਚਾਰ ਮੁਲਾਜਮਾਂ ਨੇ ਪਸ਼ੂ ਪਾਲਣ ਵਿਭਾਗ ਦੇ ਡਿਪਟੀ ਡਾਇਰੈਕਟਰ ਦਫਤਰ ਅੱਗੇ ਕੜਕਦੀ ਗਰਮੀ ਵਿੱਚ ਲਾਇਆ ਧਰਨਾ



**ਪਟਿਆਲਾ, 9 ਜੂਨ**
**-ਅਮਨਦੀਪ ਸੱਭਰਵਾਲ-**

ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਜਿਲਾ ਪਟਿਆਲਾ ਵੱਲੋਂ ਲਖਵਿੰਦਰ ਸਿੰਘ ਖਾਨਪੁਰ,ਦਿਆਲ ਸਿੰਘ ਸਿੱਧੂ,ਚਮਕੌਰ ਸਿੰਘ ਧਾਰੋਕੀ, ਗੁਰਮੀਤ ਸਿੰਘ ਪੇਦਨ ਦੀ ਅਗਵਾਈ ਵਿੱਚ ਡਿਪਟੀ ਡਾਇਰੈਕਟਰ ਪਸੂ ਪਾਲਣ ਵਿਭਾਗ ਰੌਣੀ ਫਾਰਮ ਪਟਿਆਲਾ ਦੇ ਦਫ਼ਤਰ ਅੱਗੇ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਦਰਸ਼ਨ ਸਿੰਘ ਬੇਲੂਮਾਜਰਾ ,ਜਸਵਿੰਦਰ ਸਿੰਘ ਸੌਜਾ,ਜਸਵੀਰ ਸਿੰਘ ਖੋਖਰ, ਹਰਦੇਵ ਸਿੰਘ ਸਮਾਣਾ, ਨਾਥ ਸਿੰਘ ਬੁਜਰਕ, ਧਰਮਪਾਲ ਸਿੰਘ ਲੌਟ, ਗੁਰਜੰਟ ਸਿੰਘ ਛੰਨਾ , ਰਜਿੰਦਰ ਸਿੰਘ ਧਾਲੀਵਾਲ, ਸਤਨਾਮ ਸਿੰਘ ਨਾਭਾ,ਆਦਿ ਨੇ ਦੱਸਿਆ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਪਟਿਆਲਾ ਵੱਲੋਂ ਕੱਚੇ ਕਾਮਿਆਂ ਦੀ ਸੀਨੀਅਰਤਾ ਸੂਚੀ ਨਹੀਂ ਬਣਾਈ ਜਾ ਰਹੀ, ਪੰਜਾਬ ਸਰਕਾਰ ਵੱਲੋਂ ਕੱਚੇ ਕਾਮਿਆਂ ਦੀਆਂ ਉਜਰਤਾਂ ਵਿੱਚ ਇਕ ਮਈ ਤੋਂ ਕੀਤਾ ਗਿਆ 15% ਵਾਧਾ ਲਾਗੂ ਨਹੀਂ ਕੀਤਾ ਜਾ ਰਿਹਾ ਕੱਚੇ ਮੁਲਾਜ਼ਮਾ ਨੂੰ ਤਨਖਾਹ ਹਰ ਮਹੀਨੇ 17 ਤੋਂ 20 ਤਰੀਕ ਤੱਕ ਦਿੱਤੀ ਜਾ ਰਹੀ ਹੈ ਜਦੋਂ ਕਿ ਕਿਰਤ ਕਾਨੂੰਨ ਮੁਤਾਬਕ ਕੱਚੇ ਕਾਮਿਆ ਦੀ ਤਨਖਾਹ 7 ਤਾਰੀਖ ਤੋਂ ਪਹਿਲਾਂ ਦੇਣੀ ਬਣਦੀ ਹੈ ਅਤੇ 10 ਸਾਲ ਬਾਅਦ ਸੈਮੀ ਸਕਿਲਡ,15 ਸਾਲ ਬਾਅਦ ਸਕਿਲਡ ਅਨੁਸਾਰ ਤਨਖਾਹ ਚ ਵਾਧਾ ਨਹੀਂ ਕੀਤਾ ਜਾ ਰਿਹਾ,ਰੈਗੂਲਰ ਦਰਜਾ ਚਾਰ ਮੁਲਾਜ਼ਮਾਂ ਦੇ ਪੇ ਕਮਿਸ਼ਨ ਦੇ ਬਕਾਏ ਵੀ ਨਹੀਂ ਦਿੱਤੇ ਜਾ ਰਹੇ ਜਦੋਂ ਕਿ ਉੱਚ ਅਧਿਕਾਰੀਆਂ ਦੇ ਬਕਾਏ ਦਿੱਤੇ ਜਾ ਚੁੱਕੇ ਹਨ ਉਨ੍ਹਾਂ ਦੱਸਿਆ ਕਿ ਜਦੋਂ ਮੁਲਾਜ਼ਮ ਆਪਣੀਆਂ ਮੰਗਾਂ ਸਬੰਧੀ ਦਫਤਰ ਜਾਂਦੇ ਹਨ ਤਾਂ ਉਨਾ ਨਾਲ ਗਲਤ ਵਿਵਹਾਰ ਕੀਤਾ ਜਾਂਦਾ ਹੈ ਜਿਸ ਕਾਰਨ ਪਸੂ ਪਾਲਣ ਵਿਭਾਗ ਚ ਕੰਮ ਕਰਦੇ ਕੱਚੇ ਤੇ ਪੱਕੇ ਮੁਲਾਜ਼ਮਾਂ ਚ ਭਾਰੀ ਰੋਸ ਪਾਇਆ ਜਾ ਰਿਹਾ ਹੈ ਜਿਸ ਦੇ ਵਿਰੋਧ ਵਿੱਚ ਅੱਜ ਰੋਸ ਧਰਨਾ ਦਿੱਤਾ ਗਿਆ ਜਿਸ ਦੇ ਦਬਾਅ ਚ ਅਧਿਕਾਰੀਆਂ ਵੱਲੋਂ ਵਿਸ਼ਵਾਸ ਦਵਾਇਆ ਗਿਆ ਕਿ ਜਲਦੀ ਹੀ ਡਿਪਟੀ ਡਾਇਰੈਕਟਰ ਵੱਲੋਂ ਜਥੇਬੰਦੀ ਨਾਲ਼ ਮੀਟਿੰਗ ਕਰਕੇ ਮੰਗਾਂ ਦਾ ਸਥਾਈ ਹੱਲ ਕੀਤਾ ਜਾਵੇਗਾ।

ਧਰਨੇ ਚ ਪਹੁੰਚੇ ਹਰਜਿੰਦਰ ਸਿੰਘ ਜਿੰਦੂ, ਹਰਪਾਲ ਸਿੰਘ, ਹਰਬੰਸ ਸਿੰਘ ਪੇਦਰ, ਸ਼ਰਮਾ ਭੀਲੋਵਾਲ, ਨਰੇਸ ਕੁਮਾਰ ਪਟਿਆਲਾ, ਮਹਿੰਦਰ ਸਿੰਘ ਕਾਠਮੱਠੀ, ਮਨਪ੍ਰੀਤ ਸਿੰਘ ਮਨੀ ਕੁਲੇਮਾਜਰਾ ਆਦਿ ਨੇ ਚੇਤਾਵਨੀ ਦਿੱਤੀ ਕਿ ਜੇਕਰ ਮੰਗਾਂ ਦਾ ਹੱਲ ਨਾ ਕੀਤਾ ਤਾਂ 16 ਜੂਨ ਨੂੰ ਮੀਟਿੰਗ ਕਰਕੇ ਅਗਲੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ ਅੱਜ ਦੇ ਇੱਕਠ ਵਲੋ ਇਕ ਵਿਸ਼ੇਸ਼ ਮਤਾ ਪਾਸ ਕਰਕੇ ਸਹਾਇਕ ਲਾਈਨਮੈਨ ਤੇ ਸੁਵਿਧਾ ਕੇਂਦਰ ਦੇ ਮੁਲਾਜ਼ਮਾਂ ਤੇ ਪੰਜਾਬ ਸਰਕਾਰ ਦੀ ਸ਼ਹਿ ਤੇ ਪੁਲੀਸ ਵੱਲੋਂ ਕੀਤੇ ਅਣਮਨੁੱਖੀ ਤਸੱਦਦ ਦੀ ਸਖਤ ਸ਼ਬਦਾਂ ਚ ਨਿੰਦਾ ਕੀਤੀ ਅਤੇ ਮੰਗ ਕੀਤੀ ਕਿ ਤਸ਼ਦਦ ਕਰਨ ਵਾਲੇ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।

# ਮਹਿਲਾਂ ਵਿੱਚ ਰਹਿਣ ਵਾਲੇ ਅੱਜ ਬੁਖਲਾਏ ਹੋਏ ਹਨ ਕਿਉਂਕਿ ਪੰਜਾਬ ਵਿੱਚ ਹੁਣ ਅਜਿਹੀ ਸਰਕਾਰ ਹੈ ਜੋ ਲੋਕਾਂ ਵਿੱਚ ਰਹਿ ਕੇ ਕੰਮ ਕਰਦੀ ਹੈ : ਮੁੱਖ ਮੰਤਰੀ ਭਗਵੰਤ ਸਿੰਘ ਮਾਨ

**ਰੋਪੜ, 9 ਜੂਨ**
**-ਪੱਤਰ ਪ੍ਰੇਰਕ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਰੋਪੜ ਜ਼ਿਲ੍ਹੇ ਦੇ ਪਿੰਡ ਬੜਵਾ ਵਿੱਚ ਵੱਡੀ ਗਿਣਤੀ ਵਿੱਚ ਹਾਜ਼ਰ ਲੋਕਾਂ ਵਿਚਕਾਰ ਪਹੁੰਚੇ। ਇਸ ਮੌਕੇ ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਸਾਲ 2022 ਵਿੱਚ 7 ਸਾਬਕਾ ਮੁੱਖ ਮੰਤਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸੱਤਾ ਤੋਂ ਬਾਹਰ ਕਰਕੇ ਇਮਾਨਦਾਰ ਸਰਕਾਰ ਵਿੱਚ ਆਪਣਾ ਵਿਸ਼ਵਾਸ ਪ੍ਰਗਟਾ ਕੇ ਲੁੱਟ, ਵਿਸ਼ੇਸ਼ ਅਧਿਕਾਰ ਅਤੇ ਧੋਖੇ ਦੀ ਰਾਜਨੀਤੀ ਨੂੰ ਪੂਰੀ ਤਰ੍ਹਾਂ ਨਕਾਰ ਦਿੱਤਾ। ਕਾਂਗਰਸ, ਭਾਜਪਾ ਅਤੇ ਅਕਾਲੀਆਂ 'ਤੇ ਨਿਸ਼ਾਨਾ ਸਾਧਦਿਆਂ ਉਨ੍ਹਾਂ ਕਿਹਾ ਕਿ ਇਨ੍ਹਾਂ ਪਾਰਟੀਆਂ ਕੋਲ ਪੰਜਾਬ ਦੇ ਵਿਕਾਸ ਦਾ ਕੋਈ ਏਜੰਡਾ ਨਹੀਂ ਹੈ ਅਤੇ ਇਨ੍ਹਾਂ ਦੀ ਦਿਲਚਸਪੀ ਸਿਰਫ਼ ਸੱਤਾ ਹਥਿਆਉਣ ਅਤੇ ਨਿੱਜੀ ਹਿੱਤਾਂ ਵਿੱਚ ਹੈ। ਉਨ੍ਹਾਂ ਦਾਅਵਾ ਕੀਤਾ ਕਿ ਜਿੱਥੇ ਵਿਰੋਧੀ ਆਗੂ ਆਮ ਆਦਮੀ ਪਾਰਟੀ (ਆਪ) ਦੀ ਸਰਕਾਰ ਦੇ ਅਧੀਨ ਪੰਜਾਬ ਦੀ ਤਰੱਕੀ ਨੂੰ ਹਜ਼ਮ ਨਹੀਂ ਕਰ ਪਾ ਰਹੇ, ਉੱਥੇ ਹੀ ਹੁਣ ਕਰਦਾਤਾਵਾਂ ਦੇ ਪੈਸੇ ਦਾ ਇੱਕ-ਇੱਕ ਰੁਪਿਆ ਸੱਤਾਧਾਰੀਆਂ ਦੇ ਐਸ਼ੋ-ਆਰਾਮ ਦੀ ਬਜਾਏ ਲੋਕ ਭਲਾਈ 'ਤੇ ਖ਼ਰਚ ਕੀਤਾ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਭਾਜਪਾ ਨੇ ਕਿਸਾਨ ਵਿਰੋਧੀ ਕਾਨੂੰਨ ਥੋਪੇ ਅਤੇ ਅਕਾਲੀਆਂ ਨੇ ਸਿਆਸੀ ਲਾਹੇ ਲਈ ਧਰਮ ਦੀ ਦੁਰਵਰਤੋਂ ਕੀਤੀ। ਉਨ੍ਹਾਂ ਕਿਹਾ ਕਿ ਨਵੇਂ ਅਕਾਲੀ-ਭਾਜਪਾ ਗਠਜੋੜ ਸਿਰਫ਼ ਸੱਤਾ ਹਾਸਲ ਕਰਨ ਦੀ ਮੌਕਾਪ੍ਰਸਤ ਚਾਲ ਖੇਡਣ ਦੀ ਕੋਸ਼ਿਸ਼ ਵਿੱਚ ਹੈ, ਜਿਸ ਨੂੰ ਪੰਜਾਬ ਦੇ ਲੋਕ ਬੁਰੀ ਤਰ੍ਹਾਂ ਨਕਾਰ ਦੇਣਗੇ।

ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਆਮ ਆਦਮੀ ਪਾਰਟੀ ਉਨ੍ਹਾਂ ਰਵਾਇਤੀ ਸਿਆਸੀ ਪਾਰਟੀਆਂ ਦੇ ਆਗੂਆਂ ਵਿੱਚ ਡਰ ਪੈਦਾ ਕਰ ਰਹੀ ਹੈ ਜਿਨ੍ਹਾਂ ਨੇ ਦਹਾਕਿਆਂ ਤੱਕ ਆਪਣੇ ਨਿੱਜੀ ਹਿੱਤਾਂ ਲਈ ਸੱਤਾ ਦੀ ਦੁਰਵਰਤੋਂ ਕੀਤੀ। ਭਾਜਪਾ ਵੱਲੋਂ ਥੋਪੇ ਗਏ ਕਿਸਾਨ ਵਿਰੋਧੀ ਕਾਨੂੰਨਾਂ ਵਿਰੁੱਧ ਅੰਦੋਲਨ ਦੌਰਾਨ 700 ਤੋਂ ਵੱਧ ਕਿਸਾਨ ਸ਼ਹੀਦ ਹੋਏ ਸਨ। ਇਹ ਇੱਕ ਹਕੀਕਤ ਹੈ ਕਿ ਭਾਜਪਾ ਨੇ ਹਮੇਸ਼ਾ ਪੰਜਾਬ ਨਾਲ ਬੇਇਨਸਾਫ਼ੀ ਕੀਤੀ ਹੈ ਅਤੇ ਅੱਜ ਇਹ ਪਾਰਟੀਆਂ ਸਿਆਸੀ ਲਾਹੇ ਲਈ ਧਰਮ ਦੇ ਨਾਂ 'ਤੇ ਲੋਕਾਂ ਨੂੰ ਵੰਡਣ ਦੀ ਕੋਸ਼ਿਸ਼ ਕਰ ਰਹੀਆਂ ਹਨ।

ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਦੇ ਨਵੇਂ ਗਠਜੋੜ 'ਤੇ ਤਿੱਖਾ ਤਨਜ਼ ਕੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਗਠਜੋੜ ਦੋਵਾਂ ਪਾਰਟੀਆਂ ਲਈ ਸਿਆਸੀ ਤੌਰ 'ਤੇ ਤਬਾਹਕੁਨ ਸਾਬਤ ਹੋਵੇਗਾ ਕਿਉਂਕਿ ਇਹ ਨਾ ਤਾਂ ਕਿਸੇ ਵਿਚਾਰਧਾਰਾ 'ਤੇ ਅਧਾਰਤ ਹੈ ਅਤੇ ਨਾ ਹੀ ਲੋਕ ਭਲਾਈ ਪ੍ਰਤੀ ਕਿਸੇ ਵਚਨਬੱਧਤਾ 'ਤੇ ਟਿਕਦਾ ਹੈ। ਉਨ੍ਹਾਂ ਕਿਹਾ, ਇਸ ਗਠਜੋੜ ਦਾ ਇੱਕੋ-ਇੱਕ ਉਦੇਸ਼ ਪੰਜਾਬ ਵਿੱਚ ਸੱਤਾ ਹਥਿਆਉਣਾ ਹੈ। ਦੋਵਾਂ ਪਾਰਟੀਆਂ ਦੇ ਆਗੂਆਂ ਨੇ ਵਾਰ-ਵਾਰ ਇੱਕ-ਦੂਜੇ ਖ਼ਿਲਾਫ਼ ਬਿਆਨਬਾਜ਼ੀ ਕੀਤੀ ਹੈ ਅਤੇ ਹੁਣ ਉਹ ਇਕੱਠੇ ਹਨ। ਪੰਜਾਬ ਦੇ ਲੋਕ ਪੁੱਛ ਰਹੇ ਹਨ ਕਿ ਉਹ ਹੁਣ ਕਿਹੜਾ ਮੂੰਹ ਲੈ ਕੇ ਇਕੱਠੇ ਵੋਟਾਂ ਮੰਗਣਗੇ। ਲੋਕ ਅਜਿਹੇ ਸਿਆਸੀ ਡਰਾਮਿਆਂ ਦੇ ਝਾਂਸੇ ਵਿੱਚ ਨਹੀਂ ਆਉਣਗੇ ਅਤੇ ਆਉਣ ਵਾਲੇ ਦਿਨਾਂ ਵਿੱਚ ਉਨ੍ਹਾਂ ਨੂੰ ਕਰਾਰਾ ਸਬਕ ਸਿਖਾਉਣਗੇ।

ਆਪਣੀ ਸਰਕਾਰ ਦੇ ਕੰਮਾਂ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਪੰਜਾਬ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਆਪਣਾ ਖ਼ੂਨ-ਪਸੀਨਾ ਵਹਾਇਆ ਹੈ ਅਤੇ ਹਰ ਦਿਨ ਨਾਗਰਿਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਦੇ ਉਦੇਸ਼ ਨਾਲ ਨਵੀਆਂ ਲੋਕ-ਪੱਖੀ ਪਹਿਲਕਦਮੀਆਂ ਦੇਖਣ ਨੂੰ ਮਿਲ ਰਹੀਆਂ ਹਨ। ਉਨ੍ਹਾਂ ਕਿਹਾ, ਮੇਰੇ ਤੋਂ ਪਹਿਲਾਂ ਰਹੇ ਮੁੱਖ ਮੰਤਰੀਆਂ ਦੇ ਉਲਟ, ਮੈਂ ਸਰਕਾਰੀ ਖ਼ਜ਼ਾਨੇ ਵਿੱਚੋਂ ਕਦੇ ਇੱਕ ਪੈਸਾ ਵੀ ਨਹੀਂ ਲਿਆ। ਇਸ ਦੀ ਬਜਾਏ ਮੈਂ ਇਹ ਯਕੀਨੀ ਬਣਾਇਆ ਹੈ ਕਿ ਟੈਕਸਦਾਤਾਵਾਂ ਦਾ ਇੱਕ-ਇੱਕ ਰੁਪਿਆ ਲੋਕ ਭਲਾਈ ਲਈ ਸਮਝਦਾਰੀ ਨਾਲ ਖ਼ਰਚ ਕੀਤਾ ਜਾਵੇ। ਇਕ ਆਮ ਲੋਕਾਂ ਦਾ ਪੁੱਤਰ ਅਤੇ ਭਰਾ ਹੋਣ ਦੇ ਨਾਤੇ, ਮੇਰਾ ਧਿਆਨ ਐਸ਼ੋ-ਆਰਾਮ ਦੀ ਜ਼ਿੰਦਗੀ ਜਿਊਣ ਦੀ ਬਜਾਏ ਉਨ੍ਹਾਂ ਦੇ ਦੁੱਖ-ਦਰਦ ਵੰਡਾਉਣ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਹੱਲ ਕਰਨ 'ਤੇ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਕਿਸੇ ਵੀ ਪਿਛਲੇ ਸ਼ਾਸਕ ਨੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਸਮਝਣ ਅਤੇ ਉਨ੍ਹਾਂ ਨੂੰ ਤਨਦੇਹੀ ਨਾਲ ਹੱਲ ਕਰਨ ਲਈ ਇਸ ਤਰ੍ਹਾਂ ਲੋਕਾਂ ਤੱਕ ਸਿੱਧੀ ਪਹੁੰਚ ਨਹੀਂ ਕੀਤੀ ਸੀ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਆਲੀਸ਼ਾਨ ਮਹਿਲਾਂ ਦੀਆਂ ਕੰਧਾਂ ਤੱਕ ਹੀ ਸੀਮਤ ਰਹੀਆਂ ਅਤੇ ਆਮ ਨਾਗਰਿਕਾਂ ਨਾਲ ਸ਼ਾਇਦ ਹੀ ਕਦੇ ਰਾਬਤਾ ਕਾਇਮ ਕੀਤਾ। ਉਨ੍ਹਾਂ ਕਿਹਾ, ਉਹ ਹੰਕਾਰੀ ਸਿਆਸਤਦਾਨ ਲੋਕਾਂ ਨਾਲੋਂ ਟੁੱਟੇ ਰਹੇ ਸਨ ਅਤੇ ਉਹ ਪੰਜਾਬ ਸਰਕਾਰ ਦੇ ਹਰ ਕਦਮ ਤੋਂ ਹੈਰਾਨ-ਪ੍ਰੇਸ਼ਾਨ ਹਨ। ਦੂਜੇ ਪਾਸੇ ਮੈਂ ਲੋਕਾਂ ਦੇ ਵਿਚਕਾਰ ਰਹਿੰਦਾ ਹਾਂ ਅਤੇ ਵਿਕਾਸ-ਮੁਖੀ ਤੇ ਲੋਕ-ਪੱਖੀ ਨੀਤੀਆਂ ਬਣਾਉਂਦਾ ਹਾਂ ਜੋ ਪੰਜਾਬ ਦੀ ਤਰੱਕੀ ਤੇ ਵਿਕਾਸ ਵਿੱਚ ਤੇਜ਼ੀ ਲਿਆ ਰਹੀਆਂ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਵਿਕਾਸ ਲਈ ਉਨ੍ਹਾਂ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਨਿਰੰਤਰ ਯਤਨਾਂ ਨੇ ਵਿਰੋਧੀ ਆਗੂਆਂ ਨੂੰ ਨਿਰਾਸ਼ ਕਰ ਦਿੱਤਾ ਹੈ। ਉਨ੍ਹਾਂ ਕਿਹਾ, ਉਹ ਇਸ ਗੱਲ ਨੂੰ ਹਜ਼ਮ ਨਹੀਂ ਕਰ ਪਾ ਰਹੇ ਕਿ ਆਮ ਲੋਕਾਂ ਦੀ ਭਲਾਈ ਅਤੇ ਪੰਜਾਬ ਦੀ ਤਰੱਕੀ ਹੁਣ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ। ਉਨ੍ਹਾਂ ਵੱਲੋਂ ਸਿਰਫ ਤੇ ਸਿਰਫ ਆਲੋਚਨਾ ਕਰਨਾ ਉਨ੍ਹਾਂ ਦੀ ਨਿਰਾਸ਼ਾ ਨੂੰ ਦਰਸਾਉਂਦੀ ਹੈ। ਮੈਨੂੰ ਭਾਵੇਂ ਲੋਕਾਂ ਦੀ ਦੌਲਤ ਲੁੱਟਣ ਦਾ ਤਜਰਬਾ ਨਾ ਹੋਵੇ ਪਰ ਮੈਂ ਆਮ ਲੋਕਾਂ ਦੇ ਦਰਦ ਨੂੰ ਵੰਡਾਉਣਾ ਅਤੇ ਉਨ੍ਹਾਂ ਦੇ ਮਸਲਿਆਂ ਨੂੰ ਹੱਲ ਕਰਨਾ ਚੰਗੀ ਤਰ੍ਹਾਂ ਜਾਣਦਾ ਹਾਂ। ਮੈਂ ਪੰਜਾਬ ਅਤੇ ਇਸ ਦੇ ਲੋਕਾਂ ਦੀ ਖ਼ੁਸ਼ਹਾਲੀ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਿਹਾ ਹਾਂ ਅਤੇ ਇਹੀ ਗੱਲ ਵਿਰੋਧੀਆਂ ਨੂੰ ਪ੍ਰੇਸ਼ਾਨ ਕਰ ਰਹੀ ਹੈ।



ਪਿਛਲੀਆਂ ਸਰਕਾਰਾਂ ਦੀ ਸਖ਼ਤ ਨਿਖੇਧੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬੇਅੰਤ ਕੁਦਰਤੀ ਖ਼ੂਬਸੂਰਤੀ ਅਤੇ ਬੇਸ਼ਕੀਮਤੀ ਵਸੀਲਿਆਂ ਨਾਲ ਨਿਵਾਜੇ ਖੇਤਰਾਂ ਨੂੰ ਸਾਲਾਂਬੱਧੀ ਅਣਗੌਲਿਆ ਕੀਤਾ ਗਿਆ ਕਿਉਂਕਿ ਪਿਛਲੀਆਂ ਸਰਕਾਰਾਂ ਇਨ੍ਹਾਂ ਦੀ ਸਮਰੱਥਾ ਦਾ ਲਾਹਾ ਲੈਣ ਵਿੱਚ ਨਾਕਾਮ ਰਹੀਆਂ। ਉਨ੍ਹਾਂ ਕਿਹਾ ਕਿ ਦਹਾਕਿਆਂ ਤੱਕ ਸਿਰਫ਼ ਦੋ ਸਿਆਸੀ ਧਿਰਾਂ ਵਾਰੋ-ਵਾਰੀ ਸੱਤਾ ਵਿੱਚ ਆਉਂਦੀਆਂ ਰਹੀਆਂ, ਜਿਨ੍ਹਾਂ ਨੇ ਲੋਕਾਂ ਦੀਆਂ ਭਾਵਨਾਵਾਂ ਦਾ ਸ਼ੋਸ਼ਣ ਕੀਤਾ ਅਤੇ ਸੂਬੇ ਦੇ ਸਾਧਨਾਂ ਨੂੰ ਲੁੱਟਿਆ।

ਉਨ੍ਹਾਂ ਕਿਹਾ, ਪੰਜਾਬ ਦੇ ਲੋਕਾਂ ਕੋਲ ਹੁਣ 'ਝਾੜੂ' (ਆਪ ਦਾ ਚੋਣ ਨਿਸ਼ਾਨ) ਦੇ ਰੂਪ ਵਿੱਚ ਬਦਲ ਹੈ, ਜਿਸ ਨੇ ਸੂਬੇ ਦੀ ਸਿਆਸੀ ਵਿਵਸਥਾ ਨੂੰ ਸਾਫ਼ ਕਰ ਦਿੱਤਾ ਹੈ। ਸਾਲ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਲੋਕਾਂ ਨੇ 7 ਸਾਬਕਾ ਮੁੱਖ ਮੰਤਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਨਕਾਰ ਕੇ ਇਮਾਨਦਾਰ ਸਰਕਾਰ ਨੂੰ ਸੱਤਾ ਸੌਂਪੀ ਸੀ। ਉਸ ਇਤਿਹਾਸਕ ਫਤਵੇ ਨੇ ਪੰਜਾਬ ਨੂੰ ਬਦਲਣ ਅਤੇ ਇਸ ਨੂੰ ਭਾਰਤੀ ਸੂਬਿਆਂ ਵਿੱਚ ਮੋਹਰੀ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ।

ਸਿੰਚਾਈ ਖੇਤਰ ਵਿੱਚ 'ਆਪ' ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਨੇ ਇਸ ਸਾਲ ਬਿਹਤਰ ਸਿੰਚਾਈ ਪ੍ਰਣਾਲੀ ਰਾਹੀਂ ਉਪਲਬਧ ਨਹਿਰੀ ਪਾਣੀ ਦਾ 96 ਫੀਸਦੀ ਵਰਤੋਂ ਵਿੱਚ ਲਿਆਂਦਾ ਹੈ, ਜਿਸ ਨਾਲ ਕਿਸਾਨਾਂ ਨੂੰ ਵੱਡਾ ਫਾਇਦਾ ਹੋਇਆ ਹੈ। ਉਨ੍ਹਾਂ ਕਿਹਾ ਕਿ ਜੋ ਪਾਣੀ ਪਹਿਲਾਂ ਬਰਬਾਦ ਹੋ ਜਾਂਦਾ ਸੀ, ਹੁਣ ਉਸ ਦੀ ਖੇਤੀਬਾੜੀ ਖੇਤਰਾਂ ਵਿੱਚ ਲਾਹੇਵੰਦ ਵਰਤੋਂ ਕੀਤੀ ਜਾ ਰਹੀ ਹੈ। ਮੁੱਖ ਮੰਤਰੀ ਨੇ ਕਿਹਾ, ਆਪ ਸਰਕਾਰ ਨੇ ਸੂਬੇ ਭਰ ਵਿੱਚ 14,000 ਕਿਲੋਮੀਟਰ ਪਾਈਪਲਾਈਨਾਂ ਅਤੇ ਖਾਲੇ ਵਿਛਾਏ ਹਨ ਤਾਂ ਜੋ ਪੰਜਾਬ ਦੇ ਹਰ ਕੋਨੇ ਤੱਕ ਸਿੰਚਾਈ ਸਹੂਲਤਾਂ ਪਹੁੰਚ ਸਕਣ। ਇਨ੍ਹਾਂ ਪਾਈਪਲਾਈਨਾਂ ਅਤੇ ਖਾਲਿਆਂ ਰਾਹੀਂ ਲਗਭਗ 21,000 ਕਿਊਸਿਕ ਪਾਣੀ ਛੱਡਿਆ ਗਿਆ ਹੈ, ਜਿਸ ਨਾਲ ਕਿਸਾਨਾਂ ਨੂੰ ਆਪਣੀ ਸਿੰਚਾਈ ਦੀਆਂ ਲੋੜਾਂ ਪੂਰੀਆਂ ਕਰਨ ਵਿੱਚ ਮਦਦ ਮਿਲੀ ਹੈ। ਪਾਣੀ ਦੀ ਇਹ ਮਾਤਰਾ ਦੋ ਭਾਖੜਾ ਨਹਿਰਾਂ ਦੀ ਸਪਲਾਈ ਦੇ ਬਰਾਬਰ ਹੈ ਅਤੇ ਇਸ ਨਾਲ ਕਿਸਾਨਾਂ ਨੂੰ ਬਹੁਤ ਵੱਡਾ ਲਾਭ ਹੋਵੇਗਾ।

ਉਨ੍ਹਾਂ ਅੱਗੇ ਕਿਹਾ ਕਿ ਨਹਿਰਾਂ ਅਤੇ ਦਰਿਆਵਾਂ ਵਿੱਚ ਰੀਚਾਰਜ ਪੁਆਇੰਟ ਵਿਕਸਤ ਕੀਤੇ ਗਏ ਹਨ ਤਾਂ ਜੋ ਧਰਤੀ ਹੇਠਲੇ ਪਾਣੀ ਦੇ ਪੱਧਰ 'ਚ ਸੁਧਾਰ ਲਿਆਂਦਾ ਜਾ ਸਕੇ। ਇਸਦੇ ਨਤੀਜੇ ਵਜੋਂ ਕਈ ਖੇਤਰਾਂ ਵਿੱਚ ਧਰਤੀ ਹੇਠਲੇ ਪਾਣੀ ਦਾ ਪੱਧਰ ਦੋ ਤੋਂ ਚਾਰ ਮੀਟਰ ਤੱਕ ਵਧਿਆ ਹੈ। ਇਹ ਦਰਸਾਉਂਦਾ ਹੈ ਕਿ ਕਰਸਦਾਤਾਵਾਂ ਦੇ ਪੈਸੇ ਨੂੰ ਕਿਵੇਂ ਜ਼ਿੰਮੇਵਾਰੀ ਨਾਲ ਵਰਤਿਆ ਜਾ ਰਿਹਾ ਹੈ ਅਤੇ ਵਿਕਾਸ ਪ੍ਰੋਜੈਕਟਾਂ, ਸਕੂਲਾਂ, ਹਸਪਤਾਲਾਂ, ਸੜਕਾਂ ਅਤੇ ਹੋਰ ਭਲਾਈ ਪਹਿਲਕਦਮੀਆਂ ਰਾਹੀਂ ਲੋਕਾਂ ਤੱਕ ਇਹ ਪੈਸਾ ਵਾਪਸ ਪਹੁੰਚ ਰਿਹਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 'ਆਪ' ਸਰਕਾਰ ਨੇ ਮਿਆਦ ਪੁਗਾ ਚੁੱਕੇ ਟੋਲ ਪਲਾਜ਼ਾ ਵੀ ਬੰਦ ਕਰ ਦਿੱਤੇ ਹਨ, ਜਿਸ ਨਾਲ ਲੋਕਾਂ ਦੇ ਹਰ ਰੋਜ਼ ਲਗਭਗ 70 ਲੱਖ ਰੁਪਏ ਬਚ ਰਹੇ ਹਨ। ਉਨ੍ਹਾਂ ਦੁਹਰਾਇਆ ਕਿ ਲੋਕਾਂ ਪੈਸਾ ਸਿਰਫ਼ ਜਨਤਾ ਦੀ ਭਲਾਈ 'ਤੇ ਹੀ ਖਰਚ ਹੋ ਰਿਹਾ ਹੈ, ਨਾ ਕਿ ਪੁਰਾਣੀਆਂ ਸਰਕਾਰਾਂ ਵਾਂਗ ਕੁਝ ਚੋਣਵੇਂ ਲੋਕਾਂ ਦੇ ਫਾਇਦੇ ਲਈ।

ਸਿਹਤ ਸੰਭਾਲ ਸੁਧਾਰਾਂ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਭਰ ਵਿੱਚ ਲਗਭਗ 1,000 ਆਮ ਆਦਮੀ ਕਲੀਨਿਕ ਸਥਾਪਤ ਕੀਤੇ ਗਏ ਹਨ, ਜਿੱਥੇ 107 ਦਵਾਈਆਂ ਅਤੇ 47 ਡਾਇਗਨੌਸਟਿਕ ਟੈਸਟ ਮੁਫਤ ਪ੍ਰਦਾਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿਛਲੇ 75 ਸਾਲਾਂ ਵਿੱਚ ਕਿਸੇ ਵੀ ਸਰਕਾਰ ਨੇ ਆਮ ਨਾਗਰਿਕਾਂ ਨੂੰ ਅਜਿਹੀਆਂ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੀ ਖੇਚਲ ਨਹੀਂ ਕੀਤੀ। ਇਨ੍ਹਾਂ ਕਲੀਨਿਕਾਂ ਨੇ ਸਰਕਾਰੀ ਸਿਹਤ ਸੰਭਾਲ ਸੰਸਥਾਵਾਂ ਵਿੱਚ ਲੋਕਾਂ ਦਾ ਵਿਸ਼ਵਾਸ ਮਜ਼ਬੂਤ ਕੀਤਾ ਹੈ। ਲਗਭਗ 75,000 ਲੋਕ ਹਰ ਰੋਜ਼ ਇਲਾਜ ਲਈ ਇਨ੍ਹਾਂ ਕਲੀਨਿਕਾਂ ਵਿੱਚ ਆਉਂਦੇ ਹਨ, ਜੋ ਇਸ ਪਹਿਲਕਦਮੀ ਵਿੱਚ ਲੋਕਾਂ ਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰੀ ਖਜ਼ਾਨੇ ਦਾ ਇੱਕ-ਇੱਕ ਪੈਸਾ ਪੰਜਾਬ ਦੇ ਲੋਕਾਂ ਦੀ ਭਲਾਈ ਲਈ ਵਰਤਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ 90 ਫੀਸਦ ਤੋਂ ਵੱਧ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ ਅਤੇ ਕਿਸਾਨਾਂ ਨੂੰ ਹੁਣ ਦਿਨ ਵੇਲੇ ਬਿਜਲੀ ਸਪਲਾਈ ਮਿਲ ਰਹੀ ਹੈ, ਜਿਸ ਨਾਲ ਕਿਸਾਨ ਭਾਈਚਾਰੇ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਪੂਰਾ ਹੋਈ ਹੈ। ਅਜਿਹੇ ਸਮੇਂ ਜਦੋਂ ਦੇਸ਼ ਦੀਆਂ ਬਹੁਮੁੱਲੀਆਂ ਸੰਪਤੀਆਂ ਚੋਣਵੇਂ ਕਾਰਪੋਰੇਟਾਂ ਨੂੰ ਮਾਮੂਲੀ ਕੀਮਤਾਂ 'ਤੇ ਸੌਂਪਿਆ ਜਾ ਰਹੀਆਂ ਹਨ, ਪੰਜਾਬ ਨੇ ਇੱਕ ਨਿੱਜੀ ਥਰਮਲ ਪਲਾਂਟ ਖਰੀਦ ਕੇ ਇਤਿਹਾਸ ਰਚਿਆ ਹੈ, ਜਿਸਦਾ ਨਾਮ ਸ੍ਰੀ ਗੁਰੂ ਅਮਰਦਾਸ ਜੀ ਦੇ ਨਾਮ 'ਤੇ ਰੱਖਿਆ ਗਿਆ ਹੈ। ਇਹ ਸਰਕਾਰੀ ਸੰਪਤੀਆਂ ਨੂੰ ਕਮਜ਼ੋਰ ਕਰਨ ਦੀ ਬਜਾਏ ਉਨ੍ਹਾਂ ਨੂੰ ਮਜ਼ਬੂਤ ਕਰਨ ਦੀ ਸਾਡੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਔਰਤਾਂ ਦੀ ਭਲਾਈ ਬਾਰੇ ਬੋਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਮਾਵਾਂ ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ ਹੈ ਜਿਸ ਆਮ ਸ਼੍ਰੇਣੀਆਂ ਨਾਲ ਸਬੰਧਤ 18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1,000 ਰੁਪਏ ਜਦੋਂ ਕਿ ਅਨੁਸੂਚਿਤ ਜਾਤੀ ਸ਼੍ਰੇਣੀ ਨਾਲ ਸਬੰਧਤ ਔਰਤਾਂ ਨੂੰ ਪ੍ਰਤੀ ਮਹੀਨਾ 1,500 ਰੁਪਏ ਮਿਲ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਪਰਿਵਾਰਾਂ, ਖਾਸ ਕਰਕੇ ਗਰੀਬ ਪਰਿਵਾਰਾਂ ਲਈ, 1,000 ਤੋਂ 1,500 ਰੁਪਏ ਦੀ ਰਕਮ ਵੀ ਕਾਫ਼ੀ ਮਾਇਨੇ ਰੱਖਦੀ ਹੈ। ਇਸ ਤੋਂ ਵੀ ਮਹੱਤਵਪੂਰਨ ਇਹ ਸਹਾਇਤਾ ਸਾਡੀਆਂ ਮਾਵਾਂ-ਧੀਆਂ ਪ੍ਰਤੀ ਸਾਡੇ ਸਤਿਕਾਰ ਅਤੇ ਮਾਣ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤੋਂ ਲਾਭ ਲੈ ਰਹੀਆਂ ਔਰਤਾਂ ਦੇ ਚਿਹਰਿਆਂ 'ਤੇ ਮੁਸਕਰਾਹਟ ਦੇਖ ਕੇ ਬਹੁਤ ਖੁਸ਼ੀ ਅਤੇ ਸੰਤੁਸ਼ਟੀ ਮਿਲਦੀ ਹੈ।

ਵਿਦਿਅਕ ਸੁਧਾਰਾਂ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਅਤੇ ਪ੍ਰਿੰਸੀਪਲਾਂ ਦੇ ਪੇਸ਼ੇਵਰ ਹੁਨਰ ਨੂੰ ਨਿਖਾਰਨ ਅਤੇ ਕਲਾਸਰੂਮ ਸਿੱਖਿਆ ਦੇ ਮਿਆਰ ਨੂੰ ਬਿਹਤਰ ਬਣਾਉਣ ਲਈ ਉਨ੍ਹਾਂ ਨੂੰ ਵਿਸ਼ੇਸ਼ ਸਿਖਲਾਈ ਲਈ ਵਿਦੇਸ਼ ਭੇਜਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੇ ਭਾਰਤ ਸਰਕਾਰ ਦੁਆਰਾ ਕਰਵਾਏ ਗਏ ਰਾਸ਼ਟਰੀ ਪ੍ਰਾਪਤੀ ਸਰਵੇਖਣ ਵਿੱਚ ਕੇਰਲਾ ਨੂੰ ਵੀ ਪਛਾੜ ਕੇ ਸਿਖਰਲਾ ਸਥਾਨ ਹਾਸਲ ਕੀਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਹੁਣ ਹਥਿਆਰਬੰਦ ਸੈਨਾਵਾਂ ਦੀ ਪ੍ਰੀਖਿਆ ਤਿਆਰੀ, ਨੀਟ, ਜੇਈਈ, ਕਲੈਟ ਅਤੇ ਐਨਆਈਐਫਟੀ ਵਰਗੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਵਿਸ਼ੇਸ਼ ਕੋਚਿੰਗ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਮੈਨੂੰ ਇਹ ਦੱਸਦਿਆਂ ਬੇਹੱਦ ਖੁਸ਼ੀ ਹੋ ਰਹੀ ਹੈ ਕਿ ਸਕੂਲ ਆਫ਼ ਐਮੀਨੈਂਸ ਅਤੇ ਹੋਰ ਸਰਕਾਰੀ ਸਕੂਲਾਂ ਦੇ ਲਗਭਗ 300 ਵਿਦਿਆਰਥੀਆਂ ਨੇ ਜੇਈਈ ਮੇਨਜ਼, ਜੇਈਈ ਐਡਵਾਂਸਡ ਅਤੇ ਨੀਟ ਪ੍ਰੀਖਿਆਵਾਂ ਲਈ ਕੁਆਲੀਫਾਈ ਕੀਤਾ ਹੈ। ਇਹ ਪ੍ਰਾਪਤੀਆਂ ਪੰਜਾਬ ਦੇ ਸਿੱਖਿਆ ਖੇਤਰ ਵਿੱਚ ਹੋ ਰਹੇ ਕ੍ਰਾਂਤੀਕਾਰੀ ਸੁਧਾਰਾਂ ਨੂੰ ਦਰਸਾਉਂਦੀਆਂ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ, ਕਿਸਾਨਾਂ ਨੂੰ ਸਿੰਚਾਈ ਲਈ ਦਿਨ ਵੇਲੇ ਬਿਜਲੀ ਮਿਲ ਰਹੀ ਹੈ, ਜਿਸ ਨਾਲ ਖੇਤੀਬਾੜੀ ਕਾਰਜਾਂ ਸੁਚਾਰੂ ਹੋਣ ਦੇ ਨਾਲ-ਨਾਲ ਕਿਸਾਨਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਹੋਇਆ ਹੈ।

ਦਿੱਲੀ ਦੀ ਭਾਜਪਾ ਸਰਕਾਰ ਨਾਲ ਤੁਲਨਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਆਮ ਲੋਕਾਂ ਲਈ ਭਲਾਈ ਪਹਿਲਕਦਮੀਆਂ ਦਾ ਲਗਾਤਾਰ ਵਿਸਤਾਰ ਕਰ ਰਿਹਾ ਹੈ, ਜਦੋਂ ਕਿ ਸਰਕਾਰਾਂ ਬਦਲਣ ਤੋਂ ਬਾਅਦ ਇਸ ਤਰ੍ਹਾਂ ਦੇ ਪ੍ਰੋਗਰਾਮ ਹੋਰ ਥਾਵਾਂ ਤੇ ਬੰਦ ਕਰ ਦਿੱਤੇ ਗਏ ਹਨ। ਉਹਨਾਂ ਕਿਹਾ,ਇਹਨਾਂ ਪਾਰਟੀਆਂ ਨੇ ਹਮੇਸ਼ਾ ਆਮ ਨਾਗਰਿਕਾਂ ਨੂੰ ਲਾਭ ਪਹੁੰਚਾਉਣ ਵਾਲੀਆਂ ਨੀਤੀਆਂ ਦਾ ਵਿਰੋਧ ਕੀਤਾ ਹੈ ਅਤੇ ਲੋਕ-ਕੇਂਦ੍ਰਿਤ ਪ੍ਰੋਗਰਾਮਾਂ ਨੂੰ ਲਾਗੂ ਕਰਨ ਤੋਂ ਦੜ ਵੱਟਦੀਆਂ ਰਹੀਆਂ ਹਨ, ।

ਸਿਹਤ ਸੰਭਾਲ ਕਵਰੇਜ ਬਾਰੇ ਬੋਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕੀਤੀ ਹੈ, ਜੋ ਕਿ ਦੇਸ਼ ਵਿੱਚ ਆਪਣੀ ਕਿਸਮ ਦੀ ਪਹਿਲੀ ਯੋਜਨਾ ਹੈ, ਜਿਸ ਤਹਿਤ ਪੰਜਾਬ ਦੇ ਹਰੇਕ ਵਸਨੀਕ ਹਰੇਕ ਪਰਿਵਾਰ ਨੂੰ ?10 ਲੱਖ ਤੱਕ ਦਾ ਨਕਦ ਰਹਿਤ ਡਾਕਟਰੀ ਇਲਾਜ ਪ੍ਰਦਾਨ ਕੀਤਾ ਜਾਂਦਾ ਹੈ। ਉਹਨਾਂ ਕਿਹਾ,ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਪੰਜਾਬ ਭਾਰਤ ਦਾ ਪਹਿਲਾ ਸੂਬਾ ਹੈ ਜਿਸਨੇ ਅਜਿਹੀ ਵਿਆਪਕ ਸਿਹਤ ਸੰਭਾਲ ਕਵਰੇਜ ਦੀ ਪੇਸ਼ਕਸ਼ ਕੀਤੀ ਹੈ। ਇਸ ਯੋਜਨਾ ਨੇ ਪਰਿਵਾਰਾਂ 'ਤੇ ਵਿੱਤੀ ਬੋਝ ਨੂੰ ਕਾਫ਼ੀ ਘਟਾਉਣ ਦੇ ਨਾਲ ਨਾਲ ਕਿ ਮਿਆਰੀ ਸਿਹਤ ਸੰਭਾਲ ਸੇਵਾਵਾਂ ਤੱਕ ਪਹੁੰਚ ਨੂੰ ਯਕੀਨੀ ਬਣਾਇਆ ਹੈ। ਲਾਭਪਾਤਰੀਆਂ ਦੁਆਰਾ ?650 ਕਰੋੜ ਤੋਂ ਵੱਧ ਦਾ ਮੁਫਤ ਇਲਾਜ ਪਹਿਲਾਂ ਹੀ ਪ੍ਰਾਪਤ ਕੀਤਾ ਜਾ ਚੁੱਕਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ, ਕਿਸਾਨਾਂ ਨੂੰ ਝੋਨੇ ਦੇ ਸੀਜ਼ਨ ਦੌਰਾਨ ਖੇਤੀਬਾੜੀ ਟਿਊਬਵੈੱਲਾਂ ਨੂੰ ਅੱਠ ਘੰਟੇ ਤੋਂ ਵੱਧ ਨਿਰਵਿਘਨ ਬਿਜਲੀ ਸਪਲਾਈ ਦਿੱਤੀ ਗਈ ਹੈ। ਉਨ੍ਹਾਂ ਦੁਹਰਾਇਆ ਕਿ ਸਰਕਾਰੀ ਖਜ਼ਾਨੇ ਵਿੱਚੋਂ ਇੱਕ ਇੱਕ ਰੁਪਿਆ ਲੋਕ ਭਲਾਈ ਅਤੇ ਵਿਕਾਸ ਲਈ ਖਰਚ ਕੀਤਾ ਜਾ ਰਿਹਾ ਹੈ।

ਬੁਨਿਆਦੀ ਢਾਂਚੇ ਦੇ ਵਿਕਾਸ ਬਾਰੇ ਦਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਰਾਜ ਭਰ ਵਿੱਚ ਲਿੰਕ ਸੜਕਾਂ ਦੀ ਮੁਰੰਮਤ ਅਤੇ ਅਪਗ੍ਰੇਡੇਸ਼ਨ ਲਈ ਇੱਕ ਵਿਸ਼ਾਲ ਪ੍ਰੋਗਰਾਮ ਸ਼ੁਰੂ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਲਗਭਗ 43,000 ਕਿਲੋਮੀਟਰ ਲਿੰਕ ਸੜਕਾਂ ਹਨ ਅਤੇ ਉਨ੍ਹਾਂ ਦੀ ਮੁਰੰਮਤ ਅਤੇ ਆਧੁਨਿਕੀਕਰਨ ਲਈ ਇੱਕ ਵਿਆਪਕ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ। ਉਹਨਾਂ ਕਿਹਾ,ਆਪ ਸਰਕਾਰ ਨੇ ਇੱਕ ਹੋਰ ਇਤਿਹਾਸਕ ਫੈਸਲਾ ਲਿਆ ਹੈ। ਇਨ੍ਹਾਂ ਸੜਕਾਂ ਦੀ ਮੁਰੰਮਤ ਦੇ ਨਾਲ-ਨਾਲ, ਅਗਲੇ ਪੰਜ ਸਾਲਾਂ ਲਈ ਉਨ੍ਹਾਂ ਦੀ ਦੇਖਭਾਲ ਵੀ ਯਕੀਨੀ ਬਣਾਈ ਜਾਵੇਗੀ। ਇਹ ਪੇਂਡੂ ਅਤੇ ਸ਼ਹਿਰੀ ਨਿਵਾਸੀਆਂ ਲਈ ਬਿਹਤਰ ਸੰਪਰਕ ਦੀ ਗਰੰਟੀ ਅਤੇ ਆਵਾਜਾਈ ਸਹੂਲਤਾਂ ਵਿੱਚ ਸੁਧਾਰ ਕਰੇਗਾ ।

ਮੁੱਖ ਮੰਤਰੀ ਨੇ ਕਿਹਾ ਕਿ 'ਆਪ' ਸਰਕਾਰ ਨੇ ਸੜਕ ਸੁਰੱਖਿਆ ਨੂੰ ਬਿਹਤਰ ਬਣਾਉਣ ਅਤੇ ਰਾਜ ਅਤੇ ਰਾਸ਼ਟਰੀ ਰਾਜਮਾਰਗਾਂ 'ਤੇ ਕੀਮਤੀ ਜਾਨਾਂ ਬਚਾਉਣ ਲਈ ਦੇਸ਼ ਦੀ ਪਹਿਲੀ ਸਮਰਪਿਤ ਸੜਕ ਸੁਰਖੀਆ ਫੋਰਸ ਵੀ ਸ਼ੁਰੂ ਕੀਤੀ ਹੈ। ਇਸ ਫੋਰਸ ਦੇ ਹਿੱਸੇ ਵਜੋਂ ਵਿਸ਼ੇਸ਼ ਤੌਰ 'ਤੇ ਸਿਖਲਾਈ ਪ੍ਰਾਪਤ ਅਤੇ ਨਵੇਂ ਭਰਤੀ ਕੀਤੇ ਗਏ ਕਰਮਚਾਰੀਆਂ, ਜਿਨ੍ਹਾਂ ਵਿੱਚ ਔਰਤਾਂ ਵੀ ਸ਼ਾਮਲ ਹਨ, ਨੂੰ ਤਾਇਨਾਤ ਕੀਤਾ ਗਿਆ ਹੈ।

ਪੰਜਾਬ ਦੇ ਰਾਜਮਾਰਗਾਂ 'ਤੇ ਕੁੱਲ 1,597 ਕਰਮਚਾਰੀ ਕੰਮ ਕਰ ਰਹੇ ਹਨ ਜਿਨ੍ਹਾਂ ਨੂੰ 144 ਪੂਰੀ ਤਰ੍ਹਾਂ ਲੈਸ ਵਾਹਨਾਂ ਦੀ ਸਹਾਇਤਾ ਨਾਲ ਚਲਾਇਆ ਜਾ ਰਿਹਾ ਹੈ। ਪਿਛਲੇ ਸਾਲ ਫਰਵਰੀ ਵਿੱਚ ਫੋਰਸ ਦੀ ਸ਼ੁਰੂਆਤ ਤੋਂ ਬਾਅਦ, ਸੜਕ ਹਾਦਸਿਆਂ ਵਿੱਚ ਹੋਣ ਵਾਲੀਆਂ ਮੌਤਾਂ ਵਿੱਚ 48.10% ਦੀ ਕਮੀ ਆਈ ਹੈ, ਉਨ੍ਹਾਂ ਕਿਹਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਫੋਰਸ 4,200 ਕਿਲੋਮੀਟਰ ਦੁਰਘਟਨਾ-ਪ੍ਰਭਾਵਿਤ ਹਾਈਵੇਅ 'ਤੇ ਤਾਇਨਾਤ ਰਹਿੰਦੀ ਹੈ ਅਤੇ ਇੱਕ ਤੇਜ਼ ਪ੍ਰਤੀਕਿਰਿਆ ਵਿਧੀ ਅਤੇ ਟ੍ਰੈਫਿਕ ਉਲੰਘਣਾਵਾਂ ਵਿਰੁੱਧ ਰੋਕਥਾਮ ਵਜੋਂ ਕੰਮ ਕਰਦੀ ਹੈ। ਉਹਨਾਂ ਕਿਹਾ, ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਵੀ ਸੰਸਦ ਦੇ ਫਲੋਰ 'ਤੇ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਹੈ ।

ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਐਕਟ 2026 ਬਾਰੇ ਬੋਲਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਰਮਾਤਮਾ ਨੇ ਉਨ੍ਹਾਂ ਨੂੰ ਇਸ ਇਤਿਹਾਸਕ ਕਾਨੂੰਨ ਰਾਹੀਂ ਮਨੁੱਖਤਾ ਦੀ ਸੇਵਾ ਕਰਨ ਦਾ ਮੌਕਾ ਦਿੱਤਾ ਹੈ। ਉਨ੍ਹਾਂ ਕਿਹਾ, ਇਸ ਕਾਨੂੰਨ ਤਹਿਤ, 'ਬੇਦਬੀ ਦਾ ਦੋਸ਼ੀ ਪਾਏ ਜਾਣ ਵਾਲੇ ਕਿਸੇ ਵੀ ਵਿਅਕਤੀ ਨੂੰ ਦਸ ਸਾਲ ਤੋਂ ਲੈ ਕੇ ਉਮਰ ਕੈਦ ਤੱਕ ਦੀ ਕੈਦ ਅਤੇ 50 ਲੱਖ ਰੁਪਏ ਦੇ ਜੁਰਮਾਨੇ ਦੀ ਸਜ਼ਾ ਹੋ ਸਕਦੀ ਹੈ। ਜੇਕਰ ਦੋਸ਼ੀ ਜੁਰਮਾਨਾ ਅਦਾ ਕਰਨ ਵਿੱਚ ਅਸਫਲ ਰਹਿੰਦਾ ਹੈ, ਤਾਂ ਉਸਦੀ ਜਾਇਦਾਦ ਵੇਚੀ ਜਾ ਸਕਦੀ ਹੈ। ਇਸ ਕਾਨੂੰਨ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਆਉਣ ਵਾਲੀਆਂ ਪੀੜ੍ਹੀਆਂ ਸ੍ਰੀ ਗੁਰੂ ਸਾਹਿਬ ਜੀ ਦਾ ਨਿਰਾਦਰ ਕਰਕੇ ਲੋਕਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦੇ ਗੰਭੀਰ ਨਤੀਜਿਆਂ ਨੂੰ ਸਮਝ ਸਕਣ।

ਉਮੀਦ ਪ੍ਰਗਟ ਕਰਦਿਆਂ ਕਿ ਇਹ ਕਾਨੂੰਨ ਬੇਅਦਬੀ ਵਿਰੁੱਧ ਇੱਕ ਮਜ਼ਬੂਤ ਰੋਕਥਾਮ ਵਜੋਂ ਕੰਮ ਕਰੇਗਾ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿੱਖਾਂ ਦੇ ਦਿਲਾਂ ਵਿੱਚ ਇੱਕ ਪਵਿੱਤਰ ਸਥਾਨ ਰੱਖਦੇ ਹਨ ਅਤੇ ਇਨਾ ਦੀ ਪਵਿੱਤਰਤਾ ਦੀ ਰੱਖਿਆ ਕਰਨਾ ਸਰਕਾਰ ਦੀ ਜ਼ਿੰਮੇਵਾਰੀ ਹੈ। ਉਹਨਾਂ ਕਿਹਾ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹਰ ਸਿੱਖ ਦੇ ਪਿਤਾ ਵਾਂਗ ਹਨ। ਇਸਦਾ ਸਤਿਕਾਰ ਅਤੇ ਪਵਿੱਤਰਤਾ ਨੂੰ ਯਕੀਨੀ ਬਣਾਉਣਾ ਸਾਡਾ ਸਮੂਹਿਕ ਫਰਜ਼ ਹੈ। ਜੇਕਰ ਸਰਕਾਰ ਇਸ ਸਬੰਧ ਵਿੱਚ ਜ਼ਿੰਮੇਵਾਰੀ ਨਹੀਂ ਲੈਂਦੀ, ਤਾਂ ਕੋਈ ਹੋਰ ਨਹੀਂ ਲਵੇਗਾ। ਅਕਾਲੀਆਂ ਨੇ ਆਪਣੇ ਰਾਜਨੀਤਿਕ ਹਿੱਤਾਂ ਲਈ ਧਰਮ ਦੀ ਦੁਰਵਰਤੋਂ ਕੀਤੀ ਅਤੇ ਲੋਕ ਇਹ ਨਹੀਂ ਭੁੱਲੇ ਹਨ। ਅਸੀਂ ਖੁਸ਼ਕਿਸਮਤ ਹਾਂ ਕਿ ਸਾਨੂੰ ਇਸ ਇਤਿਹਾਸਕ ਕਾਨੂੰਨ ਨੂੰ ਪਾਸ ਕਰਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ, ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਵਿੱਚ ਮਦਦ ਕਰੇਗਾ।

## ਯੂਟੀ ਚੰਡੀਗੜ੍ਹ ਵਿੱਚ ਖੁਰ ਅਤੇ ਮੂੰਹ ਰੋਗ (ਐੱਫਐੱਮਡੀ) ਟੀਕਾਕਰਣ ਦਾ 8ਵਾਂ ਦੌਰ ਸੰਪੰਨ

**ਚੰਡੀਗੜ੍ਹ, 9 ਜੂਨ**
**-ਸੰਜੀਵ ਸ਼ਰਮਾ--**

ਯੂਟੀ ਚੰਡੀਗੜ੍ਹ ਦੇ ਪਸ਼ੂਪਾਲਨ ਅਤੇ ਮੱਛੀ ਪਾਲਣ ਵਿਭਾਗ ਨੇ ਭਾਰਤ ਸਰਕਾਰ ਦੇ ਰਾਸ਼ਟਰੀ ਪਸ਼ੂ ਰੋਗ ਨਿਯੰਤ੍ਰਣ ਪ੍ਰੋਗਰਾਮ (ਐੱਨਏਡੀਸੀਪੀ/ ਦੇ ਤਹਿਤ ਪੈਰ ਅਤੇ ਮੂੰਹ ਰੋਗ (ਐੱਫਐੱਮਡੀ/6$4) ਟੀਕਾਕਰਣ ਮੁਹਿੰਮ ਦਾ 8ਵਾਂ ਦੌਰ ਸਫ਼ਲਤਾਪੂਰਵਕ ਪੂਰਾ ਕਰ ਲਿਆ ਹੈ। ਇਹ ਟੀਕਾਕਰਣ ਮੁਹਿੰਮ ਕੇਂਦਰ ਸ਼ਾਸਿਤ ਪ੍ਰਦੇਸ਼ ਵਿੱਚ 1 ਮਈ, 2026 ਨੂੰ ਸ਼ੁਰੂ ਕੀਤੀ ਗਈ ਸੀ ਸਫ਼ਲਤਾਪੂਰਵਕ ਸੰਪੰਨ ਹੋਈ।

ਇਸ ਅਵਸਰ 'ਤੇ ਯੂਟੀ ਚੰਡੀਗੜ੍ਹ ਦੇ ਪਸ਼ੂਪਾਲਨ ਅਤੇ ਮੱਛੀ ਪਾਲਣ ਵਿਭਾਗ ਦੇ ਸਕੱਤਰ ਸ਼੍ਰੀ ਪ੍ਰਦੀਪ ਕੁਮਾਰ ਨੇ ਕਿਹਾ ਕਿ ਪੈਰ ਅਤੇ ਮੂੰਹ ਰੋਗ (ਐੱਫਐੱਮਡੀ/6$4) ਆਰਥਿਕ ਦ੍ਰਿਸ਼ਟੀ ਤੋਂ ਪਸ਼ੂਆਂ ਨੂੰ ਪ੍ਰਭਾਵਿਤ ਕਰਨ ਵਾਲੀ ਸਭ ਤੋਂ ਗੰਭੀਰ ਬਿਮਾਰੀਆਂ ਵਿੱਚੋਂ ਇੱਕ ਹੈ। ਇਸ ਨੂੰ ਵਿਸ਼ਵ ਪੱਧਰ 'ਤੇ ਨਿਯੰਤ੍ਰਣ ਅਤੇ ਖ਼ਾਤਮੇ ਲਈ ਪ੍ਰਾਥਮਿਕਤਾ ਵਾਲੀ ਬਿਮਾਰੀ ਮੰਨਿਆ ਜਾਂਦਾ ਹੈ। ਭਾਰਤ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਿਭਾਗ ਨੇ ਪਸ਼ੂਪਾਲਕਾਂ ਦੀ ਆਜੀਵਿਕਾ ਦੀ ਸੁਰੱਖਿਆ ਲਈ ਸਾਰੇ ਬੜੇ ਅਤੇ ਛੋਟੇ ਪਸ਼ੂਆਂ ਦਾ ਮੁਫ਼ਤ ਟੀਕਾਕਰਣ ਉਨਾਂ ਦੇ ਘਰ ਜਾ ਕੇ ਕੀਤਾ।

ਪਸ਼ੂਪਾਲਨ ਅਤੇ ਮੱਛੀ ਪਾਲਣ ਵਿਭਾਗ, ਯੂਟੀ ਚੰਡੀਗੜ੍ਹ ਦੇ ਡਾਇਰੈਕਟਰ, ਸ਼੍ਰੀ ਨਵੀਨ ਨੇ ਦੱਸਿਆ ਕਿ ਹਾਲ ਹੀ ਵਿੱਚ ਸੰਪੰਨ ਇਹ ਮੁਹਿੰਮ ਪੈਰ ਅਤੇ ਮੂੰਹ ਰੋਗ (ਐੱਫਐੱਮਡੀ/6$4) ਪ੍ਰੋਗਰਾਮ ਦਾ ਲਗਾਤਾਰ ਸਫ਼ਲਤਾਪੂਰਵਕ ਆਯੋਜਿਤ ਕੀਤਾ ਗਿਆ 8ਵਾਂ ਦੌਰ ਹੈ, ਜੋ ਸੰਨ 2020 ਵਿੱਚ ਸ਼ੁਰੂ ਹੋਣ ਤੋਂ ਹੀ ਯੂਟੀ ਵਿੱਚ ਪ੍ਰਭਾਵੀ ਤੌਰ 'ਤੇ ਸੰਚਾਲਿਤ ਹੋ ਰਿਹਾ ਹੈ। ਉਨ੍ਹਾਂ ਨੇ ਦੱਸਿਆ ਕਿ ਸਾਰੇ ਅੱਠ ਦੌਰਾਂ ਵਿੱਚ ਇਸ ਰੋਗ ਦੇ ਵਿਰੁੱਧ ਬੜੀ ਸੰਖਿਆ ਵਿੱਚ ਟੀਕੇ ਲਗਾਏ ਗਏ ਹਨ, ਜੋ ਅਤਿਅੰਤ ਸਫ਼ਲ ਸਿੱਧ ਹੋਏ ਹਨ। ਵਿਆਪਕ ਟੀਕਾਕਰਣ ਕਵਰੇਜ ਨਾਲ ਪਸ਼ੂਆਂ ਵਿੱਚ ਸਿਹਤ ਸਬੰਧੀ ਜੋਖਮਾਂ ਦਾ ਪ੍ਰਭਾਵੀ ਪ੍ਰਬੰਧਨ ਹੋਵੇਗਾ ਅਤੇ ਪਸ਼ੂਆਂ ਤੋਂ ਮਨੁੱਖਾਂ ਵਿੱਚ ਫੈਲਣ ਵਾਲੇ ਸੰਕ੍ਰਮਣਾਂ ਦੀ ਰੋਕਥਾਮ ਵਿੱਚ ਵੀ ਸਹਾਇਤਾ ਮਿਲੇਗੀ।

ਪਸ਼ੂਪਾਲਣ ਵਿਭਾਗ ਦੇ ਜੁਆਇੰਟ ਡਾਇਰੈਕਟਰ ਡਾ. ਅਸ਼ਵਨੀ ਕੁਮਾਰ ਨੇ ਦੱਸਿਆ ਕਿ ਪੈਰ ਅਤੇ ਮੂੰਹ ਰੋਗ (ਐੱਫਐੱਮਡੀ/6$4) ਦੇ ਕਾਰਨ ਡੇਅਰੀ ਅਤੇ ਪਸ਼ੂਪਾਲਕਾਂ ਨੂੰ ਭਾਰੀ ਆਰਥਿਕ ਨੁਕਸਾਨ ਉਠਾਉਣਾ ਪੈਂਦਾ ਹੈ। ਇਸ ਲਈ ਪ੍ਰਸ਼ਾਸਨ ਦੀ ਪ੍ਰਮੁੱਖ ਰਣਨੀਤੀ ਵਿਆਪਕ ਅਤੇ ਨਿਯਮਿਤ ਟੀਕਾਕਰਣ 'ਤੇ ਕੇਂਦ੍ਰਿਤ ਹੈ।

ਉਨ੍ਹਾਂ ਨੇ ਕਿਹਾ ਕਿ ਨਿਰਧਾਰਿਤ ਅੰਤਰਾਲਾਂ 'ਤੇ ਪਸ਼ੂਆਂ ਦਾ ਲਗਾਤਾਰ ਟੀਕਾਕਰਣ ਕੀਤੇ ਜਾਣ ਨਾਲ ਐੱਫਐੱਮਡੀ ਦੇ ਪ੍ਰਭਾਵੀ ਨਿਯੰਤ੍ਰਣ ਅਤੇ ਇਸ ਦੇ ਖ਼ਾਤਮੇ ਦੀ ਦਿਸ਼ਾ ਵਿੱਚ ਮਹੱਤਵਪੂਰਨ ਸਫ਼ਲਤਾ ਪ੍ਰਾਪਤ ਹੋਈ ਹੈ। ਉਨ੍ਹਾਂ ਨੇ ਅੱਗੇ ਦੱਸਿਆ ਕਿ, ਐੱਫਐੱਮਡੀ ਮੁਹਿੰਮ ਦੇ 8ਵੇਂ ਪੜਾਅ ਵਿੱਚ 17500 ਪਸ਼ੂਆਂ ਦਾ ਟੀਕਾਕਰਣ ਕੀਤਾ ਗਿਆ ਜਦਕਿ ਸਾਰੇ ਅੱਠ ਪੜਾਵਾਂ ਵਿੱਚ ਹੁਣ ਤੱਕ ਲਗਭਗ 148,648 ਟੀਕੇ ਲਗਾਏ ਜਾ ਚੁੱਕੇ ਹਨ।

## ਸ਼ਡਿਊਲ ਐਕਸ ਤੇ ਐਚ ਦਵਾਈਆਂ ਵੇਚਣ ਵਾਲੇ ਮੈਡੀਕਲ ਸਟੋਰਾਂ'ਤੇ ਸੀ.ਸੀ.ਟੀ.ਵੀ. ਕੈਮਰੇ ਲਗਾਉਣੇ ਲਾਜ਼ਮੀ

**ਬਠਿੰਡਾ, 9 ਜੂਨ**
**-ਗੁਰਤੇਜ ਅਤਲਾ-**

ਜ਼ਿਲ੍ਹਾ ਮੈਜਿਸਟ੍ਰੇਟ ਸ਼੍ਰੀ ਰਾਜੇਸ਼ ਧੀਮਾਨ ਨੇ ਭਾਰਤੀ ਨਾਗਰਿਕ ਸੁਰਖਿਆ ਸੰਹਿਤਾ ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੁਕਮ ਜਾਰੀ ਕੀਤੇ ਹਨ।

ਜਾਰੀ ਹੁਕਮ ਅਨੁਸਾਰ ਪੰਜਾਬ ਜੇਲ੍ਹ ਰੂਲਜ਼, 2022 ਤਹਿਤ ਜੇਲ੍ਹਾ ਵਿੱਚ ਲਾਗੂ ਹੋਣ ਵਾਲੇ ਕਿਸੇ ਹੋਰ ਕਾਨੂੰਨ ਦੇ ਅਧੀਨ ਕੇਂਦਰੀ ਜੇਲ੍ਹ ਬਠਿੰਡਾ ਅੰਦਰ ਗੈਰ ਕਾਨੂੰਨੀ ਅਪਰਾਧਿਕ ਗਤੀਵਿਧੀਆਂ ਅਤੇ ਅਜਿਹੀਆਂ ਪਾਬੰਦੀਸ਼ੁਦਾ ਵਸਤੂਆਂ ਜਿੰਨ੍ਹਾਂ ਨਾਲ ਰਾਜ ਦੀ ਸੁਰੱਖਿਆ ਤੇ ਅਸਰ ਪੈਂਦਾ ਹੋਵੇ ਰੱਖਣ 'ਤੇ ਪੂਰਨ ਰੋਕ ਲਗਾਈ ਜਾਂਦੀ ਹੈ।

ਇਕ ਹੋਰ ਹੁਕਮ ਅਨੁਸਾਰ ਸ਼ਡਿਊਲ 'ਐਕਸ' ਤੇ 'ਐਚ' ਦਵਾਈਆਂ ਵੇਚਣ ਵਾਲੇ ਮੈਡੀਕਲ ਸਟੋਰਾਂ 'ਤੇ ਸੀ.ਸੀ.ਟੀ.ਵੀ. ਕੈਮਰੇ ਲਗਾਉਣ ਲਈ ਹਦਾਇਤ ਕੀਤੀ। ਹੁਕਮ ਅਨੁਸਾਰ ਜ਼ਿਲ੍ਹੇ ਦੀਆਂ ਸਾਰੀਆਂ ਮੈਡੀਕਲ/ ਕੈਮਿਸਟ/ਫਾਰਮੇਸੀ ਦੀਆਂ ਦੁਕਾਨਾਂ, ਡਰੱਗਜ਼ ਐਂਡ ਕਾਸਮੈਟਿਕਸ ਰੂਲਜ਼ 1945 ਦੇ ਨਿਯਮ 9 ਦੇ ਅਨੁਸਾਰ ਸ਼ਡਿਊਲ ਐਕਸ ਅਤੇ ਐੱਚ ਦਵਾਈਆਂ ਦੀ ਵਿਕਰੀ ਕਰਦੀਆਂ ਹਨ, ਉਨ੍ਹਾਂ ਦੁਕਾਨਾਂ ਦੇ ਬਾਹਰ ਤੇ ਅੰਦਰ ਸੀ.ਸੀ.ਟੀ.ਵੀ. ਕੈਮਰੇ ਲਗਾਉਣੇ ਯਕੀਨੀ ਬਣਾਉਣ।ਹੁਕਮ ਮੁਤਾਬਿਕ ਟ੍ਰੈਫ਼ਿਕ ਦੀ ਸਮੱਸਿਆ ਨੂੰ ਵੇਖਦਿਆਂ ਹੋਇਆ ਤੰਗ ਥਾਵਾਂ 'ਤੇ ਟਰੱਕ ਖੜਾ ਕਰਨ ਦੀ ਸਖ਼ਤ ਮਨਾਹੀ ਕੀਤੀ ਹੈ। ਬਹੁ-ਮੰਤਵੀ ਖੇਡ ਸਟੇਡੀਅਮ ਕੋਲ ਟਰੱਕ ਖੜੇ ਹੋਣ ਕਾਰਨ ਐਮ.ਐਸ.ਡੀ. ਸਕੂਲ ਅਤੇ ਗੁਰੂ ਹਰਕਿਸ਼ਨ ਪਬਲਿਕ ਸਕੂਲ ਦੇ ਬੱਚਿਆਂ ਨੂੰ ਬਹੁਤ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਇਨਾਂ ਟਰੱਕਾਂ ਕਰਕੇ ਸਕੂਲਾਂ ਦੀਆਂ ਵੈਨਾ, ਬੱਸਾਂ, ਰਿਕਸ਼ੇ ਆਦਿ ਦਾ ਐਕਸੀਡੈਂਟ ਹੋਣ ਦਾ ਖਦਸ਼ਾ ਰਹਿੰਦਾ ਹੈ। ਇਨਾਂ ਗੱਲਾਂ ਨੂੰ ਧਿਆਨ 'ਚ ਰੱਖਦੇ ਹੋਏ ਹਨੂਮਾਨ ਚੌਕ ਦੇ ਆਸ-ਪਾਸ ਗੋਨਿਆਣਾ ਰੋਡ ਅਤੇ ਖੇਡ ਸਟੇਡੀਅਮ ਰੋਡ 'ਤੇ ਟਰੱਕ ਖੜਾ ਕਰਨ ਦੀ ਸਖ਼ਤ ਮਨਾਹੀ ਕੀਤੀ ਹੈ। ਇਸ ਤੋਂ ਇਲਾਵਾ ਸਕੂਲਾਂ/ਕਾਲਜਾਂ ਦੇ ਬਾਹਰ ਵੀ ਚਾਰ ਪਹੀਆ ਵੱਡੇ ਵਾਹਨ ਖੜ੍ਹੇ ਕਰਨ ਦੀ ਮਨਾਹੀ ਹੋਵੇਗੀ।



ਇਨ੍ਹਾਂ ਇਲਾਕਿਆਂ 'ਚ ਸਵੇਰੇ 6 ਤੋਂ ਸਵੇਰੇ 9 ਵਜੇ ਤੱਕ ਅਤੇ ਦੁਪਹਿਰ 1 ਤੋਂ 3 ਵਜੇ ਤੱਕ ਕਿਸੇ ਵੀ ਟਰੱਕ ਨੂੰ ਚਲਣ ਦੀ ਪ੍ਰਵਾਨਗੀ ਨਹੀਂ ਦਿੱਤੀ ਜਾਵੇਗੀ। ਉਨ੍ਹਾਂ ਐਮ.ਐਸ.ਡੀ. ਸਕੂਲ ਅਤੇ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦੇ ਪ੍ਰਿੰਸੀਪਲ ਨੂੰ ਨਿਰਦੇਸ਼ ਦਿੱਤੇ ਕਿ ਛੁੱਟੀ ਸਮੇਂ ਆਪਣੇ ਵਿਦਿਆਰਥੀਆਂ ਨੂੰ ਸਕੂਲ ਦੇ ਕੰਪਾਉਂਡ ਵਿਚੋਂ ਹੀ ਰਿਕਸ਼ਾ, ਗੱਡੀ ਆਦਿ ਵਿਚ ਸੁਰੱਖਿਅਤ ਰੂਪ ਵਿਚ ਚੜ੍ਹਾਉਣਗੇ। ਉਨ੍ਹਾਂ ਕਿਹਾ ਕਿ ਸਕੂਲ ਤੋਂ ਛੁੱਟੀ ਸਮੇਂ ਬੱਚਿਆਂ ਨੂੰ ਲੈਣ ਆਉਣ ਵਾਲੇ ਰਿਕਸ਼ਾ ਅਤੇ ਗੱਡੀਆਂ ਸਕੂਲ ਦੇ ਬਾਹਰ ਸੜਕ ਜਾਂ ਸੜਕ ਦੇ ਕਿਨਾਰੇ ਪਾਰਕ ਨਹੀਂ ਕੀਤੇ ਜਾਣਗੇ।ਜਾਰੀ ਹੁਕਮ ਅਨੁਸਾਰ ਜ਼ਿਲ੍ਹਾ ਮੈਜਿਸਟ੍ਰੇਟ ਨੇ ਜ਼ਿਲ੍ਹੇ ਅੰਦਰ ਉਲਾਈਵ ਗਰੀਨ ਰੰਗ ਦੀ ਮਿਲਟਰੀ ਵਰਦੀ ਤੇ ਉਲਾਈਵ ਗਰੀਨ ਰੰਗ (ਮਿਲਟਰੀ ਰੰਗ) ਦੀਆਂ ਜੀਪਾਂ/ਮੋਟਰਸਾਈਕਲਾਂ/ਮੋਟਰ ਗੱਡੀਆਂ ਦੀ ਵਰਤੋਂ ਦੀ ਮਨਾਹੀ ਕੀਤੀ ਹੈ।ਇੱਕ ਹੋਰ ਹੁਕਮ ਅਨੁਸਾਰ ਜ਼ਿਲ੍ਹੇ ਅੰਦਰਲੇ ਪਿੰਡ, ਰੇਲਵੇ ਟਰੈਕ, ਸੂਏ ਤੇ ਨਹਿਰਾਂ ਦੇ ਪੁਲ, ਨਹਿਰਾਂ, ਜਨ-ਨਿਕਾਸ ਦੇ ਨਾਲਿਆਂ ਅਤੇ ਸੂਏ/ਰਜਵਾਹੇ, ਆਇਲ ਪਾਈਪ ਲਾਈਨਜ਼ ਆਦਿ ਨਾਲ ਲਗਦੇ ਸਾਰੇ ਪਿੰਡਾਂ ਦੇ ਨਰੋਈ ਸਿਹਤ ਵਾਲੇ ਸਾਰੇ ਬਾਲਗ ਆਦਮੀ ਸਾਰੇ ਪਿੰਡਾਂ, ਰੇਲ ਪਟੜੀਆਂ, ਜਲ ਸਪਲਾਈ ਸਕੀਮਾਂ, ਨਹਿਰਾਂ, ਜਲ ਨਿਕਾਸ ਦੇ ਨਾਲਿਆਂ ਅਤੇ ਸੂਏ ਟੁੱਟਣ ਤੋਂ ਬਚਾਉਣ ਲਈ ਠੀਕਰੀ ਪੈਰਾ ਰਾਖੀ ਦੀ ਡਿਊਟੀ ਨਿਭਾਉਣਗੇ।ਇਸ ਤਰ੍ਹਾਂ ਇਕ ਹੋਰ ਹੁਕਮ ਰਾਹੀਂ ਜ਼ਿਲੇ ਦੇ ਪੇਂਡੂ/ਸ਼ਹਿਰੀ ਖੇਤਰਾਂ ਵਿਚ ਲਿਖਤੀ ਪ੍ਰਵਾਨਗੀ ਤੋਂ ਬਗੈਰ ਕੱਚੀਆਂ ਖੂਹੀਆਂ ਪੁੱਟਣ 'ਤੇ ਪਾਬੰਦੀ ਲਗਾਈ ਜਾਂਦੀ ਹੈ। ਕੋਈ ਵੀ ਵਿਅਕਤੀ ਕਾਰਜਕਾਰੀ ਇੰਜੀਨੀਅਰ, ਜਨ ਸਿਹਤ ਮੰਡਲ, ਬਠਿੰਡਾ ਜਾਂ ਕਾਰਜਕਾਰੀ ਇੰਜੀਨੀਅਰ ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਬਠਿੰਡਾ ਦੀ ਲਿਖਤੀ ਪ੍ਰਵਾਨਗੀ ਅਤੇ ਦੇਖ-ਰੇਖ ਤੋਂ ਬਗੈਰ ਕੱਚੀਆਂ ਖੂਹੀਆਂ ਨਹੀਂ ਪੁੱਟੇਗਾ/ ਪੁਟਾਏਗਾ।ਜ਼ਿਲ੍ਹੇ ਦੀ ਹਦੂਦ ਅੰਦਰ ਜੋ ਟਰੈਕਟਰ-ਟਰਾਲੀ ਤੇ ਹੋਰ ਆਵਾਜਾਈ ਦੇ ਸਾਧਨ ਜਿਸ ਰਾਹੀਂ ਬਰੇਤੀ/ਮਿੱਟੀ ਆਦਿ ਦੀ ਢੋਆ-ਢੁਆਈ ਕੀਤੀ ਜਾਂਦੀ ਹੈ ਅਤੇ ਬਰੇਤੀ/ਮਿੱਟੀ ਆਦਿ ਦੀ ਟਰਾਲੀ ਨੂੰ ਬਿਨਾਂ ਕਵਰ ਕੀਤੇ ਇੱਧਰ-ਉੱਧਰ ਲੈ ਕੇ ਜਾਣ 'ਤੇ ਪੂਰਨ ਰੋਕ ਲਗਾਈ ਜਾਂਦੀ ਹੈ।ਜਾਰੀ ਹੁਕਮਾਂ ਅਨੁਸਾਰ ਉਕਤ ਦੇ ਮੱਦੇਨਜ਼ਰ ਕਾਨੂੰਨ ਅਤੇ ਵਿਵਸਥਾ ਨੂੰ ਸੰਚਾਰੂ ਰੂਪ ਨਾਲ ਚਲਾਉਣ ਲਈ ਕਿਸੇ ਵੀ ਵਿਅਕਤੀ ਦੇ ਪਾਣੀ ਦੀਆਂ ਟੈਂਕੀਆਂ 'ਤੇ ਚੜਣ ਜਾਂ ਅਜਿਹੀਆਂ ਉਚੀਆਂ ਥਾਵਾਂ 'ਤੇ ਪਾਬੰਦੀ ਲਗਾਈ ਜਾਂਦੀ ਹੈ।

ਜਾਰੀ ਹੁਕਮ ਅਨੁਸਾਰ ਸੈਂਟਰਲ ਜੇਲ੍ਹ ਬਠਿੰਡਾ ਦੀ ਹਦੂਦ ਅੰਦਰ ਅਤੇ ਹਦੂਦ ਤੋਂ 500 ਮੀਟਰ ਤੱਕ ਏਰੀਏ ਚ ਡਰੋਨ ਕੈਮਰਾ ਚਲਾਉਣ/ਉਡਾਉਣ ਤੇ ਮੁਕੰਮਲ ਪਾਬੰਦੀ ਲਗਾਈ ਹੈ। ਇਸ ਤੋਂ ਇਲਾਵਾ ਜੇਲ੍ਹ ਦੇ 500 ਮੀਟਰ ਘੇਰੇ ਦੇ ਅੰਦਰ ਕਿਸੇ ਵੀ ਵਿਅਕਤੀ ਦੇ ਘੁੰਮਣ ਫ਼ਿਰਨ ਤੇ ਪਾਂਬਦੀ ਲਗਾਉਣ ਲਈ (ਸਿਵਾਏ ਮੇਨ ਰੋਡ) ਸ਼ਾਮ 8 ਤੋਂ ਸਵੇਰੇ 6 ਵਜੇ ਤੱਕ ਅਧੀਨ ਧਾਰਾ 163 ਲਗਾਈ ਗਈ ਹੈ। ਜ਼ਿਲ੍ਹੇ 'ਚ ਰੈਲੀਆਂ, ਮੀਟਿੰਗਾਂ ਅਤੇ ਧਰਨੇ ਆਦਿ ਵਿਚ ਹੋਣ ਵਾਲੀ ਹਰ ਪ੍ਰਕਾਰ ਦੀ ਭੜਕਾਊ ਬਿਆਨਬਾਜੀ/ਵਿਅਕਤੀ ਵਿਸ਼ੇਸ਼, ਧਰਮ, ਜਾਤ ਜਾਂ ਸਮਾਜ ਦੇ ਕਿਸੇ ਸਮੁਦਾਇ ਨੂੰ ਠੇਸ ਪਹੁੰਚਾਉਣ ਵਾਲੇ ਨਫ਼ਰਤੀ ਭਾਸ਼ਣ ਆਦਿ ਦੇਣ 'ਤੇ ਮੁਕੰਮਲ ਰੋਕ ਲਗਾਈ ਗਈ ਹੈ।

ਅਗਲੇ ਹੁਕਮਾਂ ਅਨੁਸਾਰ ਏਅਰ ਫ਼ੋਰਸ, ਭਿਸੀਆਣਾ ਹਵਾਈ ਅੱਡੇ ਦੇ ਬਾਹਰ 100 ਗਜ ਏਰੀਏ ਦੀ ਹਦੂਦ ਅੰਦਰ ਪੁਲਿਸ ਵੈਰੀਫਿਕੇਸ਼ਨ ਕਰਵਾਏ ਤੋਂ ਬਿਨਾਂ ਲੋਕਾਂ ਵਲੋਂ ਦੁਕਾਨਾਂ ਬਣਾਕੇ ਕਾਰੋਬਾਰ ਕਰਨ 'ਤੇ ਪਾਬੰਦੀ ਲਗਾਈ ਹੈ।

## ਸ੍ਰੀ ਅਨੰਦਪੁਰ ਸਾਹਿਬ ਨੂੰ ਵੱਡੀ ਸੌਗਾਤ, ਵਾਈਲਡ ਲਾਈਫ ਸੈਂਚੂਰੀ ਦਾ ਹੋਵੇਗਾ ਵਿਸਥਾਰ : ਹਰਜੋਤ ਸਿੰਘ ਬੈਂਸ

**ਸ੍ਰੀ ਆਨੰਦਪੁਰ ਸਾਹਿਬ, 9 ਜੂਨ**

ਸ੍ਰੀ ਅਨੰਦਪੁਰ ਸਾਹਿਬ ਦੇ ਇਲਾਕੇ ਲਈ ਇੱਕ ਵੱਡੀ ਖੁਸ਼ਖਬਰੀ ਸਾਹਮਣੇ ਆਈ ਹੈ। ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਐਲਾਨ ਕੀਤਾ ਹੈ ਕਿ ਸ੍ਰੀ ਅਨੰਦਪੁਰ ਸਾਹਿਬ ਤੋਂ ਲਗਭਗ 6 ਕਿਲੋਮੀਟਰ ਦੂਰ ਸਥਿਤ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਵਾਈਲਡ ਲਾਈਫ ਸੈਂਚੂਰੀ ਨੂੰ ਈਕੋ-ਟੂਰਿਜ਼ਮ ਪ੍ਰੋਜੈਕਟ ਅਧੀਨ ਨਵੀਂ ਪਛਾਣ ਦਿੱਤੀ ਜਾ ਰਹੀ ਹੈ। ਇਸ ਪ੍ਰੋਜੈਕਟ 'ਤੇ ਕੁੱਲ 5.36 ਕਰੋੜ ਰੁਪਏ ਦੀ ਲਾਗਤ ਆਏਗੀ, ਜਿਸ ਨਾਲ ਇਸ ਸੈਂਚੂਰੀ ਨੂੰ ਆਧੁਨਿਕ ਅਤੇ ਆਕਰਸ਼ਕ ਬਣਾਇਆ ਜਾਵੇਗਾ। ਇਹ ਕਦਮ ਨਾ ਸਿਰਫ਼ ਸੈਲਾਨੀਆਂ ਲਈ ਖਿੱਚ ਦਾ ਕੇਂਦਰ ਬਣੇਗਾ, ਸਗੋਂ ਪੰਜਾਬ ਦੇ ਵਾਤਾਵਰਣ ਸੁਰੱਖਿਆ ਉਪਰਾਲਿਆਂ ਨੂੰ ਵੀ ਮਜ਼ਬੂਤੀ ਦੇਵੇਗਾ।

ਇਸ ਪ੍ਰੋਜੈਕਟ ਤਹਿਤ ਕਈ ਨਵੀਆਂ ਅਤੇ ਵਿਸ਼ੇਸ਼ ਸਹੂਲਤਾਂ ਵਿਕਸਿਤ ਕੀਤੀਆਂ ਜਾਣਗੀਆਂ। ਖਾਸ ਤੌਰ 'ਤੇ ਲੀਓਪਾਰਡ ਸਫਾਰੀ ਦੀ ਸਥਾਪਨਾ ਕੀਤੀ ਜਾਵੇਗੀ, ਜੋ ਪੰਜਾਬ ਵਿੱਚ ਪਹਿਲੀ ਵਾਰ ਕਿਸੇ ਵਾਈਲਡ ਲਾਈਫ ਸੈਂਚੂਰੀ ਵਿੱਚ ਸ਼ੁਰੂ ਕੀਤੀ ਜਾ ਰਹੀ ਹੈ। ਇਸ ਦੇ ਨਾਲ ਹੀ ਵਾਚ ਟਾਵਰ ਅਤੇ ਨੇਚਰ ਟਰੇਲਸ ਵੀ ਬਣਾਏ ਜਾਣਗੇ, ਤਾਂ ਜੋ ਸੈਲਾਨੀ ਜੰਗਲੀ ਜੀਵਨ ਨੂੰ ਸੁਰੱਖਿਅਤ ਅਤੇ ਨੇੜੇ ਤੋਂ ਵੇਖ ਸਕਣ। ਇਹ ਸਹੂਲਤਾਂ ਪ੍ਰਾਕ੍ਰਿਤਿਕ ਸੁੰਦਰਤਾ ਦੇ ਦਰਸ਼ਨ ਨੂੰ ਹੋਰ ਵੀ ਰੁਚਿਕਰ ਅਤੇ ਯਾਦਗਾਰ ਬਣਾਉਣਗੀਆਂ।



ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਪ੍ਰੋਜੈਕਟ ਸ੍ਰੀ ਅਨੰਦਪੁਰ ਸਾਹਿਬ ਨੂੰ ਇੱਕ ਨਵਾਂ ਟੂਰਿਜ਼ਮ ਹੱਬ ਬਣਾਉਣ ਵੱਲ ਵੱਡਾ ਕਦਮ ਹੈ। ਉਨ੍ਹਾਂ ਦੱਸਿਆ ਕਿ ਮਾਤਾ ਨੈਣਾ ਦੇਵੀ ਮੰਦਰ ਜਾਣ ਵਾਲੇ ਰਸਤੇ 'ਤੇ ਸਥਿਤ ਇਹ ਸੈਂਚੂਰੀ ਪਹਿਲਾਂ ਹੀ ਭੂਗੋਲਿਕ ਤੌਰ 'ਤੇ ਮਹੱਤਵਪੂਰਨ ਹੈ ਅਤੇ ਹੁਣ ਇਸ ਦੇ ਵਿਕਾਸ ਨਾਲ ਇਹ ਸੈਲਾਨੀਆਂ ਲਈ ਹੋਰ ਵੀ ਆਕਰਸ਼ਕ ਬਣੇਗੀ। ਇਸ ਨਾਲ ਧਾਰਮਿਕ ਸੈਰ-ਸਪਾਟੇ ਦੇ ਨਾਲ-ਨਾਲ ਕੁਦਰਤੀ ਸੈਰ-ਸਪਾਟੇ ਨੂੰ ਵੀ ਉਤਸ਼ਾਹ ਮਿਲੇਗਾ।

ਇਸ ਯੋਜਨਾ ਨਾਲ ਸਥਾਨਕ ਲੋਕਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਵੀ ਪੈਦਾ ਹੋਣ ਦੀ ਸੰਭਾਵਨਾ ਹੈ। ਸੈਰ-ਸਪਾਟੇ ਵਿੱਚ ਵਾਧੇ ਨਾਲ ਹੋਟਲ, ਗਾਈਡ ਸੇਵਾਵਾਂ, ਟਰਾਂਸਪੋਰਟ ਅਤੇ ਹੋਰ ਸਬੰਧਤ ਖੇਤਰਾਂ ਵਿੱਚ ਕੰਮ ਦੇ ਮੌਕੇ ਵਧਣਗੇ। ਇਸ ਨਾਲ ਇਲਾਕੇ ਦੀ ਆਰਥਿਕਤਾ ਨੂੰ ਮਜ਼ਬੂਤੀ ਮਿਲੇਗੀ ਅਤੇ ਨੌਜਵਾਨਾਂ ਨੂੰ ਆਪਣੇ ਹੀ ਇਲਾਕੇ ਵਿੱਚ ਰੁਜ਼ਗਾਰ ਪ੍ਰਾਪਤ ਕਰਨ ਦੇ ਮੌਕੇ ਮਿਲਣਗੇ।

ਅੰਤ ਵਿੱਚ, ਇਹ ਈਕੋ-ਟੂਰਿਜ਼ਮ ਪ੍ਰੋਜੈਕਟ ਪੰਜਾਬ ਦੀ ਕੁਦਰਤੀ ਵਿਰਾਸਤ ਨੂੰ ਸੁਰੱਖਿਅਤ ਰੱਖਣ ਦੇ ਨਾਲ-ਨਾਲ ਉਸਨੂੰ ਉਜਾਗਰ ਕਰਨ ਵਿੱਚ ਵੀ ਮਦਦਗਾਰ ਸਾਬਤ ਹੋਵੇਗਾ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਵਾਈਲਡ ਲਾਈਫ ਸੈਂਚੂਰੀ ਦਾ ਇਹ ਨਵਾਂ ਰੂਪ ਸੂਬੇ ਦੇ ਟੂਰਿਜ਼ਮ ਨਕਸ਼ੇ 'ਤੇ ਇੱਕ ਮਹੱਤਵਪੂਰਨ ਸਥਾਨ ਬਣੇਗਾ ਅਤੇ ਆਉਣ ਵਾਲੇ ਸਮੇਂ ਵਿੱਚ ਦੇਸ਼-ਵਿਦੇਸ਼ ਤੋਂ ਸੈਲਾਨੀਆਂ ਨੂੰ ਆਪਣੀ ਵੱਲ ਆਕਰਸ਼ਿਤ ਕਰੇਗੀ।

## ਪਾਵਰਕਾਮ ਐਂਡ ਟਰਾਂਸਕੋ ਪੈਨਸ਼ਨਰਜ ਯੂਨੀਅਨ ਮੰਡਲ ਸੁਨਾਮ ਨੇ ਮਹੀਨਾਵਾਰ ਮੀਟਿੰਗ ਆਯੋਜਿਤ



**ਸੁਨਾਮ, 9 ਜੂਨ**
**-ਗੁਰਤੇਜ ਅਤਲਾ-**

ਪਾਵਰਕਾਮ ਐਂਡ ਟਰਾਂਸਕੋ ਪੈਨਸ਼ਨਰਜ ਯੂਨੀਅਨ ਮੰਡਲ ਸੁਨਾਮ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਸਾਥੀ ਸੁਰਿੰਦਰ ਸਿੰਘ ਸੁਨਾਮ ਦੀ ਪ੍ਰਧਾਨਗੀ ਹੇਠ ਹੋਈ ਅਤੇ ਵਿਛੜੇ ਸਾਥੀਆਂ ਨੂੰ ਸਰਧਾਂਜਲੀ ਦੇਣ ਉਪਰੰਤ ਮੀਟਿੰਗ ਵਿੱਚ ਜਿੱਥੇ ਪੈਨਸ਼ਨਰ ਸਾਥੀਆਂ ਦੀਆਂ ਮੰਗਾਂ, ਮੁਸ਼ਕਿਲਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ, ਉੱਥੇ ਹੀ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੀ ਜੰਮ ਕੇ ਨਿਖੇਧੀ ਕੀਤੀ ਗਈ। ਇਸ ਮੀਟਿੰਗ ਦੌਰਾਨ ਬੀਤੇ ਦਿਨੀਂ ਪਟਿਆਲਾ ਵਿਖੇ ਸ਼ਾਂਤਮਈ ਢੰਗ ਨਾਲ ਸੰਘਰਸ਼ ਕਰ ਰਹੇ ਅਪਰੈਂਟਿਸ ਸਾਥੀਆਂ ਉੱਤੇ ਅੰਨੇਵਾਹ ਕੀਤੇ ਤਸ਼ੱਦਦ ਦਾ ਜਥੇਬੰਦੀ ਵੱਲੋਂ ਸ਼ਖਤ ਨੋਟਿਸ ਲਿਆ ਗਿਆ ਅਤੇ ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਦੀ ਅਰਥੀ ਸਾੜੀ ਗਈ। ਇਸ ਮੌਕੇ ਸੰਬੋਧਨ ਕਰਦੇ ਹੋਏ ਸੂਬਾ ਆਗੂ ਸਾਥੀ ਜਗਦੇਵ ਸਿੰਘ ਬਾਹੀਆ ਨੇ ਸਾਥੀਆਂ ਨੂੰ ਆਉਣ ਵਾਲੇ ਤਕੜੇ ਸੰਘਰਸ਼ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ। ਇਸ ਦੌਰਾਨ ਸਾਥੀਆਂ ਨੇ ਮੰਗ ਕੀਤੀ ਕਿ ਮਨੁੱਖੀ ਅਧਿਕਾਰ ਕਮਿਸ਼ਨ ਇਸਦਾ ਗੰਭੀਰ ਨੋਟਿਸ ਲਏ ਅਤੇ ਤਸੱਦਦ ਕਰਨ ਵਾਲੇ ਅਧਿਕਾਰੀਆਂ ਤੇ ਕੇਸ ਦਰਜ ਕੀਤਾ ਜਾਵੇ, ਕਰਮਚਾਰੀਆਂ, ਪੈਨਸ਼ਨਰਾਂ ਦਾ ਡੀ ਏ, ਏਰੀਅਰ ਤਰੁੰਤ ਜਾਰੀ ਕੀਤਾ ਜਾਵੇ, ਸਰਕਾਰ ਵੱਲੋਂ ਥੋਪਿਆ ਜਜੀਆ ਟੈਕਸ ਭਾਵ ਡਿਵੈਲਪਮੈਂਟ ਟੈਕਸ ਬੰਦ ਕੀਤਾ ਜਾਵੇ, 2.59 ਦਾ ਫਾਰਮੂਲਾ, 23 ਸਾਲਾ ਸਾਰੇ ਪੈਨਸ਼ਨਰਾਂ ਤੇ ਲਾਗੂ ਕੀਤਾ ਜਾਵੇ। ਇਸ ਮੌਕੇ ਸਾਥੀ ਤੇਜਿੰਦਰ ਸਿੰਘ, ਪ੍ਰਿਤਪਾਲ ਸਿੰਘ ਮਹਿਰੋਕ, ਬਰਖਾ ਸਿੰਘ, ਮਹਿੰਦਰ ਸਿੰਘ, ਸਰਕਲ ਆਗੂ ਕਰਨੈਲ ਸਿੰਘ ਦਿੜ੍ਹਬਾ, ਕਰਮਚੰਦ ਮਾਰਕੰਡਾ ਨੇ ਸੰਬੋਧਨ ਕਰਦਿਆਂ 14 ਜੂਨ 2026 ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਦੀ ਰਿਹਾਇਸ਼ ਤੇ ਕੀਤੇ ਜਾ ਰਹੇ ਮੁਜਾਹਰੇ ਵਿੱਚ ਵੱਡੀ ਗਿਣਤੀ ਵਿੱਚ ਪਹੁੰਚਣ ਦਾ ਸੱਦਾ ਦਿੱਤਾ ਅਤੇ ਬਿਜਲੀ ਮੁਲਾਜ਼ਮਾਂ ਵੱਲੋਂ 16 ਅਤੇ 17 ਜੂਨ ਨੂੰ ਕੀਤੀ ਜਾ ਰਹੀ ਹੜਤਾਲ ਦਾ ਸਮਰਥਨ ਕਰਦਿਆਂ ਪੈਨਸ਼ਨਰਾਂ ਨੂੰ ਜੇਲ੍ਹ ਭਰਨ ਅਤੇ ਗ੍ਰਿਫ਼ਤਾਰੀਆਂ ਲਈ ਆਪਣੇ ਆਪ ਨੂੰ ਪੇਸ਼ ਕਰਨ ਦਾ ਵੀ ਸੱਦਾ ਦਿੱਤਾ।

## ਪੰਜਾਬ ਭਾਜਪਾ ਦੇ ਖਜ਼ਾਨਚੀ ਗੁਰਦੇਵ ਸ਼ਰਮਾ ਦੇਬੀ ਨੇ ਕੇਵਲ ਸਿੰਘ ਢਿੱਲੋਂ ਨੂੰ ਦਿੱਤੀ ਵਧਾਈ



**ਲੁਧਿਆਣਾ, 9 ਜੂਨ**
**ਲਛਮਣ ਜੀਤ ਸਿੰਘ ਪੂਰਬਾ**

ਪੰਜਾਬ ਭਾਜਪਾ ਦੇ ਖਜ਼ਾਨਚੀ ਗੁਰਦੇਵ ਸ਼ਰਮਾ ਦੇਬੀ ਨੇ ਨਵ-ਨਿਯੁਕਤ ਪ੍ਰਦੇਸ਼ ਪ੍ਰਧਾਨ ਕੇਵਲ ਸਿੰਘ ਢਿੱਲੋਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਸੰਭਾਲਣ ਲਈ ਵਧਾਈ ਦਿੱਤੀ। ਮੀਟਿੰਗ ਦੌਰਾਨ ਪਾਰਟੀ ਦੇ ਸੰਗਠਨਾਤਮਕ ਢਾਂਚੇ ਨੂੰ ਬੂਥ ਪੱਧਰ ਤੱਕ ਹੋਰ ਮਜ਼ਬੂਤ ਕਰਨ, ਜਨਸੰਪਰਕ ਮੁਹਿੰਮਾਂ ਨੂੰ ਤੇਜ਼ ਕਰਨ ਅਤੇ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ ਗਈ। ਦੇਬੀ ਨੇ ਲੁਧਿਆਣਾ ਸੈਂਟਰਲ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ, ਜਦਕਿ ਢਿੱਲੋਂ ਨੇ ਵਰਕਰਾਂ ਦੀ ਮਿਹਨਤ ਦੀ ਸ਼ਲਾਘਾ ਕਰਦਿਆਂ ਨੌਜਵਾਨਾਂ ਅਤੇ ਵਪਾਰੀ ਵਰਗ ਤੱਕ ਪਾਰਟੀ ਦੀਆਂ ਨੀਤੀਆਂ ਪਹੁੰਚਾਉਣ 'ਤੇ ਜ਼ੋਰ ਦਿੱਤਾ।



# ਸਾਡਾ ਹਰਿਆਣਾ



## ਮੁੱਖ ਮੰਤਰੀ ਸੈਣੀ ਨੇ ਨਾਰਨੌਲ ਵਿੱਚ 'ਨਮੋ ਕਮਲ' ਦਾ ਕੀਤਾ ਉਦਘਾਟਨ; ਕਿਹਾ, ਨਾਰਨੌਲ ਅਤੇ ਮਹਿੰਦਰਗੜ੍ਹ ਖੇਤਰ ਵਿੱਚ ਸੜਕ ਸੰਪਰਕ ਵਿਵਸਥਾ ਨੂੰ ਮਜ਼ਬੂਤ ਕੀਤਾ ਜਾ ਰਿਹੈ

### ਸੱਤਾ ਸਾਡੇ ਲਈ ਸੁਖ ਭੋਗਣ ਦਾ ਸਾਧਨ ਨਹੀਂ, ਸਗੋਂ ਸੇਵਾ ਦਾ ਮਾਧਿਅਮ ਹੈ : ਨਾਇਬ ਸਿੰਘ ਸੈਣੀ

**ਚੰਡੀਗੜ੍ਹ, 9 ਜੂਨ/ -ਪੱਤਰ ਪ੍ਰੇਰਕ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੱਤਾ ਸਾਡੇ ਲਈ ਸੁਖ ਭੋਗਣ ਦਾ ਸਾਧਨ ਨਹੀਂ, ਸਗੋਂ ਸੇਵਾ ਦਾ ਮਾਧਿਅਮ ਹੈ। ਪਿਛਲੀਆਂ ਸਰਕਾਰਾਂ ਵੱਲੋਂ ਦੱਖਣੀ ਹਰਿਆਣਾ ਨਾਲ ਕੀਤੇ ਗਏ ਵਿਤਕਰੇ ਨੂੰ ਮੌਜੂਦਾ ਸਰਕਾਰ ਨੇ ਖ਼ਤਮ ਕੀਤਾ ਹੈ। ਰਾਜ ਸਰਕਾਰ ਨੇ ਵਿਕਾਸ ਕਾਰਜਾਂ ਵਿੱਚ ਖੇਤਰੀ ਅਸਮਾਨਤਾ ਨੂੰ ਦੂਰ ਕਰਦੇ ਹੋਏ 'ਹਰਿਆਣਾ ਏਕ-ਹਰਿਆਣਵੀ ਏਕ' ਦੀ ਭਾਵਨਾ ਨੂੰ ਵਿਹਾਰਕ ਰੂਪ ਵਿੱਚ ਲਾਗੂ ਕੀਤਾ ਹੈ।

ਮੁੱਖ ਮੰਤਰੀ ਨਾਰਨੌਲ ਵਿੱਚ ਭਾਜਪਾ ਦੇ ਜ਼ਿਲ੍ਹਾ ਦਫ਼ਤਰ ਦੇ ਉਦਘਾਟਨ ਸਮਾਰੋਹ ਦੌਰਾਨ ਜਨਸਭਾ ਨੂੰ ਸੰਬੋਧਿਤ ਕਰ ਰਹੇ ਸਨ। ਇਸ ਤੋਂ ਪਹਿਲਾਂ ਉਨ੍ਹਾਂ ਨੇ ਪਾਰਟੀ ਦਾ ਝੰਡਾ ਲਹਿਰਾਇਆ ਅਤੇ ਹਵਨ ਯੱਗ ਵਿੱਚ ਆਹੂਤੀ ਦਿੱਤੀ। ਸਮਾਰੋਹ ਦੀ ਅਗਵਾਈ ਭਾਜਪਾ ਪ੍ਰਦੇਸ਼ ਪ੍ਰਧਾਨ ਡਾ. ਅਰਚਨਾ ਗੁਪਤਾ ਨੇ ਕੀਤੀ।

ਆਪਣੇ ਸੰਬੋਧਨ ਵਿੱਚ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਚਯਵਨ ਰਿਸ਼ੀ ਦੀ ਤਪੋਭੂਮੀ ਨੂੰ ਨਮਨ ਕਰਦੇ ਹੋਏ ਕਿਹਾ ਕਿ ਇਹ ਉਹੀ ਧਰਤੀ ਹੈ ਜਿਸ ਨੇ ਦੇਸ਼ ਦੀਆਂ ਸਰਹੱਦਾਂ ਦੀ ਰੱਖਿਆ ਲਈ ਸਮੇਂ-ਸਮੇਂ 'ਤੇ ਆਪਣੇ ਵੀਰ ਸਪੂਤਾਂ ਦਾ ਸਰਵਉੱਚ ਬਲੀਦਾਨ ਦਿੱਤਾ ਹੈ। ਮਹਿੰਦਰਗੜ੍ਹ ਦੇ ਵਿਕਾਸ 'ਤੇ ਬੋਲਦੇ ਹੋਏ ਉਨ੍ਹਾਂ ਕਿਹਾ ਕਿ ਨਾਰਨੌਲ ਅਤੇ ਮਹਿੰਦਰਗੜ੍ਹ ਖੇਤਰ ਵਿੱਚ ਸੜਕ ਸੰਪਰਕ ਵਿਵਸਥਾ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਖੇਤਰ ਵਿੱਚ ਲੌਜਿਸਟਿਕ ਹੱਬ ਸਮੇਤ ਕਈ ਵਿਕਾਸ ਪ੍ਰੋਜੈਕਟਾਂ 'ਤੇ ਕੰਮ ਚੱਲ ਰਿਹਾ ਹੈ, ਜਿਸ ਨਾਲ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਅਵਸਰ ਪੈਦਾ ਹੋਣਗੇ। ਇਸ ਦੇ ਨਾਲ ਹੀ ਲੰਬੇ ਸਮੇਂ ਤੋਂ ਬਣੀ ਹੋਈ ਪਾਣੀ ਦੀ ਸਮੱਸਿਆ ਦੇ ਹੱਲ ਲਈ ਨਹਿਰਾਂ ਦੇ ਆਖਰੀ ਟੇਲ ਤੱਕ ਪਾਣੀ ਪਹੁੰਚਾਉਣ ਦੇ ਯਤਨ ਕੀਤੇ ਗਏ ਹਨ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪਾਰਟੀ ਵਰਕਰਾਂ ਦੇ ਸੰਘਰਸ਼ ਦਾ ਵਰਨਣ ਕਰਦੇ ਹੋਏ ਕਿਹਾ ਕਿ ਨਵੇਂ ਸੰਗਠਨਾਤਮਕ ਕੇਂਦਰ ਦਾ ਉਦਘਾਟਨ ਉਨ੍ਹਾਂ ਲਈ ਮਾਣ ਅਤੇ ਪ੍ਰਸੰਨਤਾ ਦਾ ਵਿਸ਼ਾ ਹੈ। ਉਨ੍ਹਾਂ ਨੇ ਮਹਿੰਦਰਗੜ੍ਹ ਜ਼ਿਲ੍ਹੇ ਦੇ ਸਾਰੇ ਵਰਕਰਾਂ ਨੂੰ ਨਵੇਂ ਜ਼ਿਲ੍ਹਾ ਦਫ਼ਤਰ ਦੀ ਸਥਾਪਨਾ 'ਤੇ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਮੁੱਖ ਮੰਤਰੀ ਨੇ ਕਿਹਾ ਕਿ ਰਾਜਨੀਤਿਕ ਪਾਰਟੀਆਂ ਲਈ ਦਫ਼ਤਰ ਸਿਰਫ਼ ਇੱਟ, ਪੱਥਰ, ਸੀਮੈਂਟ ਅਤੇ ਗਾਰੇ ਨਾਲ ਬਣੀਆਂ ਇਮਾਰਤਾਂ ਨਹੀਂ ਹੁੰਦੇ, ਸਗੋਂ ਸੰਗਠਨ ਦੀ ਆਤਮਾ ਅਤੇ ਵਰਕਰਾਂ ਦੀ ਊਰਜਾ ਦੇ ਕੇਂਦਰ ਹੁੰਦੇ ਹਨ। ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੇ ਵਰਕਰਾਂ ਲਈ ਦਫ਼ਤਰ ਇੱਕ ਪਵਿੱਤਰ ਸੰਗਠਨ ਮੰਦਰ ਹੈ, ਜਿੱਥੋਂ ਰਾਸ਼ਟਰ ਸੇਵਾ ਦਾ ਸੰਕਲਪ ਲਿਆ ਜਾਂਦਾ ਹੈ ਅਤੇ ਸਮਾਜ ਦੇ ਆਖਰੀ ਪਾਏਦਾਨ 'ਤੇ ਖੜ੍ਹੇ ਵਿਅਕਤੀ ਤੱਕ ਵਿਕਾਸ ਅਤੇ ਕਲਿਆਣ ਦੀਆਂ ਯੋਜਨਾਵਾਂ ਪਹੁੰਚਾਉਣ ਦੀ ਦਿਸ਼ਾ ਵਿੱਚ ਕੰਮ ਕੀਤਾ ਜਾਂਦਾ ਹੈ।

ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਦਾ ਸੰਗਠਨਾਤਮਕ ਢਾਂਚਾ ਹੋਰ ਰਾਜਨੀਤਿਕ ਪਾਰਟੀਆਂ ਨਾਲੋਂ ਵੱਖਰਾ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਪਾਰਟੀਆਂ ਵਿੱਚ ਪਰਿਵਾਰਵਾਦ ਅਤੇ ਵੰਸ਼ਵਾਦ ਦੀ ਰਾਜਨੀਤੀ ਹਾਵੀ ਹੁੰਦੀ ਹੈ, ਉੱਥੇ ਸੰਗਠਨ ਕੁਝ ਲੋਕਾਂ ਤੱਕ ਹੀ ਸੀਮਤ ਰਹਿ ਜਾਂਦਾ ਹੈ, ਜਦੋਂ ਕਿ ਭਾਜਪਾ ਵਿੱਚ ਇੱਕ ਆਮ ਵਰਕਰ ਵੀ ਆਪਣੀ ਮਿਹਨਤ, ਸਮਰਪਣ ਅਤੇ ਪ੍ਰਤਿਭਾ ਦੇ ਬਲ 'ਤੇ ਲੀਡਰਸ਼ਿਪ ਦੀਆਂ ਸਰਵਉੱਚ ਜ਼ਿੰਮੇਵਾਰੀਆਂ ਨਿਭਾਉਣ ਤੱਕ ਪਹੁੰਚ ਸਕਦਾ ਹੈ। ਉਨ੍ਹਾਂ ਕਿਹਾ ਕਿ ਇਹੀ ਭਾਰਤੀ ਜਨਤਾ ਪਾਰਟੀ ਦੀ ਸਭ ਤੋਂ ਵੱਡੀ ਵਿਸ਼ੇਸ਼ਤਾ ਹੈ। ਸਾਲ 1980 ਵਿੱਚ ਇੱਕ ਮਜ਼ਬੂਤ, ਖੁਸ਼ਹਾਲ ਅਤੇ ਸ਼ਕਤੀਸ਼ਾਲੀ ਭਾਰਤ ਦੇ ਨਿਰਮਾਣ ਦੇ ਉਦੇਸ਼ ਨਾਲ ਭਾਰਤੀ ਜਨਤਾ ਪਾਰਟੀ ਦੀ ਸਥਾਪਨਾ ਕੀਤੀ ਗਈ ਸੀ। ਭਾਰਤ ਰਤਨ ਸਵਰਗੀ ਸ਼੍ਰੀ ਅਟਲ ਬਿਹਾਰੀ ਵਾਜਪਾਈ ਤੋਂ ਲੈ ਕੇ ਮੌਜੂਦਾ ਰਾਸ਼ਟਰੀ ਪ੍ਰਧਾਨ ਸ਼੍ਰੀ ਨਿਤਿਨ ਨਬੀਨ ਤੱਕ ਸੰਗਠਨ ਨੇ ਨਿਰੰਤਰ ਵਿਸਥਾਰ ਪ੍ਰਾਪਤ ਕੀਤਾ ਹੈ। ਉਨ੍ਹਾਂ ਕਿਹਾ ਕਿ ਵਰਕਰਾਂ ਦੀ ਮਿਹਨਤ ਅਤੇ ਸਮਰਪਣ ਦੇ ਬਲ 'ਤੇ ਅੱਜ ਭਾਜਪਾ 14 ਕਰੋੜ ਤੋਂ ਵੱਧ ਮੈਂਬਰਾਂ ਨਾਲ ਵਿਸ਼ਵ ਦੀ ਸਭ ਤੋਂ ਵੱਡੀ ਲੋਕਤੰਤਰਿਕ ਰਾਜਨੀਤਿਕ ਪਾਰਟੀ ਬਣ ਚੁੱਕੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਾਲ 1984 ਵਿੱਚ ਸਿਰਫ਼ ਦੋ ਸੀਟਾਂ ਨਾਲ ਆਪਣੀ ਯਾਤਰਾ ਸ਼ੁਰੂ ਕਰਨ ਵਾਲੀ ਭਾਰਤੀ ਜਨਤਾ ਪਾਰਟੀ ਨੇ ਅੱਜ ਦੇਸ਼ ਭਰ ਵਿੱਚ ਬੇਮਿਸਾਲ ਜਨਸਮਰਥਨ ਹਾਸਲ ਕੀਤਾ ਹੈ। ਉਨ੍ਹਾਂ ਕਿਹਾ ਕਿ ਪਿਛਲੇ 12 ਸਾਲਾਂ ਤੋਂ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਦੇਸ਼ ਨਿਰੰਤਰ ਵਿਕਾਸ ਅਤੇ ਜਨ-ਕਲਿਆਣ ਦੀ ਦਿਸ਼ਾ ਵਿੱਚ ਅੱਗੇ ਵਧ ਰਿਹਾ ਹੈ। ਇਹ ਪ੍ਰਾਪਤੀ ਵਰਕਰਾਂ ਦੀ ਅਣਥੱਕ ਮਿਹਨਤ ਅਤੇ ਜਨਤਾ ਦੇ ਵਿਸ਼ਵਾਸ ਦਾ ਨਤੀਜਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਜ਼ਿਲ੍ਹਾ ਦਫ਼ਤਰ ਆਮ ਜਨਤਾ ਦੀਆਂ ਉਮੀਦਾਂ ਅਤੇ ਉਮੀਦਾਂ ਦਾ ਕੇਂਦਰ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕੋਈ ਵੀ ਗਰੀਬ, ਕਿਸਾਨ, ਨੌਜਵਾਨ ਜਾਂ ਲੋੜਵੰਦ ਵਿਅਕਤੀ ਜਦੋਂ ਦਫ਼ਤਰ ਵਿੱਚ ਆਵੇ ਤਾਂ ਉਸ ਨੂੰ ਇਹ ਵਿਸ਼ਵਾਸ ਹੋਣਾ ਚਾਹੀਦਾ ਹੈ ਕਿ ਉਸ ਦੀ ਗੱਲ ਸੁਣੀ ਜਾਵੇਗੀ ਅਤੇ ਉਸ ਦੀ ਸਮੱਸਿਆ ਦੇ ਹੱਲ ਲਈ ਗੰਭੀਰ ਯਤਨ ਕੀਤੇ ਜਾਣਗੇ। ਇਹੀ ਸੰਗਠਨ ਦੀ ਕਾਰਜ ਸੰਸਕ੍ਰਿਤੀ ਅਤੇ ਪਛਾਣ ਹੈ। ਉਨ੍ਹਾਂ ਨੇ ਸਾਰੇ ਵਰਕਰਾਂ ਨੂੰ ਪੂਰੀ ਨਿਸ਼ਠਾ, ਇਮਾਨਦਾਰੀ ਅਤੇ ਸਮਰਪਣ ਨਾਲ ਹਰਿਆਣਾ ਨੂੰ ਦੇਸ਼ ਦਾ ਮੋਹਰੀ ਅਤੇ ਸਭ ਤੋਂ ਵੱਧ ਵਿਕਸਤ ਰਾਜ ਬਣਾਉਣ ਲਈ ਕੰਮ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਵਿਕਸਤ ਭਾਰਤ ਦੇ ਸੰਕਲਪ ਨੂੰ ਸਾਕਾਰ ਕਰਨ ਵਿੱਚ ਹਰਿਆਣਾ ਆਪਣੀ ਮਹੱਤਵਪੂਰਨ ਭੂਮਿਕਾ ਨਿਭਾਏਗਾ। ਉਦਘਾਟਨ ਸਮਾਰੋਹ ਵਿੱਚ ਸੰਬੋਧਿਤ ਕਰਦੇ ਹੋਏ ਹਰਿਆਣਾ ਭਾਜਪਾ ਪ੍ਰਧਾਨ ਡਾ. ਅਰਚਨਾ ਗੁਪਤਾ ਨੇ ਕਿਹਾ ਕਿ ਇਹ ਦਫ਼ਤਰ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਮਾਰਗਦਰਸ਼ਨ ਵਿੱਚ ਅੰਤੋਦੇਯ ਦੀ ਭਾਵਨਾ ਨਾਲ ਕੰਮ ਕਰਦੇ ਹੋਏ ਹਰੇਕ ਹਰਿਆਣਵੀ ਤੱਕ ਸਰਕਾਰ ਦੀਆਂ ਯੋਜਨਾਵਾਂ ਨੂੰ ਪਹੁੰਚਾਉਣ ਦਾ ਕੰਮ ਕਰੇਗਾ। ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਕਿਹਾ ਕਿ ਮੁੱਖ ਮੰਤਰੀ ਨੇ ਵਿਕਾਸ ਦੇ ਨਵੇਂ ਆਯਾਮ ਸਥਾਪਿਤ ਕੀਤੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਦੀ ਪ੍ਰਦੇਸ਼ ਪ੍ਰਧਾਨ ਡਾ. ਅਰਚਨਾ ਗੁਪਤਾ ਔਰਤਾਂ ਲਈ ਪ੍ਰੇਰਨਾ ਦਾ ਸਰੋਤ ਹੈ। ਉਨ੍ਹਾਂ ਕਿਹਾ ਕਿ ਭਾਜਪਾ ਸੱਤਾ ਲਈ ਨਹੀਂ ਸਗੋਂ ਸੇਵਾ ਵਿੱਚ ਰਾਸ਼ਟਰ ਨਿਰਮਾਣ ਲਈ ਕੰਮ ਕਰਦੀ ਹੈ। ਅਹੀਰਵਾਲ ਦੀ ਇਸ ਧਰਤੀ ਨੇ ਹਮੇਸ਼ਾ ਇੰਕਲਾਬ ਦੀ ਆਵਾਜ਼ ਨੂੰ ਬੁਲੰਦ ਕਰਨ ਦਾ ਕੰਮ ਕੀਤਾ ਹੈ। ਇਸ ਨੂੰ 'ਲੈਂਡ ਆਫ਼ ਸੋਲਜਰ' ਕਿਹਾ ਜਾਂਦਾ ਹੈ। ਇਹ ਸ਼ਹੀਦਾਂ ਦੀ ਧਰਤੀ ਹੈ।

ਉਦਘਾਟਨ ਸਮਾਰੋਹ ਵਿੱਚ ਪਹੁੰਚਣ 'ਤੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਯਤੇਂਦਰ ਰਾਓ ਨੇ ਸਾਰੇ ਮਹਿਮਾਨਾਂ ਦਾ ਸਵਾਗਤ ਕੀਤਾ। ਇਸ ਦੌਰਾਨ ਸੰਸਦ ਮੈਂਬਰ ਚੌਧਰੀ ਧਰਮਬੀਰ ਸਿੰਘ, ਪ੍ਰਦੇਸ਼ ਦੇ ਜਨਰਲ ਸਕੱਤਰ ਸ੍ਰੀ ਸੁਰਿੰਦਰ ਪੂਨੀਆ, ਵਿਧਾਇਕ ਸ੍ਰੀ ਓਮ ਪ੍ਰਕਾਸ਼ ਯਾਦਵ, ਬਾਵਲ ਦੇ ਵਿਧਾਇਕ ਸ੍ਰੀ ਅਨਿਲ ਯਾਦਵ, ਵਿਧਾਇਕ ਸ੍ਰੀ ਕੰਵਰ ਸਿੰਘ ਯਾਦਵ, ਪੂਰਵ ਮੰਤਰੀ ਡਾ. ਬਨਵਾਰੀ ਲਾਲ, ਸਾਬਕਾ ਮੰਤਰੀ ਸ੍ਰੀ ਅਭੈ ਸਿੰਘ ਯਾਦਵ, ਸਾਬਕਾ ਵਿਧਾਇਕ ਸ੍ਰੀ ਸੀਤਾਰਾਮ, ਸ੍ਰੀ ਰਾਓ ਬਹਾਦੁਰ ਸਿੰਘ ਸਮੇਤ ਕਈ ਸੀਨੀਅਰ ਆਗੂ ਅਤੇ ਮਾਣਯੋਗ ਵਿਅਕਤੀ ਮੌਜੂਦ ਸਨ।





## ਮੁੱਖ ਮੰਤਰੀ ਨੇ ਪੰਚਕੂਲਾ ਵਿੱਚ ਰਾਜ ਪੱਧਰੀ ਸਸ਼ਕਤ ਪੰਚਾਇਤ ਸਮਾਰੋਹ ਵਿੱਚ ਵੱਖ-ਵੱਖ ਯੋਜਨਾਵਾਂ ਤਹਿਤ 2,697 ਕਰੋੜ ਰੁਪਏ ਤੋਂ ਵੱਧ ਦੀ ਰਕਮ ਜਾਰੀ ਕੀਤੀ

**ਚੰਡੀਗੜ੍ਹ, 9 ਜੂਨ**
**-ਸੰਜੀਵ ਸ਼ਰਮਾ-**



ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪੇਂਡੂਆਂ ਨੂੰ ਵੱਡੀ ਰਾਹਤ ਦਿੰਦੇ ਹੋਏ ਐਲਾਨ ਕੀਤਾ ਹੈ ਕਿ ਜੋ ਪਰਿਵਾਰ ਪਿੰਡ ਦੀ ਸ਼ਾਮਲਾਤ ਜ਼ਮੀਨ 'ਤੇ ਪਿਛਲੇ 20 ਸਾਲਾਂ ਤੋਂ ਮਕਾਨ ਬਣਾ ਕੇ ਰਹਿ ਰਹੇ ਹਨ, ਅਜਿਹੇ ਪਰਿਵਾਰ ਮਾਲਕੀ ਹੱਕ ਲਈ ਨਿਯਮਾਂ ਅਨੁਸਾਰ ਹੁਣ 16 ਜਨਵਰੀ 2027 ਤੱਕ ਆਪਣੀਆਂ ਅਰਜ਼ੀਆਂ ਦੇ ਸਕਦੇ ਹਨ। ਉਨ੍ਹਾਂ ਨੇ ਕਿਹਾ ਕਿ ਅਜਿਹੇ ਪਰਿਵਾਰਾਂ ਤੋਂ ਸਾਲ 2004 ਦੀ ਕਲੈਕਟਰ ਦਰ ਦੇ ਡੇਢ ਗੁਣਾ ਅਨੁਸਾਰ ਜ਼ਮੀਨ ਖਰੀਦ ਦੀ ਰਕਮ ਜਮ੍ਹਾਂ ਕਰਵਾਈ ਜਾਵੇਗੀ। ਦਸਤਾਵੇਜ਼ੀ ਮੁਸ਼ਕਿਲਾਂ ਕਾਰਨ ਕਈ ਯੋਗ ਲੋਕ ਅਪਲਾਈ ਨਹੀਂ ਕਰ ਸਕੇ ਸਨ, ਅਜਿਹੇ ਵਿੱਚ ਸਰਕਾਰ ਨੇ ਉਨ੍ਹਾਂ ਨੂੰ ਰਾਹਤ ਦਿੱਤੀ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਐਲਾਨ ਕੀਤਾ ਹੈ ਕਿ ਪੇਂਡੂ ਖੇਤਰਾਂ ਵਿੱਚ ਕੂੜਾ ਪ੍ਰਬੰਧਨ ਨੂੰ ਮਜ਼ਬੂਤ ਬਣਾਉਣ ਲਈ ਟ੍ਰੈਕਟਰ-ਟਰਾਲੀ, ਚਾਲਕ (ਡਰਾਈਵਰ) ਅਤੇ ਕੂੜਾ ਇਕੱਠਾ ਕਰਨ ਵਾਲੇ ਕਰਮਚਾਰੀ ਉਪਲਬਧ ਕਰਵਾਏ ਜਾਣਗੇ। ਇਹ ਟ੍ਰੈਕਟਰ ਈ-ਵ੍ਹੀਕਲ ਹੋਣਗੇ। ਇਸ ਤੋਂ ਇਲਾਵਾ ਵੇਸਟ-ਟੂ-ਐਨਰਜੀ ਪ੍ਰੋਜੈਕਟਾਂ 'ਤੇ ਵੀ ਸਰਕਾਰ ਕੰਮ ਕਰ ਰਹੀ ਹੈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਮੰਗਲਵਾਰ ਨੂੰ ਪੰਚਕੂਲਾ ਦੇ ਇੰਦਰਧਨੁਸ਼ ਆਡੀਟੋਰੀਅਮ ਵਿੱਚ ਆਯੋਜਿਤ ਰਾਜ ਪੱਧਰੀ ਸਸ਼ਕਤ ਪੰਚਾਇਤ ਸਮਾਰੋਹ ਨੂੰ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਨੇ 17 ਜ਼ਿਲ੍ਹਿਆਂ ਦੇ 179 ਪਿੰਡਾਂ ਦੀਆਂ ਫਿਰਨੀਆਂ 'ਤੇ ਐਲ.ਈ.ਡੀ. ਸਟ੍ਰੀਟ ਲਾਈਟਾਂ ਦਾ ਉਦਘਾਟਨ ਵੀ ਕੀਤਾ, ਜਿਨ੍ਹਾਂ 'ਤੇ 23 ਕਰੋੜ 21 ਲੱਖ ਰੁਪਏ ਦੀ ਲਾਗਤ ਆਈ ਹੈ। ਨਾਲ ਹੀ 17 ਜ਼ਿਲ੍ਹਿਆਂ ਵਿੱਚ 44 ਕਰੋੜ ਰੁਪਏ ਦੀ ਲਾਗਤ ਨਾਲ ਬਣੀਆਂ 350 ਅਟਲ ਲਾਇਬ੍ਰੇਰੀਆਂ ਦਾ ਵੀ ਲੋਕ ਅਰਪਣ ਕੀਤਾ। ਉਨ੍ਹਾਂ ਨੇ ਗ੍ਰਾਮ ਵਿਕਾਸ ਲਈ ਪੰਚਾਇਤੀ ਰਾਜ ਸੰਸਥਾਵਾਂ ਨੂੰ ਵਿਕਾਸ ਕਾਰਜਾਂ ਲਈ 1 ਹਜ਼ਾਰ 56 ਕਰੋੜ 75 ਲੱਖ ਰੁਪਏ ਸਿੱਧੇ ਉਨ੍ਹਾਂ ਦੇ ਖਾਤਿਆਂ ਵਿੱਚ ਵੀ ਟ੍ਰਾਂਸਫਰ ਕੀਤੇ।

ਇਸ ਮੌਕੇ 'ਤੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਜਾਗ੍ਰਿਤ ਗ੍ਰਾਮ ਪੁਰਸਕਾਰਾਂ ਤਹਿਤ ਸੂਬੇ ਦੀਆਂ 6 ਗ੍ਰਾਮ ਪੰਚਾਇਤਾਂ ਨੂੰ ਵਿਕਾਸ, ਸਵੱਛਤਾ ਅਤੇ ਸੁਸ਼ਾਸਨ ਦੇ ਨਵੇਂ ਮਾਪਦੰਡ ਸਥਾਪਿਤ ਕਰਨ ਲਈ ਸਨਮਾਨਿਤ ਕੀਤਾ ਅਤੇ ਉਨ੍ਹਾਂ ਨੂੰ 1 ਕਰੋੜ 66 ਲੱਖ ਰੁਪਏ ਦੀ ਪੁਰਸਕਾਰ ਰਕਮ ਦਿੱਤੀ ਗਈ। ਇਨ੍ਹਾਂ ਪੰਚਾਇਤਾਂ ਵਿੱਚ ਫਤਿਹਾਬਾਦ ਜ਼ਿਲ੍ਹੇ ਦੇ ਪਿੰਡ ਜਾਂਡਲੀ ਕਲਾਂ ਦੀ ਗ੍ਰਾਮ ਪੰਚਾਇਤ ਨੂੰ 51 ਲੱਖ ਰੁਪਏ, ਚਰਖੀ ਦਾਦਰੀ ਦੇ ਪਿੰਡ ਝਿੰਝਰ ਦੀ ਪੰਚਾਇਤ ਨੂੰ 31 ਲੱਖ, ਅੰਬਾਲਾ ਦੇ ਸਾਹਾ ਦੀ ਪੰਚਾਇਤ ਨੂੰ 21 ਲੱਖ ਰੁਪਏ ਦੀ ਰਕਮ ਪ੍ਰਦਾਨ ਕੀਤੀ ਗਈ। ਇਸੇ ਤਰ੍ਹਾਂ ਦੂਜੀ ਸ਼੍ਰੇਣੀ ਵਿੱਚ ਫਤਿਹਾਬਾਦ ਜ਼ਿਲ੍ਹੇ ਦੇ ਪਿੰਡ ਜੱਲੋਪੁਰ ਦੀ ਪੰਚਾਇਤ ਨੂੰ 31 ਲੱਖ ਰੁਪਏ, ਪਿੰਡ ਗਦਲੀ ਨੂੰ 21 ਲੱਖ ਰੁਪਏ ਅਤੇ ਕਰਨਾਲ ਦੇ ਮਰਦਾਨਹੇੜੀ ਪਿੰਡ ਦੀ ਗ੍ਰਾਮ ਪੰਚਾਇਤ ਨੂੰ 11 ਲੱਖ ਰੁਪਏ ਦਾ ਪੁਰਸਕਾਰ ਦਿੱਤਾ ਗਿਆ। ਉਨ੍ਹਾਂ ਨੇ ਇਸ ਦੌਰਾਨ ਕੁਰੂਕਸ਼ੇਤਰ ਦੇ ਸੱਭਿਆਚਾਰਕ ਅਤੇ ਧਾਰਮਿਕ ਮਹੱਤਵ 'ਤੇ ਅਧਾਰਤ 'ਧਰਮਕਸ਼ੇਤਰ ਕੁਰੂਕਸ਼ੇਤਰ' ਪੁਸਤਕ ਦਾ ਵਿਮੋਚਨ ਵੀ ਕੀਤਾ।

## ਕੁਰੂਕਸ਼ੇਤਰ 'ਚ ਕੁਦਰਤੀ ਖੇਤੀ ਸ਼ੁਰੂ ਕਰੇਗੀ ਸਰਕਾਰ: ਨਾਇਬ ਸਿੰਘ ਸੈਣੀ



**ਚੰਡੀਗੜ੍ਹ, 9 ਜੂਨ**
**-ਪੱਤਰ ਪ੍ਰੇਰਕ-**

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਐਲਾਨ ਕੀਤਾ ਹੈ ਕਿ ਹਰਿਆਣਾ ਖੇਤੀਬਾੜੀ ਯੂਨੀਵਰਸਿਟੀ ਦੇ ਸਹਿਯੋਗ ਨਾਲ ਕੁਰੂਕਸ਼ੇਤਰ ਜ਼ਿਲ੍ਹੇ ਦੇ ਦੋ ਹਜ਼ਾਰ ਏਕੜ ਦੇ ਕਲੱਸਟਰ ਵਿੱਚ ਸਮਾਰਟ ਐਗਰੀਕਲਚਰ ਨਾਮਕ ਨਵੀਂ ਯੋਜਨਾ ਰਾਹੀਂ ਕੁਦਰਤੀ ਖੇਤੀ ਕੀਤੀ ਜਾਵੇਗੀ। ਇਸ ਵਿੱਚ ਅਤਿ-ਆਧੁਨਿਕ ਤਕਨਾਲੋਜੀਆਂ ਦੀ ਵਰਤੋਂ ਕੀਤੀ ਜਾਵੇਗੀ। ਇਸ ਖੇਤੀ ਤਹਿਤ ਜੇ ਕਿਸਾਨਾਂ ਦਾ ਕੋਈ ਨੁਕਸਾਨ ਹੁੰਦਾ ਹੈ ਤਾਂ ਹਰਿਆਣਾ ਸਰਕਾਰ ਉਸ ਦੀ ਭਰਪਾਈ ਕਰੇਗੀ। ਮੁੱਖ ਮੰਤਰੀ ਨੇ ਕਿਹਾ ਕਿ ਕੁਦਰਤੀ ਖੇਤੀ ਉਹੀ ਖੇਤੀ ਹੈ ਜੋ ਸਦੀਆਂ ਤੋਂ ਨਦੀਆਂ ਦੇ ਪਾਣੀ ਨਾਲ ਵਧੀ-ਫੁੱਲੀ ਹੈ। ਪਾਣੀ, ਜੰਗਲ ਅਤੇ ਜ਼ਮੀਨ ਜੀਵਨ ਦੇ ਥੰਮ੍ਹ ਹਨ। ਇਨ੍ਹਾਂ ਦੀ ਸੰਭਾਲ ਟਿਕਾਊ ਵਿਕਾਸ ਦੀ ਨੀਂਹ ਹੈ। ਮੁੱਖ ਮੰਤਰੀ ਬੀਤੀ ਦੇਰ ਸ਼ਾਮ ਕੁਰੂਕਸ਼ੇਤਰ ਯੂਨੀਵਰਸਿਟੀ ਵਿੱਚ ਖੇਤੀਬਾੜੀ ਕਿਸਾਨ ਭਲਾਈ ਵਿਭਾਗ ਵੱਲੋਂ ਕਰਵਾਏ ਪ੍ਰੋਗਰਾਮ ਨੂੰ ਸੰਬੋਧਨ ਕਰ ਰਹੇ ਸਨ। ਸ੍ਰੀ ਸੈਣੀ ਨੇ ਕਿਹਾ ਕਿ ਗੁਜਰਾਤ ਦੇ ਰਾਜਪਾਲ ਅਚਾਰੀਆ ਦੇਵਵਰਤ ਕੁਦਰਤੀ ਖੇਤੀ ਲਹਿਰ ਨੂੰ ਉਤਸ਼ਾਹਿਤ ਕਰਨ ਵਿੱਚ ਮਿਸਾਲੀ ਕੰਮ ਕਰ ਰਹੇ ਹਨ। ਉਨ੍ਹਾਂ ਕੋਲ ਖੇਤੀਬਾੜੀ ਦਾ ਵਿਆਪਕ ਤਜਰਬਾ ਹੈ। ਰਾਜਪਾਲ ਦੇ ਯਤਨਾਂ ਸਦਕਾ ਗੁਰੂਕੁੱਲ ਕੁਰੂਕਸ਼ੇਤਰ ਵਿੱਚ 180 ਏਕੜ ਜ਼ਮੀਨ 'ਤੇ ਸਥਾਪਿਤ ਕੁਦਰਤੀ ਖੇਤੀ ਫਾਰਮ ਹਰਿਆਣਾ ਦੇ ਕਿਸਾਨਾਂ ਲਈ ਕੁਦਰਤੀ ਖੇਤੀ ਦੀ ਵਿਲੱਖਣ ਉਦਾਹਰਨ ਹੈ। ਇਸ ਫਾਰਮ ਵਿੱਚ ਨਾ ਤਾਂ ਕੀਟਨਾਸ਼ਕਾਂ ਦੀ ਵਰਤੋਂ ਹੁੰਦੀ ਹੈ ਅਤੇ ਨਾ ਹੀ ਰਸਾਇਣਕ ਖਾਦਾਂ ਵਰਤੀਆਂ ਜਾਂਦੀਆਂ ਹਨ। ਮੋਰਨੀ ਬਲਾਕ ਨੂੰ ਕੁਦਰਤੀ ਤੇ ਜੈਵਿਕ ਬਲਾਕ ਵਜੋਂ ਵਿਕਸਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਸਾਰੀਆਂ ਫ਼ਸਲਾਂ ਨੂੰ ਘੱਟੋ-ਘੱਟ ਸਮਰਥਨ ਮੁੱਲ 'ਤੇ ਖ਼ਰੀਦਦੀ ਹੈ।

ਖੇਤੀਬਾੜੀ ਭਲਾਈ ਮੰਤਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਸਾਨਾਂ ਨੂੰ ਕੁਦਰਤੀ ਖੇਤੀ ਨਾਲ ਜੋੜਨ ਲਈ ਮੁਹਿੰਮ ਸ਼ੁਰੂ ਕੀਤੀ ਹੈ। ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਵਧੀਕ ਮੁੱਖ ਸਕੱਤਰ ਬਿਜੇਂਦਰ ਕੁਮਾਰ ਨੇ ਮਹਿਮਾਨਾਂ ਦਾ ਸਵਾਗਤ ਕੀਤਾ।

ਗੁਜਰਾਤ ਦੇ ਰਾਜਪਾਲ ਅਚਾਰੀਆ ਦੇਵਵ੍ਰਤ ਨੇ ਕਿਹਾ ਕਿ ਕਿਸਾਨ ਰਾਜਿਆਂ ਦਾ ਰਾਜਾ ਹੁੰਦਾ ਹੈ। ਕਿਸਾਨ ਦੀ ਦੌਲਤ ਉਸ ਦੀ ਮਿਹਨਤ, ਪਸੀਨੇ ਅਤੇ ਇਮਾਨਦਾਰੀ ਨਾਲ ਕਮਾਈ ਜਾਂਦੀ ਹੈ। ਉਨ੍ਹਾਂ ਕਿਹਾ ਕਿ ਕਰੀਬ 40 ਸਾਲ ਪਹਿਲਾਂ ਸਾਡੇ ਮੁਲਕ ਵਿੱਚ ਬਹੁਤ ਘੱਟ ਬਿਮਾਰੀਆਂ ਹੁੰਦੀਆਂ ਸਨ।

ਲੋਕ ਜ਼ਹਿਰ ਮੁਕਤ ਭੋਜਨ ਖਾਂਦੇ ਸਨ। ਹੁਣ ਖੇਤਾਂ ਵਿੱਚ ਵਰਤੇ ਜਾਣ ਵਾਲੇ ਰਸਾਇਣ ਫ਼ਸਲਾਂ ਵਿੱਚ ਰਲ ਗਏ ਹਨ। ਇਹ ਹਰ ਰੋਜ਼ ਫਲਾਂ, ਸਬਜ਼ੀਆਂ ਆਦਿ ਰਾਹੀਂ ਸਾਡੇ ਸਰੀਰ ਵਿੱਚ ਦਾਖ਼ਲ ਹੋ ਰਹੇ ਹਨ। ਪਸ਼ੂਆਂ ਦਾ ਦੁੱਧ ਵੀ ਜ਼ਹਿਰੀਲਾ ਹੋ ਰਿਹਾ ਹੈ। ਇਹ ਰਸਾਇਣ ਬਿਮਾਰੀਆਂ ਦਾ ਕਾਰਨ ਬਣ ਰਹੇ ਹਨ। ਇਸ ਤੋਂ ਰਾਹਤ ਲਈ ਕੁਦਰਤੀ ਖੇਤੀ ਅਪਣਾ ਕੇ ਜ਼ਹਿਰ ਮੁਕਤ ਭੋਜਨ ਖਾਣਾ ਸ਼ੁਰੂ ਕਰਨਾ ਹੋਵੇਗਾ।

## ਸਿਹਤ ਵਿਭਾਗ ਦੀ ਟੀਮ ਨੇ ਪਾਣੀ ਦੇ ਨਾਜਾਇਜ਼ ਕੁਨੈਕਸ਼ਨ ਕੱਟੇ

**ਨਾਰਾਇਨਗੜ੍ਹ, 9 ਜੂਨ**
**-ਪੱਤਰ ਪ੍ਰੇਰਕ-**

ਜਨ ਸਿਹਤ ਇੰਜਨੀਅਰਿੰਗ ਵਿਭਾਗ ਨੇ ਸ਼ਹਿਜ਼ਾਦਪੁਰ ਬਲਾਕ ਦੇ ਪਿੰਡ ਬੋੜ੍ਹਾਖੇੜਾ ਵਿੱਚ ਪਾਣੀ ਦੇ ਗ਼ੈਰਕਾਨੂੰਨੀ ਕੁਨੈਕਸ਼ਨਾਂ ਵਿਰੁੱਧ ਵਿਸ਼ੇਸ਼ ਮੁਹਿੰਮ ਚਲਾਈ। ਇਸ ਦਾ ਉਦੇਸ਼ ਪਾਣੀ ਦੀ ਸੰਭਾਲ ਕਰਨਾ ਅਤੇ ਸਾਰੇ ਖ਼ਪਤਕਾਰਾਂ ਲਈ ਪੀਣ ਵਾਲੇ ਪਾਣੀ ਦੀ ਬਰਾਬਰ ਪਹੁੰਚ ਯਕੀਨੀ ਬਣਾਉਣਾ ਹੈ। ਇਸ ਦੌਰਾਨ ਕਈ ਪਾਣੀ ਦੇ ਗ਼ੈਰਕਾਨੂੰਨੀ ਕੁਨੈਕਸ਼ਨ ਕੱਟ ਦਿੱਤੇ ਗਏ।

ਵਿਭਾਗ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਸ ਖੇਤਰ ਵਿੱਚ ਮੌਜੂਦਾ ਤੇਜ਼ ਗਰਮੀ ਕਾਰਨ, ਧਰਤੀ ਹੇਠਲੇ ਪਾਣੀ ਦਾ ਪੱਧਰ ਲਗਾਤਾਰ ਘਟ ਰਿਹਾ ਹੈ। ਇਸ ਨਾਲ ਕਈ ਖੇਤਰਾਂ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਪ੍ਰਭਾਵਿਤ ਹੋ ਰਹੀ ਹੈ। ਗ਼ੈਰਕਾਨੂੰਨੀ ਕੁਨੈਕਸ਼ਨ ਪਾਣੀ ਦੀ ਬੇਲੋੜੀ ਬਰਬਾਦੀ ਦਾ ਕਾਰਨ ਬਣ ਰਹੇ ਹਨ ਜਿਸ ਨਾਲ ਆਮ ਖ਼ਪਤਕਾਰਾਂ ਨੂੰ ਲੋੜੀਂਦਾ ਪਾਣੀ ਨਹੀਂ ਮਿਲ ਰਿਹਾ ਹੈ। ਇਸ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਭਾਗ ਨੇ ਇਹ ਕਾਰਵਾਈ ਕੀਤੀ।

ਕਾਰਜਕਾਰੀ ਇੰਜਨੀਅਰ ਅਨਿਲ ਚੌਹਾਨ ਨੇ ਕਿਹਾ ਕਿ ਪਾਣੀ ਕੀਮਤੀ ਕੁਦਰਤੀ ਸਰੋਤ ਹੈ। ਇਸ ਦੀ ਹਰ ਬੂੰਦ ਬਚਾਉਣਾ ਸਾਡੀ ਸਭ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਜਨਤਾ ਨੂੰ ਅਪੀਲ ਕੀਤੀ ਕਿ ਉਹ ਪਾਣੀ ਦੀ ਸਮਝਦਾਰੀ ਨਾਲ ਵਰਤੋਂ ਕਰਨ। ਇਸ ਮੌਕੇ ਐੱਸ ਡੀ ਓ ਅੰਕੁਸ਼ ਸਹਿਗਲ, ਜੇ ਈ ਨਰ ਸਿੰਘ ਅਤੇ ਬੀ ਆਰ ਸੀ ਇਕਬਾਲ ਮੁਹੰਮਦ ਮੌਜੂਦ ਸਨ। ਅਧਿਕਾਰੀਆਂ ਨੇ ਪਿੰਡ ਵਾਸੀਆਂ ਨੂੰ ਪਾਣੀ ਦੀ ਸੰਭਾਲ, ਮੀਂਹ ਦੇ ਪਾਣੀ ਦੀ ਸੰਭਾਲ ਨੂੰ ਉਤਸ਼ਾਹਿਤ ਕਰਨ, ਪਾਣੀ ਦੀ ਬਰਬਾਦੀ ਨੂੰ ਰੋਕਣ ਅਤੇ ਪਾਣੀ ਦੇ ਸਰੋਤਾਂ ਦੀ ਸੰਭਾਲ ਬਾਰੇ ਜਾਗਰੂਕ ਕੀਤਾ। ਐੱਸ ਡੀ ਓ ਅੰਕੁਸ਼ ਸਹਿਗਲ ਨੇ ਕਿਹਾ ਕਿ ਪਾਣੀ ਦੇ ਗ਼ੈਰਕਾਨੂੰਨੀ ਕੁਨੈਕਸ਼ਨ ਸਪਲਾਈ ਪ੍ਰਣਾਲੀ ਵਿੱਚ ਵਿਘਨ ਪਾਉਂਦੇ ਹਨ ਜਿਸ ਨਾਲ ਪਾਣੀ ਦੀ ਲੋੜ ਅਨੁਸਾਰ ਪਾਣੀ ਨਹੀਂ ਪਹੁੰਚਦਾ। ਅਜਿਹੇ ਕੁਨੈਕਸ਼ਨ ਨਾ ਸਿਰਫ਼ ਵਿਭਾਗ ਨੂੰ ਵਿੱਤੀ ਨੁਕਸਾਨ ਪਹੁੰਚਾਉਂਦੇ ਹਨ ਬਲਕਿ ਪਾਣੀ ਦੀ ਸੰਭਾਲ ਦੇ ਯਤਨਾਂ ਵਿੱਚ ਵੀ ਰੁਕਾਵਟ ਪਾਉਂਦੇ ਹਨ। ਭਵਿੱਖ ਵਿੱਚ ਵੀ ਅਜਿਹੇ ਕੁਨੈਕਸ਼ਨਾਂ ਦੀ ਪਛਾਣ ਕਰ ਕੇ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ।

ਜੇ ਈ ਨਰ ਸਿੰਘ ਨੇ ਪਿੰਡ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਾਰੇ ਖ਼ਪਤਕਾਰਾਂ ਨੂੰ ਆਪਣੇ ਪੀਣ ਵਾਲੇ ਪਾਣੀ ਦੇ ਕੁਨੈਕਸ਼ਨ ਨਿਯਮਤ ਕਰਨੇ ਚਾਹੀਦੇ ਹਨ।

ਪੀਣ ਵਾਲੇ ਪਾਣੀ ਦੀ ਵਰਤੋਂ ਸਿਰਫ਼ ਘਰੇਲੂ ਜ਼ਰੂਰਤਾਂ ਲਈ ਕਰਨੀ ਚਾਹੀਦੀ ਹੈ।
ਪੀਣ ਵਾਲੇ ਪਾਣੀ ਦੀ ਵਰਤੋਂ ਵਾਹਨਾਂ ਨੂੰ ਧੋਣ, ਬਾਗ਼ਾਂ ਦੀ ਸਿੰਜਾਈ ਕਰਨ ਜਾਂ ਹੋਰ ਗ਼ੈਰ-ਘਰੇਲੂ ਉਦੇਸ਼ਾਂ ਲਈ ਨਹੀਂ ਕਰਨੀ ਚਾਹੀਦੀ।

ਵਿਭਾਗ ਨੇ ਸਪੱਸ਼ਟ ਕੀਤਾ ਕਿ ਗ਼ੈਰਕਾਨੂੰਨੀ ਕੁਨੈਕਸ਼ਨਾਂ ਵਾਲੇ ਖ਼ਪਤਕਾਰਾਂ ਵਿਰੁੱਧ ਵਿਭਾਗੀ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

## ਟੋਹਾਨਾ 'ਚ ਵੋਟਰ ਸੂਚੀ ਦੀ ਸੁਧਾਈ ਲਈ ਮੁਹਿੰਮ ਸ਼ੁਰੂ

ਟੋਹਾਨਾ, 9 ਜੂਨ (ਸੰਜੀਵ ਸ਼ਰਮਾ): ਟੋਹਾਨਾ ਦੇ ਉਪਮੰਡਲ ਮੈਜਿਸਟ੍ਰੇਟ ਆਕਾਸ਼ ਸ਼ਰਮਾ ਵੱਲੋਂ ਮੰਗਲਵਾਰ ਨੂੰ ਇੱਕ ਵਿਸ਼ੇਸ਼ ਪ੍ਰੈਸ ਕਾਨਫਰੰਸ ਕੀਤੀ ਗਈ, ਜਿਸ ਵਿੱਚ ਉਨ੍ਹਾਂ ਨੇ ਵੋਟਰ ਸੂਚੀ ਦੀ ਸੁਧਾਈ ਸਬੰਧੀ ਚਲਾਈ ਜਾ ਰਹੀ ਮੁਹਿੰਮ ਬਾਰੇ ਅਹਿਮ ਜਾਣਕਾਰੀਆਂ ਸਾਂਝੀਆਂ ਕੀਤੀਆਂ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀ ਨੂੰ ਵਧੇਰੇ ਸਹੀ ਅਤੇ ਅਪਡੇਟ ਕਰਨ ਲਈ ਪ੍ਰਸ਼ਾਸਨ ਵੱਲੋਂ ਇੱਕ ਵਿਸ਼ੇਸ਼ ਯੋਜਨਾ ਤਿਆਰ ਕੀਤੀ ਗਈ ਹੈ, ਜਿਸ ਤਹਿਤ ਬੂਥ ਲੈਵਲ ਅਫ਼ਸਰ (2*®) ਹੁਣ ਘਰ-ਘਰ ਜਾ ਕੇ ਨਾਗਰਿਕਾਂ ਨਾਲ ਸਿੱਧਾ ਸੰਪਰਕ ਕਰਨਗੇ।

ਦਸਤਾਵੇਜ਼ਾਂ ਦੀ ਲੋੜ ਨਹੀਂ, ਸਹਿਯੋਗ ਦੀ ਅਪੀਲ

ਪ੍ਰੈਸ ਕਾਨਫਰੰਸ ਦੌਰਾਨ ਸਥਿਤੀ ਸਪੱਸ਼ਟ ਕਰਦਿਆਂ SDM ਆਕਾਸ਼ ਸ਼ਰਮਾ ਨੇ ਦੱਸਿਆ ਕਿ ਇਸ ਸਰਵੇਖਣ ਦੌਰਾਨ ਬੀ.ਐਲ.ਓ. (2*®) ਵੱਲੋਂ ਫਿਲਹਾਲ ਕੇਵਲ ਨਾਗਰਿਕਾਂ ਦੀ ਫੋਟੋ ਅਤੇ ਨਿਰਧਾਰਿਤ ਫਾਰਮ ਹੀ ਇਕੱਠੇ ਕੀਤੇ ਜਾਣਗੇ। ਉਨ੍ਹਾਂ ਕਿਹਾ: ÷ਇਸ ਪੜਾਅ 'ਤੇ ਆਮ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੇ ਸਰਕਾਰੀ ਦਸਤਾਵੇਜ਼ (Documents) ਜਮ੍ਹਾਂ ਕਰਵਾਉਣ ਦੀ ਕੋਈ ਲੋੜ ਨਹੀਂ ਹੈ। ਮੈਂ ਸਮੂਹ ਹਲਕਾ ਨਿਵਾਸੀਆਂ ਨੂੰ ਅਪੀਲ ਕਰਦਾ ਹਾਂ ਕਿ ਜਦੋਂ ਵੀ ਬੀ.ਐਲ.ਓ. ਤੁਹਾਡੇ ਘਰ ਆਉਣ, ਤਾਂ ਉਨ੍ਹਾਂ ਨੂੰ ਪੂਰਾ ਸਹਿਯੋਗ ਦਿੱਤਾ ਜਾਵੇ ਅਤੇ ਸਹੀ ਜਾਣਕਾਰੀ ਮੁਹੱਈਆ ਕਰਵਾਈ ਜਾਵੇ, ਤਾਂ ਜੋ ਵੋਟਰ ਸੂਚੀ ਨੂੰ ਬਿਨਾਂ ਕਿਸੇ ਗਲਤੀ ਦੇ ਪਾਰਦਰਸ਼ੀ ਅਤੇ ਸੁਚੱਜੇ ਢੰਗ ਨਾਲ ਤਿਆਰ ਕੀਤਾ ਜਾ ਸਕੇ।÷

ਸ਼ੰਕਾ ਦੂਰ ਕਰਨ ਲਈ ਪ੍ਰਸ਼ਾਸਨ ਨਾਲ ਕਰੋ ਸੰਪਰਕ

SDM ਨੇ ਅੱਗੇ ਕਿਹਾ ਕਿ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਇਸ ਪੂਰੀ ਮੁਹਿੰਮ ਨੂੰ ਬੇਹੱਦ ਪਾਰਦਰਸ਼ੀ ਅਤੇ ਯੋਜਨਾਬੱਧ ਤਰੀਕੇ ਨਾਲ ਚਲਾਇਆ ਜਾ ਰਿਹਾ ਹੈ।

